# ਯੂਹੰਨਾ ਦੀ ਇੰਜੀਲ

### ਯਿਸੂ ਦਾ ਸੰਸਾਰ ਵਿੱਚ ਆਉਣਾ

**1** 1ਸੰਸਾਰ ਦੇ ਆਦਿ ਤੋਂ ਪਹਿਲਾਂ ਸ਼ਬਦ[a] ਸੀ। ਸ਼ਬਦ ਪਰਮੇਸ਼ੁਰ
ਦੇ ਸੰਗ ਸੀ। ਅਤੇ ਸ਼ਬਦ ਪਰਮੇਸ਼ੁਰ ਸੀ। 2ਉਹ ਆਦਿ ਵਿੱਚ
ਪਰਮੇਸ਼ੁਰ ਦੇ ਸੰਗ ਸੀ। 3ਸਭ ਕੁਝ ਉਸ ਦੇ ਰਾਹੀਂ ਸਾਜਿਆ ਗਿਆ
ਸੀ। ਉਸ ਤੋਂ ਬਿਨਾ ਕੁਝ ਵੀ ਨਹੀਂ ਸੀ ਰਚਿਆ ਗਿਆ। 4ਉਸ
ਵਿੱਚ ਜੀਵਨ ਸੀ। ਉਹ ਜੀਵਨ ਸੰਸਾਰ ਦੇ ਲੋਕਾਂ ਵਾਸਤੇ ਚਾਨਣ
ਸੀ। 5ਉਹ ਚਾਨਣ ਹਨੇਰੇ ਵਿੱਚ ਚਮਕਦਾ ਹੈ ਤੇ ਹਨੇਰੇ ਨੇ ਕਦੇ ਵੀ
ਇਸ ਨੂੰ ਨਹੀਂ ਬੁਝਾਇਆ।

6ਇੱਕ ਆਦਮੀ ਸੀ ਜਿਸ ਦਾ ਨਾਮ ਯੂਹੰਨਾ ਸੀ ਉਸ ਨੂੰ ਪਰਮੇਸ਼ੁਰ
ਵੱਲੋਂ ਭੇਜਿਆ ਗਿਆ ਸੀ। 7ਯੂਹੰਨਾ ਲੋਕਾਂ ਨੂੰ ਚਾਨਣ ਬਾਰੇ ਗਵਾਹੀ
ਦੇਣ ਆਇਆ, ਤਾਂ ਜੋ ਯੂਹੰਨਾ ਰਾਹੀਂ ਸਾਰੇ ਲੋਕ ਚਾਨਣ ਤੇ ਵਿਸ਼ਵਾਸ
ਕਰ ਸਕਣ। 8ਯੂਹੰਨਾ ਆਪ ਤਾਂ ਚਾਨਣ ਨਹੀਂ ਸੀ। ਪਰ ਯੂਹੰਨਾ
ਲੋਕਾਂ ਨੂੰ ਚਾਨਣ ਬਾਰੇ ਸਾਖੀ ਦੇਣ ਲਈ ਆਇਆ ਸੀ। 9ਅਸਲ
ਚਾਨਣ ਦੁਨੀਆ ਵਿੱਚ ਆਉਣ ਵਾਲਾ ਸੀ। ਇਹ ਅਸਲ ਚਾਨਣ ਜੋ
ਸਾਰੇ ਮਨੁੱਖਾਂ ਨੂੰ ਉਜਾਲਾ ਦਿੰਦਾ ਹੈ।

10ਸ਼ਬਦ ਪਹਿਲਾਂ ਤੋਂ ਹੀ ਸੰਸਾਰ ਵਿੱਚ ਸੀ ਅਤੇ ਉਸ ਰਾਹੀਂ ਸੰਸਾਰ
ਰਚਿਆ ਗਿਆ ਸੀ, ਪਰ ਸੰਸਾਰ ਨੇ ਉਸ ਨੂੰ ਨਹੀਂ ਪਛਾਣਿਆ।
11ਉਹ ਆਪਣੇ ਘਰ ਵਿੱਚ ਆਇਆ ਸੀ, ਪਰ ਉਸ ਦੇ ਆਪਣੇ
ਹੀ ਲੋਕਾਂ ਨੇ ਉਸ ਨੂੰ ਕਬੂਲ ਨਾ ਕੀਤਾ। 12ਕੁਝ ਲੋਕਾਂ ਨੇ ਉਸ ਨੂੰ
ਕਬੂਲ ਕੀਤਾ ਅਤੇ ਉਸ ਉੱਤੇ ਵਿਸ਼ਵਾਸ ਕੀਤਾ, ਅਤੇ ਉਸ ਨੇ ਉਨ੍ਹਾਂ
ਨੂੰ ਪਰਮੇਸ਼ੁਰ ਦੇ ਬੱਚੇ ਹੋਣ ਦਾ ਹੱਕ ਦਿੱਤਾ। 13ਨਾ ਹੀ ਉਹ ਮਨੁੱਖਾਂ ਤੋਂ
ਕੁਦਰਤੀ ਤਰੀਕੇ ਨਾਲ, ਨਾ ਹੀ ਸਰੀਰਕ ਇੱਛਾ ਨਾਲ, ਅਤੇ ਨਾ ਹੀ
ਉਨ੍ਹਾਂ ਦੇ ਮਾਪਿਆਂ ਦੀ ਯੋਜਨਾ ਨਾਲ ਜਨਮੇ ਸਨ। ਉਹ ਪਰਮੇਸ਼ੁਰ
ਤੋਂ ਜਨਮੇ ਸਨ।

14ਸ਼ਬਦ ਮਨੁੱਖ ਬਣ ਗਿਆ ਅਤੇ ਸਾਡੇ ਵਿੱਚ ਰਿਹਾ। ਅਸੀਂ
ਉਸ ਦੀ ਮਹਿਮਾ ਦੇਖੀ। ਉਹ ਮਹਿਮਾ ਜੋ ਪਿਤਾ ਦੇ ਅਦੁੱਤੀ ਪੁੱਤਰ
ਨਾਲ ਸੰਬੰਧਤ ਹੈ। ਇਹ ਸ਼ਬਦ ਕਿਰਪਾ ਅਤੇ ਸੱਚਾਈ ਨਾਲ ਭਰਪੂਰ
ਸੀ। 15ਯੂਹੰਨਾ ਨੇ ਲੋਕਾਂ ਨੂੰ ਉਸ ਦੇ ਬਾਰੇ ਦੱਸਿਆ ਅਤੇ ਆਖਿਆ,
“ਇਹੀ ਉਹ ਹੈ ਜਿਸ ਬਾਰੇ ਮੈਂ ਦੱਸ ਰਿਹਾ ਸੀ। ਮੈਂ ਤੁਹਾਨੂੰ ਦੱਸਿਆ
ਸੀ ਕਿ ਉਹ, ‘ਜਿਹੜਾ ਮੇਰੇ ਬਾਅਦ ਆਵੇਗਾ, ਉਹ ਮੈਥੋਂ ਵੀ ਮਹਾਨ
ਹੈ। ਉਹ ਮੈਥੋਂ ਵੀ ਪਹਿਲਾਂ ਤੋਂ ਕਾਇਮ ਸੀ।’ ”

16ਉਹ ਸ਼ਬਦ ਕਿਰਪਾ ਅਤੇ ਸੱਚਾਈ ਨਾਲ ਭਰਪੂਰ ਸੀ। ਅਸੀਂ
ਉਸ ਤੋਂ ਵੱਧ ਤੋਂ ਵੱਧ ਅਸੀਸਾਂ ਪ੍ਰਾਪਤ ਕੀਤੀਆਂ। 17ਸ਼ਰਾ ਮੂਸਾ
ਰਾਹੀਂ ਦਿੱਤੀ ਗਈ ਸੀ ਪਰ ਕਿਰਪਾ ਅਤੇ ਸੱਚਾਈ ਯਿਸੂ ਮਸੀਹ
ਰਾਹੀਂ ਆਈ। 18ਕਿਸੇ ਨੇ ਪਰਮੇਸ਼ੁਰ ਨੂੰ ਕਦੇ ਨਹੀਂ ਵੇਖਿਆ, ਪਰ
ਅਦੁੱਤੀ ਪੁੱਤਰ, ਜੋ ਪਰਮੇਸ਼ੁਰ ਦੇ ਸੱਜੇ ਪਾਸੇ ਹੈ, ਆਪ ਪਰਮੇਸ਼ੁਰ ਹੈ
ਅਤੇ ਉਸੇ ਨੇ ਹੀ ਉਸ ਨੂੰ ਪਰਗਟ ਕੀਤਾ ਹੈ।

[a] ***1:1 ਸ਼ਬਦ*** ਇੱਥੇ ਇਸਦਾ ਅਰਥ ਮਸੀਹ ਹੈ।

### ਯੂਹੰਨਾ ਲੋਕਾਂ ਨੂੰ ਯਿਸੂ ਬਾਰੇ ਕਹਿੰਦਾ ਹੈ

*(ਮੱਤੀ 3:1–12; ਮਰਕੁਸ 1:1–8; ਲੂਕਾ 3:1–9, 15–17)*

19ਯਰੂਸ਼ਲਮ ਦੇ ਯਹੂਦੀਆਂ ਨੇ ਕੁਝ ਜਾਜਕਾਂ ਤੇ ਲੇਵੀਆਂ ਨੂੰ ਯੂਹੰਨਾ
ਕੋਲ ਭੇਜਿਆ। ਯਹੂਦੀਆਂ ਨੇ ਉਨ੍ਹਾਂ ਨੂੰ ਇਹ ਪੁੱਛਣ ਲਈ ਭੇਜਿਆ,
“ਤੂੰ ਕੌਣ ਹੈਂ?” 20ਯੂਹੰਨਾ ਖੁੱਲ੍ਹ ਕੇ ਬੋਲਿਆ ਤੇ ਉਸ ਨੇ ਉੱਤਰ ਦੇਣ
ਤੋਂ ਇਨਕਾਰ ਨਾ ਕੀਤਾ। ਉਸ ਨੇ ਸਾਫ਼-ਸਾਫ਼ ਆਖਿਆ, “ਮੈਂ ਮਸੀਹ
ਨਹੀਂ ਹਾਂ।”

21ਯਹੂਦੀਆਂ ਨੇ ਯੂਹੰਨਾ ਨੂੰ ਪੁੱਛਿਆ, “ਫਿਰ ਤੂੰ ਕੌਣ ਹੈਂ? ਕੀ ਤੂੰ
ਏਲੀਯਾਹ ਹੈਂ?”

ਯੂਹੰਨਾ ਨੇ ਜਵਾਬ ਦਿੱਤਾ, “ਨਹੀਂ, ਮੈਂ ਏਲੀਯਾਹ ਨਹੀਂ ਹਾਂ।”

ਯਹੂਦੀਆਂ ਨੇ ਪੁੱਛਿਆ, “ਕੀ ਤੂੰ ਨਬੀ ਹੈਂ?”

ਯੂਹੰਨਾ ਨੇ ਜਵਾਬ ਦਿੱਤਾ, “ਨਹੀਂ, ਮੈਂ ਨਬੀ ਨਹੀਂ ਹਾਂ।”

22ਤਾਂ ਯਹੂਦੀਆਂ ਨੇ ਪੁੱਛਿਆ, “ਫਿਰ ਤੂੰ ਕੌਣ ਹੈਂ? ਸਾਨੂੰ ਆਪਣੇ
ਬਾਰੇ ਦੱਸ। ਸਾਨੂੰ ਜਵਾਬ ਦੇ ਤਾਂਕਿ ਅਸੀਂ ਉਨ੍ਹਾਂ ਨੂੰ ਦੱਸ ਸਕੀਏ
ਜਿਨ੍ਹਾਂ ਨੇ ਸਾਨੂੰ ਭੇਜਿਆ ਹੈ। ਤੂੰ ਆਪਣੇ ਬਾਰੇ ਕੀ ਆਖਦਾ ਹੈਂ?”

23ਯੂਹੰਨਾ ਨੇ ਉਨ੍ਹਾਂ ਨੂੰ ਨਬੀ ਯਸਾਯਾਹ ਦੇ ਸ਼ਬਦ ਆਖੇ:

> “ਮੈਂ ਉਜਾੜ ਵਿੱਚ ਹੋਕਾ ਦੇਣ ਵਾਲੇ ਦੀ ਅਵਾਜ਼ ਹਾਂ: ‘ਪ੍ਰਭੂ
> ਲਈ ਸਿੱਧਾ ਰਾਹ ਤਿਆਰ ਕਰੋ।’ ” *ਯਸਾਯਾਹ 40:3*

24ਇਹ ਯਹੂਦੀ ਫ਼ਰੀਸੀਆਂ ਵੱਲੋਂ ਭੇਜੇ ਹੋਏ ਸਨ। 25ਉਨ੍ਹਾਂ ਨੇ
ਉਸ ਨੂੰ ਪੁੱਛਿਆ, “ਤੂੰ ਆਖਦਾ ਹੈਂ ਕਿ ਤੂੰ ਮਸੀਹ ਨਹੀਂ ਹੈਂ। ਤੂੰ
ਆਖਦਾ ਹੈਂ ਕਿ ਤੂੰ ਏਲੀਯਾਹ ਨਹੀਂ ਹੈ ਅਤੇ ਨਾ ਹੀ ਨਬੀ। ਫਿਰ ਤੂੰ
ਲੋਕਾਂ ਨੂੰ ਬਪਤਿਸਮਾ ਕਿਉਂ ਦਿੰਦਾ ਹੈਂ?”

26ਯੂਹੰਨਾ ਨੇ ਉੱਤਰ ਦਿੱਤਾ, “ਮੈਂ ਲੋਕਾਂ ਨੂੰ ਜਲ ਨਾਲ ਬਪਤਿਸਮਾ
ਦਿੰਦਾ ਹਾਂ ਪਰ ਕੋਈ ਹੈ ਜੋ ਤੁਹਾਡੇ ਵਿੱਚ ਖੜ੍ਹਾ ਹੁੰਦਾ ਹੈ ਜਿਸ ਨੂੰ ਤੁਸੀਂ
ਨਹੀ ਪਛਾਣਦੇ। 27ਉਹ ਉਹੀ ਹੈ ਜੋ ਮੇਰੇ ਮਗਰੋਂ ਆਵੇਗਾ। ਮੈਂ ਉਸ
ਦੀ ਜੁੱਤੀ ਦੇ ਤਸਮੇ ਖੋਲ੍ਹਣ ਦੇ ਵੀ ਯੋਗ ਨਹੀਂ ਹਾਂ।”

28ਇਹ ਸਭ ਗੱਲਾਂ ਬੈਤਅਨੀਆਂ ਵਿੱਚ ਯਰਦਨ ਦਰਿਆ ਦੇ ਪਾਰ
ਹੋਈਆਂ। ਉੱਥੇ ਯੂਹੰਨਾ ਲੋਕਾਂ ਨੂੰ ਬਪਤਿਸਮਾ ਦਿੰਦਾ ਸੀ।

### ਯਿਸੂ ਪਰਮੇਸ਼ੁਰ ਦਾ ਲੇਲਾ

29ਅਗਲੇ ਦਿਨ ਯੂਹੰਨਾ ਨੇ ਯਿਸੂ ਨੂੰ ਆਪਣੇ ਵੱਲ ਆਉਂਦਿਆਂ
ਦੇਖਿਆ। ਯੂਹੰਨਾ ਨੇ ਆਖਿਆ, “ਦੇਖੋ, ਪਰਮੇਸ਼ੁਰ ਦਾ ਲੇਲਾ, ਉਹ
ਸੰਸਾਰ ਦੇ ਪਾਪ ਚੁੱਕ ਕੇ ਲੈ ਜਾਂਦਾ ਹੈ। 30ਮੈਂ ਉਸ ਬਾਰੇ ਹੀ ਗੱਲ ਕਰ
ਰਿਹਾ ਸਾਂ ਜਦੋਂ ਮੈਂ ਆਖਿਆ ਸੀ ‘ਇੱਕ ਮਨੁੱਖ ਮੇਰੇ ਬਾਅਦ ਆਵੇਗਾ
ਜੋ ਮੈਥੋਂ ਵੀ ਮਹਾਨ ਹੈ, ਕਿਉਂਕਿ ਉਹ ਮੈਥੋਂ ਵੀ ਪਹਿਲਾਂ ਮੌਜੂਦ ਸੀ।’
31ਮੈਂ ਵੀ ਨਹੀਂ ਜਾਣਦਾ ਸਾਂ ਉਹ ਕੌਣ ਸੀ। ਪਰ

ਮੈਂ ਲੋਕਾਂ ਨੂੰ ਜਲ ਨਾਲ ਬਪਤਿਸਮਾ ਦੇਣ ਲਈ ਆਇਆ ਹਾਂ ਤਾਂ ਜੋ
ਇਸਰਾਏਲ ਉਸ ਬਾਰੇ ਜਾਣ ਸਕੇ।"
32-34ਫਿਰ ਯੂਹੰਨਾ ਨੇ ਆਖਿਆ, "ਮੈਂ ਵੀ ਨਹੀਂ ਜਾਣਦਾ ਸਾਂ
ਕਿ ਮਸੀਹ ਕੌਣ ਸੀ, ਪਰ ਮੈਨੂੰ ਪਰਮੇਸ਼ੁਰ ਨੇ ਭੇਜਿਆ ਕਿ ਮੈਂ ਲੋਕਾਂ
ਨੂੰ ਜਲ ਨਾਲ ਬਪਤਿਸਮਾ ਦੇਵਾਂ ਤੇ ਪਰਮੇਸ਼ੁਰ ਨੇ ਮੈਨੂੰ ਦੱਸਿਆ,
'ਤੂੰ ਆਤਮਾ ਨੂੰ ਸਵਰਗ ਤੋਂ ਉੱਤਰਦਿਆਂ ਅਤੇ ਇੱਕ ਮਨੁੱਖ ਉੱਤੇ
ਠਹਿਰਦਾ ਵੇਖੇਂਗਾ ਤੇ ਉਹ ਪਵਿੱਤਰ ਆਤਮਾ ਨਾਲ ਲੋਕਾਂ ਨੂੰ
ਬਪਤਿਸਮਾ ਦੇਵੇਗਾ।' ਮੈਂ ਇਹ ਸਭ ਹੁੰਦਿਆਂ ਵੇਖਿਆ ਹੈ। ਇਸ
ਲਈ ਮੈਂ ਗਵਾਹੀ ਦਿੰਦਾ ਹਾਂ ਕਿ 'ਉਹੀ ਪਰਮੇਸ਼ੁਰ ਦਾ ਪੁੱਤਰ ਹੈ।'"

## ਯਿਸੂ ਦੇ ਪਹਿਲੇ ਚੇਲੇ

35ਅਗਲੇ ਦਿਨ ਯੂਹੰਨਾ ਫੇਰ ਉੱਥੇ ਹੀ ਖੜ੍ਹਾ ਸੀ। ਯੂਹੰਨਾ ਦੇ ਨਾਲ
ਉਸ ਦੇ ਦੋ ਚੇਲੇ ਸਨ। 36ਯੂਹੰਨਾ ਨੇ ਯਿਸੂ ਨੂੰ ਤੁਰਿਆ ਜਾਂਦਾ ਵੇਖ
ਕੇ ਆਖਿਆ, "ਦੇਖੋ! ਪਰਮੇਸ਼ੁਰ ਦਾ ਲੇਲਾ!"
37ਉਨ੍ਹਾਂ ਦੋਹਾਂ ਚੇਲਿਆਂ ਨੇ ਜੋ ਯੂਹੰਨਾ ਆਖ ਰਿਹਾ ਸੀ, ਸੁਣਿਆ
ਅਤੇ ਉਨ੍ਹਾਂ ਨੇ ਯਿਸੂ ਦਾ ਪਿੱਛਾ ਕੀਤਾ। 38ਯਿਸੂ ਨੇ ਉਨ੍ਹਾਂ ਨੂੰ ਮਗਰ
ਆਉਂਦਿਆ ਵੇਖਿਆ ਅਤੇ ਮੁੜ ਕੇ ਆਖਿਆ, "ਤੁਸੀਂ ਕੀ ਚਾਹੁੰਦੇ
ਹੋ?"
ਉਨ੍ਹਾਂ ਦੋਹਾਂ ਨੇ ਆਖਿਆ, "ਹੇ ਰੱਬੀ, ਤੁਸੀਂ ਕਿੱਥੇ ਠਹਿਰੇ ਹੋ?"
("ਰੱਬੀ" ਦਾ ਅਰਥ ਹੈ "ਗੁਰੂ।")
39ਯਿਸੂ ਨੇ ਉੱਤਰ ਦਿੱਤਾ, "ਆਓ ਅਤੇ ਦੇਖੋ।" ਸੋ ਉਹ ਦੋਵੇਂ
ਯਿਸੂ ਦੇ ਨਾਲ ਗਏ। ਉਨ੍ਹਾਂ ਨੇ ਉਹ ਥਾਂ ਦੇਖੀ ਜਿੱਥੇ ਯਿਸੂ ਰਹਿ ਰਿਹਾ
ਸੀ। ਉਸ ਦਿਨ ਉਹ ਉੱਥੇ ਯਿਸੂ ਦੇ ਨਾਲ ਹੀ ਰਹੇ। ਇਹ ਚਾਰ ਕੁ
ਵਜੇ ਦਾ ਸਮਾਂ ਸੀ।
40ਇਨ੍ਹਾਂ ਦੋਹਾਂ ਬੰਦਿਆਂ ਨੇ ਯਿਸੂ ਬਾਰੇ ਯੂਹੰਨਾ ਕੋਲੋਂ ਸੁਣਨ ਤੋਂ
ਬਾਅਦ ਯਿਸੂ ਦਾ ਪਿੱਛਾ ਕੀਤਾ। ਇਨ੍ਹਾਂ ਦੋਹਾਂ ਆਦਮੀਆਂ ਵਿੱਚੋਂ ਇੱਕ
ਦਾ ਨਾਂ ਅੰਦ੍ਰਿਯਾਸ ਸੀ। ਅੰਦ੍ਰਿਯਾਸ ਸ਼ਮਊਨ ਪਤਰਸ ਦਾ ਭਰਾ
ਸੀ। 41ਪਹਿਲਾਂ ਅੰਦ੍ਰਿਯਾਸ ਨੇ ਆਪਣੇ ਭਰਾ ਸ਼ਮਊਨ ਨੂੰ ਲੱਭਿਆ
ਤੇ ਫਿਰ ਉਸ ਨੇ ਆਖਿਆ, "ਅਸੀਂ ਮਸੀਹ ਨੂੰ ਲੱਭ ਲਿਆ ਹੈ।"
("ਮਸੀਹ" ਦਾ ਅਰਥ ਹੈ "ਮਸਹ ਕੀਤਾ ਹੋਇਆ।")
42ਅੰਦ੍ਰਿਯਾਸ ਸ਼ਮਊਨ ਨੂੰ ਯਿਸੂ ਕੋਲ ਲੈ ਆਇਆ। ਯਿਸੂ ਨੇ
ਸ਼ਮਊਨ ਨੂੰ ਵੇਖਿਆ ਤੇ ਆਖਿਆ "ਤੂੰ ਯੂਹੰਨਾ ਦਾ ਪੁੱਤਰ ਸ਼ਮਊਨ
ਹੈਂ, ਤੂੰ ਕੇਫ਼ਾਸ ਸਦਾਵੇਂਗਾ।" ("ਕੇਫ਼ਾਸ" ਦਾ ਭਾਵ ਹੈ "ਪਤਰਸ।")
43ਅਗਲੇ ਦਿਨ ਯਿਸੂ ਨੇ ਚਾਹਿਆ ਕਿ ਉਹ ਗਲੀਲ ਨੂੰ ਜਾਵੇ।
ਉਸ ਨੇ ਫ਼ਿਲਿੱਪੁਸ ਨੂੰ ਲੱਭਿਆ ਤੇ ਉਸ ਨੂੰ ਆਖਿਆ, "ਮੇਰਾ ਪਿੱਛੇ
ਆ।" 44ਫ਼ਿਲਿੱਪੁਸ ਬੈਤਸੈਦੇ ਦਾ ਸੀ। ਉੱਥੋਂ ਦੇ ਹੀ ਅੰਦ੍ਰਿਯਾਸ ਤੇ
ਪਤਰਸ ਸਨ। 45ਫ਼ਿਲਿੱਪੁਸ ਨੇ ਨਥਾਨਿਏਲ ਨੂੰ ਲੱਭਿਆ ਤੇ ਉਸ ਨੂੰ
ਆਖਿਆ, "ਯਾਦ ਕਰ ਮੂਸਾ ਨੇ ਸ਼ਰਾ ਵਿੱਚ ਜੋ ਲਿਖਿਆ ਹੈ। ਮੂਸਾ
ਨੇ ਇੱਕ ਮਨੁੱਖ ਦੀ ਆਮਦ ਬਾਰੇ ਲਿਖਿਆ ਹੈ। ਨਬੀਆਂ ਨੇ ਵੀ ਉਸ
ਬਾਰੇ ਲਿਖਿਆ ਹੈ। ਅਸੀਂ ਉਸ ਨੂੰ ਲੱਭ ਲਿਆ ਹੈ। ਉਸ ਦਾ ਨਾਮ
ਯਿਸੂ ਹੈ। ਉਹ ਯੂਸੁਫ਼ ਦਾ ਪੁੱਤਰ ਹੈ ਅਤੇ ਉਹ ਨਾਸਰਤ ਦਾ ਹੈ।"
46ਪਰ ਨਥਾਨਿਏਲ ਨੇ ਫ਼ਿਲਿੱਪੁਸ ਨੂੰ ਆਖਿਆ, "ਨਾਸਰਤ!
ਭਲਾ ਨਾਸਰਤ ਵਿੱਚ ਕੋਈ ਉੱਤਮ ਚੀਜ਼ ਨਿੱਕਲ ਸਕਦੀ ਹੈ?"
ਫ਼ਿਲਿੱਪੁਸ ਨੇ ਉੱਤਰ ਦਿੱਤਾ, "ਆ ਅਤੇ ਵੇਖ।"
47ਯਿਸੂ ਨੇ ਨਥਾਨਿਏਲ ਨੂੰ ਆਪਣੇ ਵੱਲ ਆਉਂਦਿਆਂ ਵੇਖਿਆ
ਅਤੇ ਉਸ ਬਾਰੇ ਇਹ ਆਖਿਆ, "ਉਹ ਇੱਕ ਸੱਚਾ ਇਸਰਾਏਲੀ ਹੈ
ਜਿਸ ਵਿੱਚ ਕੋਈ ਛਲ ਨਹੀਂ ਹੈ।"
48ਨਥਾਨਿਏਲ ਨੇ ਪੁੱਛਿਆ, "ਤੁਸੀਂ ਮੈਨੂੰ ਕਿਵੇਂ ਜਾਣਦੇ ਹੋ?"
ਯਿਸੂ ਨੇ ਉੱਤਰ ਦਿੱਤਾ, "ਮੈਂ ਤੈਨੂੰ ਓਦੋਂ ਵੇਖਿਆ ਸੀ ਜਦੋਂ ਤੂੰ ਅੰਜੀਰ
ਦੇ ਰੁੱਖ ਥੱਲੇ ਸੀ, ਜਦੋਂ ਤੈਨੂੰ ਫ਼ਿਲਿੱਪੁਸ ਨੇ ਮੇਰੇ ਬਾਰੇ ਦੱਸਿਆ।"
49ਫਿਰ ਨਥਾਨਿਏਲ ਨੇ ਯਿਸੂ ਨੂੰ ਕਿਹਾ, "ਰੱਬੀ, ਤੁਸੀਂ ਪਰਮੇਸ਼ੁਰ
ਦੇ ਪੁੱਤਰ ਹੋ। ਤੁਸੀਂ ਇਸਰਾਏਲ ਦੇ ਪਾਤਸ਼ਾਹ ਹੋ।"
50ਯਿਸੂ ਨੇ ਨਥਾਨਿਏਲ ਨੂੰ ਆਖਿਆ, "ਤੂੰ ਇਸ ਲਈ
ਵਿਸ਼ਵਾਸ ਕਰਦਾ ਹੈਂ ਕਿਉਂਕਿ ਪਹਿਲਾਂ ਹੀ ਮੈਂ ਤੈਨੂੰ ਦੱਸਿਆ ਸੀ
ਕਿ ਮੈਂ ਤੈਨੂੰ ਅੰਜੀਰ ਦੇ ਰੁੱਖ ਥੱਲੇ ਵੇਖਿਆ ਸੀ। ਪਰ ਤੂੰ ਇਸ ਤੋਂ
ਵੀ ਵੱਡੀਆਂ ਗੱਲਾਂ ਦੇਖੇਂਗਾ!" 51ਯਿਸੂ ਨੇ ਉਸ ਨੂੰ ਆਖਿਆ, "ਮੈਂ
ਤੁਹਾਨੂੰ ਸੱਚ-ਸੱਚ ਆਖਦਾ ਹਾਂ ਤੁਸੀਂ ਸਵਰਗ ਨੂੰ ਖੁੱਲ੍ਹਾ ਵੇਖੋਗੇ ਅਤੇ
ਪਰਮੇਸ਼ੁਰ ਦੇ ਦੂਤਾਂ ਨੂੰ ਮਨੁੱਖ ਦੇ ਪੁੱਤਰ ਉੱਤੇ ਚੜ੍ਹਦੇ ਅਤੇ ਉੱਤਰਦੇ
ਵੇਖੋਗੇ।"[a]

## ਕਾਨਾ ਵਿੱਚ ਵਿਆਹ

2 1ਦੋ ਦਿਨਾਂ ਦੇ ਬਾਅਦ ਗਲੀਲ ਦੇ ਨਗਰ ਕਾਨਾ ਵਿੱਚ ਇੱਕ
ਵਿਆਹ ਸੀ ਅਤੇ ਯਿਸੂ ਦੀ ਮਾਤਾ ਉੱਥੇ ਸੀ। 2ਯਿਸੂ ਅਤੇ
ਉਸ ਦੇ ਚੇਲਿਆਂ ਨੂੰ ਵੀ ਵਿਆਹ ਵਿੱਚ ਪਹੁੰਚਣ ਦਾ ਸੱਦਾ ਦਿੱਤਾ
ਗਿਆ ਸੀ। 3ਉੱਥੇ ਮੈ ਕਾਫ਼ੀ ਨਹੀਂ ਸੀ ਅਤੇ ਜਦੋਂ ਇਹ ਮੁੱਕ ਗਈ
ਤਾਂ ਯਿਸੂ ਦੀ ਮਾਤਾ ਨੇ ਉਸ ਨੂੰ ਆਖਿਆ, "ਇਨ੍ਹਾਂ ਕੋਲ ਹੋਰ ਮੈ
ਨਹੀਂ ਹੈ।"
4ਯਿਸੂ ਨੇ ਉੱਤਰ ਦਿੱਤਾ, "ਮੇਰਾ ਇਸ ਨਾਲ ਕੀ ਸਰੋਕਾਰ, ਮੇਰਾ
ਸਮਾਂ ਅਜੇ ਨਹੀਂ ਆਇਆ।"
5ਯਿਸੂ ਦੀ ਮਾਤਾ ਨੇ ਟਹਿਲੂਆਂ ਨੂੰ ਆਖਿਆ, "ਉਵੇਂ ਹੀ ਕਰੋ
ਜਿਵੇਂ ਉਹ ਤੁਹਾਨੂੰ ਕਰਨ ਲਈ ਆਖੇ।"
6ਉਸ ਥਾਂ ਤੇ ਪੱਥਰ ਦੇ ਛੇ ਵੱਡੇ ਜਲ ਦੇ ਮੱਟ ਸਨ। ਯਹੂਦੀ ਇਸ
ਤਰ੍ਹਾਂ ਦੇ ਜਲ ਦੇ ਮੱਟ ਸ਼ੁੱਧੀਕਰਣ ਦੀਆਂ ਰੀਤਾਂ ਦੇ ਸਮੇਂ ਵਰਤਦੇ
ਸਨ। ਜਲ ਦੇ ਇੱਕ ਮੱਟ ਵਿੱਚ 80 ਲੀਟਰ ਤੋਂ ਲੈ ਕੇ 120 ਲੀਟਰ
ਤੱਕ ਜਲ ਰੱਖਿਆ ਜਾ ਸਕਦਾ ਹੈ।
7ਯਿਸੂ ਨੇ ਉਨ੍ਹਾਂ ਟਹਿਲੂਆਂ ਨੂੰ ਆਖਿਆ, "ਇਨ੍ਹਾਂ ਮੱਟਾਂ ਨੂੰ ਜਲ
ਨਾਲ ਭਰ ਦਿਓ।" ਉਨ੍ਹਾਂ ਨੇ ਮੱਟਾਂ ਨੂੰ ਜਲ ਨਾਲ ਨੱਕੋ-ਨੱਕ ਭਰ
ਦਿੱਤਾ।
8ਫਿਰ ਯਿਸੂ ਨੇ ਟਹਿਲੂਆਂ ਨੂੰ ਆਖਿਆ, "ਹੁਣ ਕੁਝ ਪਾਣੀ ਕੱਢੋ
ਅਤੇ ਦਾਵਤ ਦੇ ਪਰਧਾਨ ਨੂੰ ਦੇ ਦਿਓ।"
ਸੋ ਉਨ੍ਹਾਂ ਟਹਿਲੂਆਂ ਨੇ ਪਾਣੀ ਲਿਆ ਅਤੇ ਉਸ ਨੂੰ ਦੇ ਦਿੱਤਾ।
9ਦਾਅਵਤ ਦੇ ਪਰਧਾਨ ਨੇ ਉਹ ਜਲ ਚੱਖ ਕੇ ਵੇਖਿਆ। ਉਹ ਮੈ
ਬਣ ਚੁੱਕਿਆ ਸੀ ਪਰ ਉਸ ਨੂੰ ਪਤਾ ਨਹੀਂ ਸੀ ਕਿ ਇਹ ਮੈ ਕਿੱਥੋਂ
ਆਈ ਸੀ। ਜਿਨ੍ਹਾਂ ਟਹਿਲੂਆਂ ਨੇ ਜਲ ਲਿਆਂਦਾ ਸੀ ਉਹ ਇਸ ਬਾਰੇ
ਜਾਣਦੇ ਸਨ। ਦਾਅਵਤ ਦੇ ਪਰਧਾਨ ਨੇ ਲਾੜੇ ਨੂੰ ਸੱਦਿਆ 10ਅਤੇ
ਉਸ ਨੂੰ ਆਖਿਆ, "ਹਮੇਸ਼ਾ ਲੋਕ ਪਹਿਲਾਂ ਚੰਗੀ ਮੈ ਦਿੰਦੇ ਹਨ, ਅਤੇ
ਜਦੋਂ ਮਹਿਮਾਨ ਮਤਵਾਲੇ ਹੋ ਜਾਂਦੇ ਹਨ ਤਾਂ ਫੇਰ ਉਹ ਸਸਤੀ ਮੈ ਦਿੰਦੇ
ਹਨ। ਪਰ ਤੁਸੀਂ ਹੁਣ ਤੱਕ ਵਧੀਆ ਮੈ ਰੱਖ ਛੱਡੀ ਹੈ।"
11ਇਹ ਪਹਿਲਾ ਕਰਿਸ਼ਮਾ ਸੀ ਜੋ ਯਿਸੂ ਨੇ ਕੀਤਾ, ਅਤੇ ਇਹ
ਗਲੀਲ ਦੇ ਨਗਰ ਕਾਨਾ ਵਿੱਚ ਕੀਤਾ ਗਿਆ ਸੀ। ਇਉਂ ਯਿਸੂ ਨੇ
ਆਪਣੀ ਮਹਾਨਤਾ ਪਰਗਟ ਕੀਤੀ। ਉਸ ਦੇ ਚੇਲਿਆਂ ਨੇ ਉਸ ਉੱਤੇ
ਵਿਸ਼ਵਾਸ ਕੀਤਾ।

[a] *1:51* ਹਵਾਲਾ: ਉਤਪਤ 28:12

12ਫਿਰ ਯਿਸੂ ਕਫ਼ਰਨਾਹੂਮ ਨਗਰ ਨੂੰ ਗਿਆ ਅਤੇ ਉਸ ਦੀ
ਮਾਤਾ, ਉਸ ਦੇ ਭਰਾ, ਅਤੇ ਉਸ ਦੇ ਚੇਲੇ ਵੀ ਉਸ ਦੇ ਨਾਲ ਸਨ।
ਉਹ ਸਾਰੇ ਕੁਝ ਦਿਨ ਕਫ਼ਰਨਾਹੂਮ ਵਿੱਚ ਠਹਿਰੇ।

### ਯਿਸੂ ਮੰਦਰ ਵਿੱਚ

*(ਮੱਤੀ 21:12–13; ਮਰਕੁਸ 11:15–17; ਲੂਕਾ 19:45–46)*

13ਯਹੂਦੀਆਂ ਦਾ ਪਸਾਹ ਦਾ ਤਿਉਹਾਰ ਨੇੜੇ ਸੀ। ਇਸ ਲਈ
ਯਿਸੂ ਯਰੂਸ਼ਲਮ ਆ ਗਿਆ ਅਤੇ ਯਰੂਸ਼ਲਮ ਵਿੱਚ ਉਹ ਮੰਦਰ
ਨੂੰ ਗਿਆ। 14ਉੱਥੇ ਉਸ ਨੇ ਲੋਕਾਂ ਨੂੰ ਡੰਗਰ, ਭੇਡਾਂ ਅਤੇ ਘੁੱਗੀਆਂ
ਵੇਚਦੇ ਪਾਇਆ। ਦੂਜੇ ਲੋਕ ਆਪਣੀਆਂ ਮੇਜ਼ਾਂ ਤੇ ਬੈਠੇ ਹੋਏ ਸਨ
ਅਤੇ ਲੋਕਾਂ ਦਾ ਪੈਸਾ ਲੈਣ-ਦੇਣ ਦਾ ਵਪਾਰ ਕਰ ਰਹੇ ਸਨ। 15ਯਿਸੂ
ਨੇ ਰੱਸੀਆਂ ਦੇ ਕੁਝ ਟੋਟਿਆਂ ਦਾ ਇੱਕ ਹੰਟਰ ਬਣਾਇਆ ਅਤੇ ਉਸ
ਨਾਲ ਇਨ੍ਹਾਂ ਸਾਰੇ ਆਦਮੀਆਂ, ਡੰਗਰਾਂ ਅਤੇ ਭੇਡਾਂ ਨੂੰ ਮੰਦਰ ’ਚੋਂ
ਬਾਹਰ ਕੱਢ ਦਿੱਤਾ। ਯਿਸੂ ਨੇ ਵਪਾਰੀਆਂ ਦੇ ਮੇਜ਼ ਉਲਟਾ ਦਿੱਤੇ
ਅਤੇ ਜਿਨ੍ਹਾਂ ਪੈਸਿਆਂ ਨਾਲ ਉਹ ਲੈਣ-ਦੇਣ ਦਾ ਵਪਾਰ ਕਰ ਰਹੇ ਸਨ,
ਉਹ ਖਿੰਡਾ ਦਿੱਤੇ। 16ਫਿਰ ਯਿਸੂ ਨੇ ਘੁੱਗੀਆਂ ਵੇਚਣ ਵਾਲਿਆਂ ਨੂੰ
ਆਖਿਆ, “ਇਹ ਸਭ ਕੁਝ ਐਥੋਂ ਲੈ ਜਾਓ, ਮੇਰੇ ਪਿਤਾ ਦੇ ਘਰ ਨੂੰ
ਮੰਡੀ ਨਾ ਬਣਾਓ!”

17ਜਦੋਂ ਇਹ ਸਭ ਕੁਝ ਵਾਪਰਿਆ ਤਾਂ ਯਿਸੂ ਦੇ ਚੇਲਿਆਂ ਨੇ ਯਾਦ
ਕੀਤਾ ਕਿ ਪੋਥੀਆਂ ਵਿੱਚ ਕੀ ਲਿਖਿਆ ਹੋਇਆ ਸੀ:

“ਤੇਰੇ ਘਰ ਦੀ ਗੈਰਤ ਮੈਨੂੰ ਖਾ ਜਾਵੇਗੀ।” *ਜ਼ਬੂਰ 69:9*

18ਯਹੂਦੀਆਂ ਨੇ ਯਿਸੂ ਨੂੰ ਆਖਿਆ, “ਤੁਸੀਂ ਇਹ ਸਾਬਤ ਕਰਨ
ਲਈ ਇੱਕ ਕਰਿਸ਼ਮਾ ਵਿਖਾਓ ਕਿ ਤੁਹਾਡੇ ਕੋਲ ਇਹ ਕੰਮ ਕਰਨ
ਦਾ ਅਧਿਕਾਰ ਹੈ।”

19ਯਿਸੂ ਨੇ ਉੱਤਰ ਦਿੱਤਾ, “ਇਸ ਮੰਦਰ ਨੂੰ ਢਾਹ ਦਿਓ, ਅਤੇ ਮੈਂ
ਇਸ ਦਾ ਤਿੰਨਾਂ ਦਿਨਾਂ ਵਿੱਚ ਨਿਰਮਾਣ ਕਰ ਦਿਆਂਗਾ।”

20ਯਹੂਦੀਆਂ ਨੇ ਆਖਿਆ, “ਲੋਕਾਂ ਨੇ ਇਹ ਮੰਦਰ ਬਣਾਉਣ
ਲਈ 46 ਸਾਲ ਲਾਏ ਕੀ ਤੁਸੀਂ ਇਸ ਦਾ ਨਿਰਮਾਣ ਤਿੰਨਾਂ ਦਿਨਾਂ
ਵਿੱਚ ਕਰ ਦਿਓਗੇ?”

21ਪਰ ਜਿਸ ਮੰਦਰ ਦਾ ਜ਼ਿਕਰ ਯਿਸੂ ਨੇ ਕੀਤਾ ਸੀ, ਉਹ ਉਸ ਦਾ
ਆਪਣਾ ਸਰੀਰ ਸੀ। 22ਯਿਸੂ ਦੇ ਜੀ ਉੱਠਣ ਤੋਂ ਬਾਅਦ ਉਸ ਦੇ
ਚੇਲਿਆਂ ਨੂੰ ਯਾਦ ਆਇਆ ਕਿ ਯਿਸੂ ਨੇ ਇਹ ਸ਼ਬਦ ਕਹੇ ਸਨ।
ਇਸ ਲਈ ਉਨ੍ਹਾਂ ਨੇ ਪੋਥੀ ਉੱਤੇ, ਅਤੇ ਜੋ ਸ਼ਬਦ ਯਿਸੂ ਨੇ ਆਖੇ,
ਉਨ੍ਹਾਂ ਤੇ ਵੀ ਵਿਸ਼ਵਾਸ ਕੀਤਾ।

23ਯਿਸੂ ਪਸਾਹ ਦੇ ਤਿਉਹਾਰ ਲਈ ਯਰੂਸ਼ਲਮ ਵਿੱਚ ਸੀ। ਬਹੁਤ
ਸਾਰੇ ਲੋਕਾਂ ਨੇ ਯਿਸੂ ਉੱਤੇ ਵਿਸ਼ਵਾਸ ਕੀਤਾ ਕਿਉਂਕਿ ਜੋ ਕਰਿਸ਼ਮੇ
ਯਿਸੂ ਨੇ ਕੀਤੇ ਉਨ੍ਹਾਂ ਨੇ ਉਹ ਵੇਖੇ ਸਨ। 24ਪਰ ਯਿਸੂ ਨੇ ਉਨ੍ਹਾਂ ਤੇ
ਯਕੀਨ ਨਾ ਕੀਤਾ ਕਿਉਂਕਿ ਉਹ ਉਨ੍ਹਾਂ ਬਾਰੇ ਜਾਣਦਾ ਸੀ। 25ਯਿਸੂ
ਨੂੰ ਇਸ ਗੱਲ ਦੀ ਲੋੜ ਨਹੀਂ ਸੀ ਕਿ ਕੋਈ ਹੋਰ ਉਸ ਨੂੰ ਉਨ੍ਹਾਂ ਬਾਰੇ
ਕਹਿੰਦਾ ਕਿਉਂਕਿ ਉਹ ਲੋਕਾਂ ਦੇ ਦਿਲਾਂ ਬਾਰੇ ਜਾਣਦਾ ਸੀ।

### ਯਿਸੂ ਅਤੇ ਨਿਕੋਦੇਮੁਸ

**3** 1ਉੱਥੇ ਨਿਕੁਦੇਮੁਸ ਨਾਂ ਦਾ ਇੱਕ ਆਦਮੀ ਸੀ। ਉਹ
ਫ਼ਰੀਸੀਆਂ ਵਿੱਚੋਂ ਇੱਕ ਸੀ ਅਤੇ ਯਹੂਦੀਆਂ ਦਾ ਮੁੱਖ ਆਗੂ
ਸੀ। 2ਇੱਕ ਰਾਤ ਨਿਕੁਦੇਮੁਸ ਯਿਸੂ ਕੋਲ ਆਇਆ ਅਤੇ ਆਖਿਆ,
“ਗੁਰੂ ਜੀ, ਅਸੀਂ ਜਾਣਦੇ ਹਾਂ ਕਿ ਤੁਸੀਂ ਪਰਮੇਸ਼ੁਰ ਦੇ ਭੇਜੇ ਹੋਏ ਇੱਕ
ਗੁਰੂ ਹੋ। ਤੁਸੀਂ ਜੋ ਕਰਾਮਾਤਾਂ ਕਰਦੇ ਹੋ ਪਰਮੇਸ਼ੁਰ ਦੀ ਸਹਾਇਤਾ ਤੋਂ
ਬਿਨਾ ਕੋਈ ਨਹੀਂ ਕਰ ਸਕਦਾ।”

3ਯਿਸੂ ਨੇ ਉੱਤਰ ਦਿੱਤਾ, “ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ ਕੋਈ
ਆਦਮੀ ਉਦੋਂ ਤੱਕ ਪਰਮੇਸ਼ੁਰ ਦੇ ਰਾਜ ਨੂੰ ਨਹੀਂ ਵੇਖ ਸਕਦਾ ਜਿੰਨਾ
ਚਿਰ ਉਹ ਨਵੇਂ ਸਿਰਿਉਂ ਨਹੀਂ ਜਨਮਦਾ।”

4ਨਿਕੁਦੇਮੁਸ ਨੇ ਆਖਿਆ, “ਜੇਕਰ ਕੋਈ ਵਿਅਕਤੀ ਪਹਿਲਾਂ
ਹੀ ਬੁੱਢਾ ਹੈ ਤਾਂ ਉਹ ਕਿਵੇਂ ਜੰਮ ਸਕਦਾ ਹੈ? ਨਿਸ਼ਚਿਤ ਹੀ ਉਹ
ਜਨਮ ਲੈਣ ਲਈ ਆਪਣੀ ਮਾਂ ਦੀ ਕੁੱਖ ਵਿੱਚ ਦੂਸਰੀ ਵਾਰ ਨਹੀਂ
ਵੜ ਸਕਦਾ!”

5ਪਰ ਯਿਸੂ ਨੇ ਉੱਤਰ ਦਿੱਤਾ, “ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ
ਜੇਕਰ ਕੋਈ ਵਿਅਕਤੀ ਪਾਣੀ ਅਤੇ ਆਤਮਾ ਤੋਂ ਨਹੀਂ ਜਨਮਿਆ ਤਾਂ
ਉਹ ਪਰਮੇਸ਼ੁਰ ਦੇ ਰਾਜ ਵਿੱਚ ਪ੍ਰਵੇਸ਼ ਨਹੀਂ ਕਰ ਸਕਦਾ। 6ਸਰੀਰ ਤੋਂ
ਸਰੀਰ ਜਨਮਦਾ ਹੈ ਅਤੇ ਆਤਮਕ ਜੀਵਨ ਆਤਮਾ ਤੋਂ ਜਨਮਦਾ
ਹੈ। 7ਇਸ ਲਈ ਹੈਰਾਨ ਨਾ ਹੋਵੋ ਕਿ ਮੈਂ ਤੁਹਾਨੂੰ ਆਖਿਆ ਹੈ ‘ਤੁਹਾਨੂੰ
ਨਵੇਂ ਸਿਰਿਉਂ ਜਨਮ ਲੈਣਾ ਚਾਹੀਦਾ ਹੈ।’ 8ਹਵਾ ਉਸ ਪਾਸੇ ਹੀ
ਚਲਦੀ ਹੈ ਜਿੱਧਰ ਇਹ ਪਸੰਦ ਕਰਦੀ ਹੈ ਅਤੇ ਤੁਸੀਂ ਹਵਾ ਦੇ ਚੱਲਣ
ਦੀ ਅਵਾਜ਼ ਸੁਣ ਸਕਦੇ ਹੋ। ਪਰ ਤੁਹਾਨੂੰ ਇਹ ਨਹੀਂ ਪਤਾ ਕਿ ਹਵਾ
ਕਿੱਧਰੋਂ ਆਉਂਦੀ ਹੈ ਤੇ ਕਿੱਧਰ ਨੂੰ ਜਾਂਦੀ ਹੈ। ਆਤਮਾ ਤੋਂ ਜਨਮੇ
ਵਿਅਕਤੀ ਨਾਲ ਵੀ ਇਵੇਂ ਹੀ ਹੈ।”

9ਨਿਕੁਦੇਮੁਸ ਨੇ ਪੁੱਛਿਆ, “ਇਹ ਕਿਵੇਂ ਸੰਭਵ ਹੈ?”

10ਯਿਸੂ ਨੇ ਆਖਿਆ, “ਤੂੰ ਇਸਰਾਏਲ ਵਿੱਚ ਇੱਕ ਮਹੱਤਵਪੂਰਣ
ਗੁਰੂ ਹੈਂ ਅਤੇ ਅਜੇ ਵੀ ਤੂੰ ਇਹ ਗੱਲਾਂ ਨਹੀਂ ਸਮਝਦਾ? 11ਮੈਂ ਤੁਹਾਨੂੰ
ਸੱਚ ਕਹਿੰਦਾ ਹਾਂ ਕਿ ਅਸੀਂ ਜੋ ਜਾਣਦੇ ਹਾਂ ਉਸ ਬਾਰੇ ਗੱਲ ਕਰਦੇ
ਹਾਂ। ਅਸੀ ਉਸ ਬਾਰੇ ਦੱਸਦੇ ਹਾਂ ਜੋ ਅਸੀਂ ਵੇਖਿਆ ਹੈ। ਪਰ ਤੁਸੀਂ
ਲੋਕ ਉਹ ਕਬੂਲ ਨਹੀਂ ਕਰਦੇ ਜੋ ਅਸੀਂ ਤੁਹਾਨੂੰ ਦੱਸਦੇ ਹਾਂ। 12ਮੈਂ
ਤੁਹਾਨੂੰ ਇਸ ਦੁਨੀਆ ਦੀਆਂ ਗੱਲਾਂ ਬਾਰੇ ਦੱਸਿਆ ਹੈ। ਪਰ ਤੁਸੀਂ
ਵਿਸ਼ਵਾਸ ਨਹੀਂ ਕੀਤਾ। ਇਸ ਲਈ ਜੇ ਮੈਂ ਤੁਹਾਨੂੰ ਸਵਰਗੀ ਗੱਲਾਂ
ਬਾਰੇ ਦੱਸਾਂਗਾ ਤਾਂ ਫਿਰ ਤੁਸੀਂ ਕਿਵੇਂ ਵਿਸ਼ਵਾਸ ਕਰੋਗੇ? 13ਮਨੁੱਖ ਦੇ
ਪੁੱਤਰ ਤੋਂ ਬਿਨਾ, ਜੋ ਕਿ ਸਵਰਗ ਤੋਂ ਹੇਠਾਂ ਉਤਰਿਆ ਸੀ, ਕੋਈ ਵੀ
ਉਤਾਂਹ ਸਵਰਗ ਨੂੰ ਨਹੀਂ ਗਿਆ।

14“ਜਿਸ ਤਰ੍ਹਾਂ ਮੂਸਾ ਨੇ ਉਜਾੜ ਵਿੱਚ ਸੱਪ ਨੂੰ ਉੱਚਾ ਕੀਤਾ ਸੀ
ਇਸੇ ਤਰ੍ਹਾਂ ਮਨੁੱਖ ਦੇ ਪੁੱਤਰ ਦਾ ਵੀ ਉੱਚਾ ਕੀਤਾ ਜਾਣਾ ਜ਼ਰੂਰੀ
ਹੈ। 15ਇਉਂ ਹਰੇਕ ਵਿਅਕਤੀ, ਜੋ ਮਨੁੱਖ ਦੇ ਪੁੱਤਰ ਉੱਤੇ ਵਿਸ਼ਵਾਸ
ਰੱਖਦਾ ਹੈ ਸਦੀਪਕ ਜੀਵਨ ਪਾ ਸਕਦਾ ਹੈ।”

16ਹਾਂ, ਪਰਮੇਸ਼ੁਰ ਨੇ ਜਗਤ ਦੇ ਲੋਕਾਂ ਨੂੰ ਐਨਾ ਪਿਆਰ ਕੀਤਾ
ਕਿ ਉਸ ਨੇ ਉਨ੍ਹਾਂ ਲਈ ਆਪਣਾ ਅਦੁੱਤੀ ਪੁੱਤਰ ਦੇ ਦਿੱਤਾ, ਭਈ
ਜੋ ਕੋਈ ਉਸ ਉੱਤੇ ਵਿਸ਼ਵਾਸ ਕਰੇ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ। 17ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਦੁਨੀਆ
ਵਿੱਚ ਭੇਜ ਦਿੱਤਾ। ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਇਸ ਦੁਨੀਆ
ਵਿੱਚ ਲੋਕਾਂ ਨੂੰ ਦੋਸ਼ੀ ਠਹਿਰਾਉਣ ਲਈ ਨਹੀਂ ਭੇਜਿਆ, ਸਗੋਂ ਉਸ ਨੇ
ਆਪਣੇ ਪੁੱਤਰ ਨੂੰ ਦੁਨੀਆ ਨੂੰ ਉਸ ਰਾਹੀਂ ਬਚਾਉਣ ਲਈ ਭੇਜਿਆ।
18ਜੋ ਪਰਮੇਸ਼ੁਰ ਦੇ ਪੁੱਤਰ ਉੱਤੇ ਵਿਸ਼ਵਾਸ ਕਰਦਾ ਹੈ, ਉਹ ਦੋਸ਼ੀ
ਨਹੀਂ ਠਹਿਰਾਇਆ ਜਾਂਦਾ। ਪਰ ਜੋ ਵਿਸ਼ਵਾਸ ਨਹੀਂ ਕਰਦਾ ਉਹ
ਪਹਿਲਾਂ ਤੋਂ ਹੀ ਦੋਸ਼ੀ ਠਹਿਰਾਇਆ ਗਿਆ ਹੈ। ਕਿਉਂਕਿ ਉਸ ਨੇ
ਪਰਮੇਸ਼ੁਰ ਦੇ ਅਦੁੱਤੀ ਪੁੱਤਰ ਉੱਤੇ ਵਿਸ਼ਵਾਸ ਨਹੀਂ ਕੀਤਾ। 19ਲੋਕਾਂ
ਦਾ ਨਿਰਣਾ ਇਸ ਤੱਥ ਦੇ ਅਧਾਰ ਤੇ ਕੀਤਾ ਜਾਵੇਗਾ ਕਿ ਚਾਨਣ
ਸੰਸਾਰ ਵਿੱਚ ਆਇਆ, ਪਰ ਲੋਕਾਂ ਨੇ ਚਾਨਣ ਨੂੰ ਪਸੰਦ ਨਹੀਂ

ਕੀਤਾ। ਉਹ ਸਿਰਫ਼ ਹਨੇਰਾ ਹੀ ਚਾਹੁੰਦੇ ਸਨ, ਕਿਉਂਕਿ ਜਿਹੜੀਆਂ ਗੱਲਾਂ ਉਨ੍ਹਾਂ ਨੇ ਕੀਤੀਆਂ ਉਹ ਭ੍ਰਿਸ਼ਟ ਸਨ। **20**ਜਿਹੜਾ ਬੰਦਾ ਪਾਪ ਕਰਦਾ ਹੈ ਉਹ ਚਾਨਣ ਨੂੰ ਨਫ਼ਰਤ ਕਰਦਾ ਹੈ। ਉਹ ਚਾਨਣ ਵੱਲ ਨਹੀਂ ਆਉਂਦਾ, ਕਿਉਂਕਿ ਚਾਨਣ ਉਸ ਦੀਆਂ ਬਦਕਾਰੀਆਂ ਨੂੰ ਵਿਖਾ ਦੇਵੇਗਾ। **21**ਪਰ ਜੋ ਵਿਅਕਤੀ ਸੱਚ ਤੇ ਚੱਲਦਾ ਹੈ ਉਹ ਚਾਨਣ ਕੋਲ ਆਉਂਦਾ ਹੈ। ਚਾਨਣ ਇਹ ਸਪੱਸ਼ਟ ਤੌਰ ਤੇ ਵਿਖਾਉਂਦਾ ਹੈ ਕਿ ਜਿਹੜੇ ਕੰਮ ਵਿਅਕਤੀ ਨੇ ਕੀਤੇ ਹਨ ਉਹ ਪਰਮੇਸ਼ੁਰ ਵੱਲੋਂ ਕੀਤੇ ਗਏ ਸਨ।

## ਯਿਸੂ ਅਤੇ ਯੂਹੰਨਾ ਬਪਤਿਸਮਾ ਦੇਣ ਵਾਲਾ

**22**ਇਸ ਪਿੱਛੋਂ ਯਿਸੂ ਅਤੇ ਉਸ ਦੇ ਚੇਲੇ ਯਹੂਦਿਯਾ ਦੇ ਇਲਾਕੇ ਵਿੱਚ ਗਏ। ਉੱਥੇ ਯਿਸੂ ਆਪਣੇ ਚੇਲਿਆਂ ਨਾਲ ਰਿਹਾ ਅਤੇ ਲੋਕਾਂ ਨੂੰ ਬਪਤਿਸਮਾ ਦਿੱਤਾ। **23**ਯੂਹੰਨਾ ਵੀ ਐਨੋਨ ਵਿੱਚ ਲੋਕਾਂ ਨੂੰ ਬਪਤਿਸਮਾ ਦੇ ਰਿਹਾ ਸੀ। ਐਨੋਨ ਸਾਲਿਮ ਦੇ ਨੇੜੇ ਹੈ। ਯੂਹੰਨਾ ਉੱਥੇ ਇਸ ਲਈ ਬਪਤਿਸਮਾ ਦੇ ਰਿਹਾ ਸੀ ਕਿਉਂਕਿ ਉੱਥੇ ਬਹੁਤ ਪਾਣੀ ਸੀ ਅਤੇ ਲੋਕ ਉੱਥੇ ਬਪਤਿਸਮਾ ਲੈਣ ਲਈ ਜਾ ਰਹੇ ਸਨ। **24**ਇਹ ਗੱਲ ਯੂਹੰਨਾ ਨੂੰ ਕੈਦ ਵਿੱਚ ਪਾਏ ਜਾਣ ਤੋਂ ਪਹਿਲਾਂ ਵਾਪਰੀ।

**25**ਯੂਹੰਨਾ ਦੇ ਚੇਲਿਆਂ ਨੇ ਇੱਕ ਹੋਰ ਯਹੂਦੀ ਨਾਲ ਧਾਰਮਿਕ ਸ਼ੁੱਧਤਾ ਬਾਰੇ ਬਹਿਸ ਕੀਤੀ। **26**ਇਸ ਲਈ ਚੇਲੇ ਯੂਹੰਨਾ ਕੋਲ ਆਏ ਅਤੇ ਆਖਿਆ, "ਗੁਰੂ ਜੀ, ਕੀ ਤੁਹਾਨੂੰ ਉਹ ਆਦਮੀ ਯਾਦ ਹੈ ਜਿਹੜਾ ਯਰਦਨ ਦਰਿਆ ਦੇ ਪਾਰ ਤੁਹਾਡੇ ਨਾਲ ਸੀ? ਤੁਸੀਂ ਲੋਕਾਂ ਨਾਲ ਉਸ ਬਾਰੇ ਹੀ ਗੱਲਾਂ ਕਰ ਰਹੇ ਸੀ। ਉਹੀ ਆਦਮੀ ਲੋਕਾਂ ਨੂੰ ਬਪਤਿਸਮਾ ਦੇ ਰਿਹਾ ਸੀ ਅਤੇ ਬਹੁਤ ਸਾਰੇ ਲੋਕ ਉਸ ਕੋਲ ਜਾ ਰਹੇ ਸਨ।"

**27**ਯੂਹੰਨਾ ਨੇ ਉੱਤਰ ਦਿੱਤਾ, "ਮਨੁੱਖ ਉਹੀ ਪ੍ਰਾਪਤ ਕਰ ਸਕਦਾ ਹੈ ਜੋ ਉਸ ਨੂੰ ਪਰਮੇਸ਼ੁਰ ਦਿੰਦਾ ਹੈ। **28**ਤੁਸੀਂ ਮੈਨੂੰ ਇਹ ਕਹਿੰਦਿਆਂ ਸੁਣਿਆ ਕਿ 'ਮੈਂ ਮਸੀਹ ਨਹੀਂ ਹਾਂ, ਸਗੋਂ ਮੈਂ ਪਰਮੇਸ਼ੁਰ ਦੁਆਰਾ ਉਸ ਵਾਸਤੇ ਰਾਹ ਬਣਾਉਣ ਲਈ ਭੇਜਿਆ ਗਿਆ ਹਾਂ।' **29**ਲਾੜੀ ਕੇਵਲ ਲਾੜੇ ਵਾਸਤੇ ਹੀ ਹੈ। ਲਾੜੇ ਦਾ ਜੋ ਮਿੱਤਰ ਲਾੜੇ ਦਾ ਇੰਤਜ਼ਾਰ ਕਰਦਾ ਹੈ ਅਤੇ ਲਾੜੇ ਦੀਆਂ ਗੱਲਾਂ ਸੁਣਦਾ ਹੈ ਉਹ ਉਦੋਂ ਬਹੁਤ ਖੁਸ਼ ਹੁੰਦਾ ਹੈ ਜਦੋਂ ਉਹ ਲਾੜੇ ਦੀ ਅਵਾਜ਼ ਸੁਣਦਾ ਹੈ। ਇਹ ਖੁਸ਼ੀ ਮੈਨੂੰ ਮਿਲੀ ਹੈ। ਮੈਂ ਹੁਣ ਬਹੁਤ ਹੀ ਪ੍ਰਸੰਨ ਹਾਂ। **30**ਉਸ ਨੂੰ ਵਧਣਾ ਚਾਹੀਦਾ ਹੈ ਅਤੇ ਮੈਨੂੰ ਘਟਣਾ ਚਾਹੀਦਾ ਹੈ।

## ਉਹ ਸਵਰਗ ਤੋਂ ਆਉਂਦਾ ਹੈ

**31**"ਉਹ ਜਿਹੜਾ ਉੱਪਰੋਂ ਆ ਰਿਹਾ ਹੈ ਬਾਕੀ ਸਾਰਿਆਂ ਤੋਂ ਮਹਾਨ ਹੈ। ਉਹ ਜੋ ਇਸ ਧਰਤੀ ਦਾ ਹੈ ਉਹ ਧਰਤੀ ਦਾ ਹੀ ਹੈ। ਉਹ ਵਿਅਕਤੀ ਸਿਰਫ਼ ਉਹੀ ਗੱਲਾਂ ਕਰਦਾ ਹੈ ਜੋ ਧਰਤੀ ਨਾਲ ਸੰਬੰਧਤ ਹਨ। ਉਹ ਜਿਹੜਾ ਸਵਰਗ ਤੋਂ ਆਵੇਗਾ ਬਾਕੀ ਸਾਰਿਆਂ ਤੋਂ ਮਹਾਨ ਹੈ। **32**ਉਹ ਉਨ੍ਹਾਂ ਗੱਲਾਂ ਬਾਰੇ ਕਹਿੰਦਾ ਹੈ ਜੋ ਉਸ ਨੇ ਵੇਖੀਆਂ ਤੇ ਸੁਣੀਆਂ ਹਨ, ਪਰ ਲੋਕ ਉਸ ਦੇ ਸ਼ਬਦਾਂ ਤੇ ਵਿਸ਼ਵਾਸ ਨਹੀਂ ਕਰਦੇ। **33**ਜੋ ਵਿਅਕਤੀ ਉਸ ਦੇ ਸ਼ਬਦਾਂ ਤੇ ਵਿਸ਼ਵਾਸ ਕਰਦਾ, ਉਹ ਇਹ ਸਾਬਤ ਕਰਦਾ ਹੈ ਕਿ ਪਰਮੇਸ਼ੁਰ ਸੱਚ ਕਹਿੰਦਾ ਹੈ। **34**ਕਿਉਂਕਿ ਜਿਹੜਾ ਪਰਮੇਸ਼ੁਰ ਦੁਆਰਾ ਘੱਲਿਆ ਗਿਆ ਹੈ ਉਹ ਪਰਮੇਸ਼ੁਰ ਦੇ ਸ਼ਬਦ ਬੋਲਦਾ ਹੈ ਅਤੇ ਪਰਮੇਸ਼ੁਰ ਉਸ ਨੂੰ ਅਸੀਮਿਤ ਆਤਮਾ ਦਿੰਦਾ ਹੈ। **35**ਪਿਤਾ ਪੁੱਤਰ ਨੂੰ ਪਿਆਰ ਕਰਦਾ ਹੈ। ਪਿਤਾ ਨੇ ਪੁੱਤਰ ਨੂੰ ਸਭ ਕਾਸੇ ਉੱਤੇ ਅਧਿਕਾਰ ਦਿੱਤਾ ਹੋਇਆ ਹੈ। **36**ਉਹ ਵਿਅਕਤੀ ਜਿਹੜਾ ਪੁੱਤਰ ਵਿੱਚ ਵਿਸ਼ਵਾਸ ਕਰਦਾ ਹੈ ਉਸ ਕੋਲ ਸਦੀਪਕ ਜੀਵਨ ਹੈ। ਪਰ ਉਹ ਜੋ ਪੁੱਤਰ ਨੂੰ ਨਹੀਂ ਮੰਨਦਾ ਉਸ ਕੋਲ ਜੀਵਨ ਨਹੀਂ ਹੋਵੇਗਾ। ਪਰਮੇਸ਼ੁਰ ਦਾ ਕ੍ਰੋਧ ਉਸ ਵਿਅਕਤੀ ਉੱਤੇ ਹੋਵੇਗਾ।"

## ਸਾਮਰਿਯਾ ਵਿੱਚ ਇੱਕ ਔਰਤ ਨਾਲ ਯਿਸੂ ਦੀਆਂ ਗੱਲਾਂ

**4** **1**ਫ਼ਰੀਸੀਆਂ ਨੂੰ ਇਹ ਪਤਾ ਲੱਗਾ ਕਿ ਯੂਹੰਨਾ ਨਾਲੋਂ ਯਿਸੂ ਦੇ ਵੱਧ ਚੇਲੇ ਬਣ ਰਹੇ ਹਨ ਤੇ ਉਹ ਬਪਤਿਸਮਾ ਵੀ ਲੈ ਰਹੇ ਹਨ। **2**(ਭਾਵੇਂ ਯਿਸੂ ਖੁਦ ਬਪਤਿਸਮਾ ਨਹੀਂ ਦੇ ਰਿਹਾ ਸੀ, ਸਗੋਂ ਉਸ ਦੇ ਚੇਲੇ ਲੋਕਾਂ ਨੂੰ ਬਪਤਿਸਮਾ ਦੇ ਰਹੇ ਸਨ। ਯਿਸੂ ਇਹ ਜਾਣਦਾ ਸੀ ਕਿ ਫ਼ਰੀਸੀਆਂ ਨੇ ਉਸ ਬਾਰੇ ਸੁਣ ਲਿਆ ਸੀ।) **3**ਇਸ ਲਈ ਯਿਸੂ ਯਹੂਦਿਯਾ ਤੋਂ ਨਿੱਕਲ ਕੇ ਮੁੜ ਗਲੀਲ ਨੂੰ ਚਲਾ ਗਿਆ। **4**ਗਲੀਲ ਨੂੰ ਜਾਂਦਿਆਂ ਯਿਸੂ ਨੇ ਸਾਮਰਿਯਾ ਦੇ ਇਲਾਕੇ ਵਿੱਚੋਂ ਲੰਘਣਾ ਸੀ।



**5**ਸਾਮਰਿਯਾ ਵਿੱਚ ਯਿਸੂ ਸੁਖਾਰ ਨਗਰ ਵਿੱਚ ਆਇਆ। ਇਹ ਨਗਰ ਉਸ ਜ਼ਮੀਨ ਦੇ ਨੇੜੇ ਸੀ ਜੋ ਯਾਕੂਬ ਨੇ ਆਪਣੇ ਪੁੱਤਰ ਯੂਸੁਫ਼ ਨੂੰ ਦਿੱਤੀ ਸੀ। **6**ਯਾਕੂਬ ਦਾ ਖੂਹ ਉੱਥੇ ਸੀ। ਯਿਸੂ ਆਪਣੀ ਲੰਮੀ ਯਾਤਰਾ ਤੋਂ ਥੱਕ ਚੁੱਕਾ ਸੀ ਅਤੇ ਇਸ ਲਈ ਉਹ ਖੂਹ ਕੋਲ ਬੈਠ ਗਿਆ। ਲਗਭਗ ਦੁਪਿਹਰ ਦਾ ਸਮਾਂ ਸੀ। **7**ਇੱਕ ਸਾਮਰੀ ਔਰਤ ਖੂਹ ਤੇ ਪਾਣੀ ਭਰਨ ਲਈ ਆਈ ਅਤੇ ਯਿਸੂ ਨੇ ਉਸ ਔਰਤ ਨੂੰ ਆਖਿਆ, "ਮੈਨੂੰ ਥੋੜਾ ਪਾਣੀ ਪੀਣ ਲਈ ਦੇ।" **8**ਇਹ ਗੱਲ ਉਦੋਂ ਵਾਪਰੀ ਜਦੋਂ ਯਿਸੂ ਦੇ ਚੇਲੇ ਨਗਰ ਵਿੱਚ ਕੁਝ ਭੋਜਨ ਖਰੀਦਣ ਗਏ ਹੋਏ ਸਨ।

**9**ਉਸ ਸਾਮਰੀ ਔਰਤ ਨੇ ਆਖਿਆ, "ਮੈਂ ਹੈਰਾਨ ਹਾਂ ਕਿ ਤੁਸੀਂ ਮੈਥੋਂ ਪੀਣ ਲਈ ਪਾਣੀ ਮੰਗ ਰਹੇ ਹੋ। ਤੁਸੀਂ ਇੱਕ ਯਹੂਦੀ ਹੋ ਅਤੇ ਮੈਂ ਇੱਕ ਸਾਮਰੀ।" ਯਹੂਦੀਆਂ ਦੀ ਸਾਮਰਿਯਾ ਨਾਲ ਕੋਈ ਮਿੱਤਰਤਾ ਨਹੀਂ ਹੈ।

**10**ਯਿਸੂ ਨੇ ਆਖਿਆ, "ਤੂੰ ਨਹੀਂ ਜਾਣਦੀ ਪਰਮੇਸ਼ੁਰ ਕੀ ਦਿੰਦਾ ਹੈ, ਅਤੇ ਇਹ ਵੀ ਨਹੀਂ ਜਾਣਦੀ ਕਿ ਜਿਸ ਨੇ ਤੈਥੋਂ ਪਾਣੀ ਮੰਗਿਆ ਹੈ, ਉਹ ਕੌਣ ਹੈ। ਜੇ ਤੂੰ ਜਾਣਦੀ ਹੁੰਦੀ ਤਾਂ ਤੂੰ ਮੰਗਦੀ ਅਤੇ ਮੈਂ ਤੈਨੂੰ ਅਮ੍ਰਿਤ ਜਲ ਦਿੱਤਾ ਹੁੰਦਾ।"

**11**ਉਸ ਔਰਤ ਨੇ ਆਖਿਆ, "ਸ਼੍ਰੀ ਮਾਨ ਜੀ, ਤੁਸੀਂ ਇਹ ਅਮ੍ਰਿਤ ਜਲ ਕਿਵੇਂ ਪ੍ਰਾਪਤ ਕਰੋਗੇ? ਖੂਹ ਬਹੁਤ ਡੂੰਘਾ ਹੈ ਅਤੇ ਤੁਹਾਡੇ ਕੋਲ ਪਾਣੀ ਲਈ ਕੋਈ ਭਾਂਡਾ ਵੀ ਨਹੀਂ ਹੈ। **12**ਕੀ ਤੁਸੀਂ ਸਾਡੇ ਪੂਰਵਜ ਯਾਕੂਬ ਨਾਲੋਂ ਵੀ ਵੱਧ ਮਹਾਨ ਹੋ। ਯਾਕੂਬ ਨੇ ਸਾਨੂੰ ਇਹ ਖੂਹ ਦਿੱਤਾ ਹੈ। ਉਸ ਨੇ ਇਸ ਦਾ ਪਾਣੀ ਪੀਤਾ ਸੀ ਅਤੇ ਉਸ ਦੇ ਪੁੱਤਰਾਂ ਤੇ ਜਾਨਵਰਾਂ ਨੇ ਵੀ ਇਸੇ ਖੂਹ ਤੋਂ ਪਾਣੀ ਪੀਤਾ।"

**13**ਯਿਸੂ ਨੇ ਜਵਾਬ ਦਿੱਤਾ, "ਕੋਈ ਵੀ ਵਿਅਕਤੀ ਜੋ ਇਸ ਖੂਹ ਤੋਂ ਪਾਣੀ ਪੀਂਦਾ ਹੈ ਉਹ ਫੇਰ ਪਿਆਸਾ ਹੋਵੇਗਾ। **14**ਪਰ ਜੋ ਕੋਈ ਵੀ ਉਹ ਪਾਣੀ ਪੀਵੇਗਾ ਜੋ ਮੈਂ ਉਸ ਨੂੰ ਦੇਣ ਵਾਲਾ ਹਾਂ, ਉਹ ਫੇਰ ਕਦੀ ਵੀ ਪਿਆਸਾ ਨਹੀਂ ਹੋਵੇਗਾ। ਇਸ ਦੀ ਜਗ੍ਹਾ ਉਹ ਪਾਣੀ ਜੋ ਮੈਂ ਉਸ ਨੂੰ ਦਿੰਦਾ ਹਾਂ ਉਸ ਦੇ ਅੰਦਰ ਪਾਣੀ ਦਾ ਚਸ਼ਮਾ ਬਣ ਜਾਵੇਗਾ ਅਤੇ ਉਸ ਨੂੰ ਸਦੀਪਕ ਜੀਵਨ ਦੇਵੇਗਾ।"

**15**ਉਸ ਔਰਤ ਨੇ ਯਿਸੂ ਨੂੰ ਆਖਿਆ, "ਸ਼੍ਰੀ ਮਾਨ ਜੀ, ਮੈਨੂੰ ਉਹ ਪਾਣੀ ਦਿਓ। ਫਿਰ ਮੈਂ ਵੀ ਪਿਆਸੀ ਨਹੀਂ ਰਹਾਂਗੀ ਅਤੇ ਮੈਨੂੰ ਇਸ ਖੂਹ ਤੇ ਪਾਣੀ ਭਰਨ ਲਈ ਫੇਰ ਆਉਣ ਦੀ ਕੋਈ ਜ਼ਰੂਰਤ ਨਹੀਂ ਹੋਵੇਗੀ।"

**16**ਯਿਸੂ ਨੇ ਉਸ ਨੂੰ ਆਖਿਆ, "ਜਾਹ ਆਪਣੇ ਪਤੀ ਨੂੰ ਇੱਥੇ ਸੱਦ ਲਿਆ।"

**17**ਉਸ ਔਰਤ ਨੇ ਉੱਤਰ ਦਿੱਤਾ, “ਮੇਰਾ ਪਤੀ ਨਹੀਂ ਹੈ।” ਯਿਸੂ
ਨੇ ਉਸ ਨੂੰ ਆਖਿਆ, “ਤੂੰ ਸੱਚ ਆਖਿਆ ਜਦੋਂ ਤੂੰ ਕਿਹਾ ਕਿ ਤੇਰਾ
ਪਤੀ ਨਹੀਂ ਹੈ। **18**ਅਸਲ ਵਿੱਚ ਤੇਰੇ ਪੰਜ ਪਤੀ ਸਨ ਅਤੇ ਤੂੰ ਜਿਸ
ਆਦਮੀ ਨਾਲ ਹੁਣ ਰਹਿੰਦੀ ਹੈਂ ਉਹ ਤੇਰਾ ਪਤੀ ਨਹੀਂ ਹੈ। ਤੂੰ ਮੈਨੂੰ
ਸੱਚ ਆਖਿਆ ਹੈ।”

**19**ਉਸ ਔਰਤ ਨੇ ਕਿਹਾ, “ਸ੍ਰੀ ਮਾਨ ਜੀ, ਮੈਨੂੰ ਲੱਗਦਾ ਹੈ ਕਿ ਤੁਸੀਂ
ਇੱਕ ਨਬੀ ਹੋ। **20**ਸਾਡੇ ਪਿਉ-ਦਾਦੇ ਇਸ ਪਰਬਤ ਤੇ ਉਪਾਸਨਾ
ਕਰਦੇ ਸਨ, ਪਰ ਤੁਸੀਂ ਯਹੂਦੀ ਇਹ ਆਖਦੇ ਹੋ ਕਿ ਯਰੂਸ਼ਲਮ ਹੀ
ਉਹ ਥਾਂ ਹੈ ਜਿੱਥੇ ਲੋਕਾਂ ਨੂੰ ਉਪਾਸਨਾ ਕਰਨੀ ਚਾਹੀਦੀ ਹੈ।”

**21**ਯਿਸੂ ਨੇ ਆਖਿਆ, “ਹੇ ਬੀਬੀ, ਮੇਰੇ ਤੇ ਵਿਸ਼ਵਾਸ ਕਰ!
ਵਕਤ ਆ ਰਿਹਾ ਹੈ ਜਦੋਂ ਯਰੂਸ਼ਲਮ ਆਉਣ ਦੀ ਜਾਂ ਪਿਤਾ ਦੀ
ਉਪਾਸਨਾ ਕਰਨ ਲਈ ਇਸ ਪਰਬਤ ਤੇ ਜਾਣ ਦੀ ਜ਼ਰੂਰਤ ਨਹੀਂ
ਹੋਵੇਗੀ। **22**ਤੁਸੀਂ ਸਾਮਰੀ ਲੋਕ ਉਸ ਦੀ ਉਪਾਸਨਾ ਕਰਦੇ ਹੋ ਜਿਸ
ਨੂੰ ਤੁਸੀਂ ਖੁਦ ਨਹੀਂ ਜਾਣਦੇ। ਅਸੀਂ ਯਹੂਦੀ ਜਾਣਦੇ ਹਾਂ ਅਸੀਂ ਕਿਸ
ਦੀ ਉਪਾਸਨਾ ਕਰਦੇ ਹਾਂ, ਕਿਉਂਕਿ ਮੁਕਤੀ ਯਹੂਦੀਆਂ ਤੋਂ ਆਉਂਦੀ
ਹੈ। **23**ਉਹ ਸਮਾਂ ਆ ਰਿਹਾ ਹੈ ਜਦੋਂ ਸੱਚੇ ਉਪਾਸਕ ਆਤਮਾ ਅਤੇ
ਸੱਚਾਈ ਨਾਲ ਪਿਤਾ ਦੀ ਉਪਾਸਨਾ ਕਰਨਗੇ, ਬਲਕਿ ਉਹ ਸਮਾਂ
ਆਣ ਪੁੱਜਾ ਹੈ। ਪਰਮੇਸ਼ੁਰ ਅਜਿਹੇ ਉਪਾਸਕਾਂ ਨੂੰ ਲੱਭ ਰਿਹਾ ਹੈ।
**24**ਪਰਮੇਸ਼ੁਰ ਆਤਮਾ ਹੈ, ਇਸ ਲਈ ਜੋ ਲੋਕ ਪਰਮੇਸ਼ੁਰ ਦੀ
ਉਪਾਸਨਾ ਕਰਦੇ ਹਨ ਉਨ੍ਹਾਂ ਨੂੰ ਆਤਮਾ ਅਤੇ ਸੱਚਾਈ ਨਾਲ ਉਸ
ਦੀ ਉਪਾਸਨਾ ਕਰਨੀ ਚਾਹੀਦੀ ਹੈ।”

**25**ਉਸ ਔਰਤ ਨੇ ਆਖਿਆ, “ਮੈਂ ਜਾਣਦੀ ਹਾਂ ਕਿ ਮਸੀਹ
ਅਖਵਾਉਣ ਵਾਲਾ ਮਸੀਹ ਆ ਰਿਹਾ ਹੈ। ਜਦੋਂ ਉਹ ਆਵੇਗਾ, ਉਹ
ਸਾਨੂੰ ਸਭ ਕਾਸੇ ਦੀ ਵਿਆਖਿਆ ਕਰੇਗਾ।”

**26**ਯਿਸੂ ਨੇ ਆਖਿਆ, “ਮੈਂ, ਜੋ ਤੇਰੇ ਨਾਲ ਗੱਲ ਕਰ ਰਿਹਾ ਹਾਂ,
ਮਸੀਹ ਹੀ ਹਾਂ।”

**27**ਐਨ ਉਸੇ ਸਮੇਂ ਯਿਸੂ ਦੇ ਚੇਲੇ ਨਗਰ ਤੋਂ ਮੁੜ ਆਏ ਉਹ
ਹੈਰਾਨ ਹੋ ਗਏ ਕਿ ਯਿਸੂ ਇੱਕ ਔਰਤ ਨਾਲ ਗੱਲ ਕਰ ਰਿਹਾ ਸੀ।
ਪਰ ਕਿਸੇ ਨੇ ਵੀ ਇਹ ਨਾ ਪੁੱਛਿਆ, “ਤੂੰ ਕੀ ਚਾਹੁੰਦਾ ਹੈ? ਤੂੰ ਉਸ
ਔਰਤ ਨਾਲ ਕਿਉਂ ਗੱਲ ਕਰ ਰਿਹਾ ਹੈਂ?”

**28**ਉਹ ਔਰਤ ਆਪਣਾ ਘੜਾ ਉੱਥੇ ਛੱਡ ਕੇ ਨਗਰ ਨੂੰ ਮੁੜ ਗਈ
ਅਤੇ ਲੋਕਾਂ ਨੂੰ ਆਖਿਆ, **29**“ਇੱਕ ਆਦਮੀ ਨੇ ਮੈਨੂੰ ਉਹ ਕੁਝ
ਦੱਸਿਆ, ਜੋ ਮੈਂ ਹੁਣ ਤੱਕ ਕੀਤਾ ਹੈ। ਆਓ, ਉਸ ਦਾ ਦਰਸ਼ਣ ਕਰੋ।
ਕੀ ਉਹ ਸੰਭਾਵਤ ਹੀ ਮਸੀਹ ਹੋ ਸਕਦਾ ਹੈ?” **30**ਲੋਕਾਂ ਨੇ ਪਿੰਡ ਛੱਡ
ਦਿੱਤਾ ਅਤੇ ਯਿਸੂ ਨੂੰ ਵੇਖਣ ਲਈ ਗਏ।

**31**ਇੰਨੇ ਸਮੇਂ ਵਿੱਚ ਯਿਸੂ ਦੇ ਚੇਲੇ ਉਨ੍ਹਾਂ ਨੂੰ ਬੇਨਤੀ ਕਰ ਰਹੇ ਸਨ,
“ਗੁਰੂ, ਭੋਜਨ ਖਾ ਲਓ।”

**32**ਪਰ ਯਿਸੂ ਨੇ ਆਖਿਆ, “ਮੇਰੇ ਕੋਲ ਖਾਣ ਲਈ ਭੋਜਨ ਹੈ
ਅਤੇ ਤੁਹਾਨੂੰ ਇਸ ਬਾਰੇ ਕੁਝ ਨਹੀਂ ਪਤਾ।”

**33**ਚੇਲਿਆਂ ਨੇ ਆਪਸ ਵਿੱਚ ਕਿਹਾ, “ਸ਼ਾਇਦ ਉਸ ਲਈ ਕਿਸੇ
ਨੇ ਭੋਜਨ ਲਿਆਂਦਾ ਹੋਵੇਗਾ?”

**34**ਯਿਸੂ ਨੇ ਉਨ੍ਹਾਂ ਨੂੰ ਆਖਿਆ, “ਮੇਰਾ ਭੋਜਨ ਪਰਮੇਸ਼ੁਰ ਦੀ
ਇੱਛਾ ਅਨੁਸਾਰ ਕਰਨਾ ਹੈ ਜਿਸ ਨੇ ਮੈਨੂੰ ਭੇਜਿਆ ਹੈ। ਜੋ ਕਾਰਜ
ਉਸ ਨੇ ਮੈਨੂੰ ਕਰਨ ਲਈ ਦਿੱਤਾ, ਉਸ ਨੂੰ ਸੰਪੂਰਨ ਕਰਨਾ ਹੀ ਮੇਰਾ
ਭੋਜਨ ਹੈ। **35**ਜਦੋਂ ਤੁਸੀਂ ਕੁਝ ਬੀਜਦੇ ਹੋ ਤਾਂ ਤੁਸੀਂ ਹਮੇਸ਼ਾ ਇਹ
ਕਹਿੰਦੇ ਹੋ, ‘ਸਾਨੂੰ ਫ਼ਸਲ ਵੱਢਣ ਲਈ ਅਜੇ ਹੋਰ ਚਾਰ ਮਹੀਨੇ
ਉਡੀਕਣਾ ਪਵੇਗਾ।’ ਪਰ ਮੈਂ ਤੁਹਾਨੂੰ ਕਹਿੰਦਾ ਹਾਂ ਆਪਣੀਆਂ ਅੱਖਾਂ
ਖੋਲ੍ਹੋ ਅਤੇ ਲੋਕਾਂ ਨੂੰ ਵੇਖੋ, ਉਹ ਪੈਲੀਆਂ ਵਾਂਗ ਹਨ ਜੋ ਵਾਢੀ ਲਈ
ਤਿਆਰ ਹਨ। **36**ਜੋ ਵਿਅਕਤੀ ਫ਼ਸਲ ਵੱਢਦਾ ਹੈ ਉਹ ਆਪਣੀ
ਮਜਦੂਰੀ ਪਾਉਂਦਾ ਅਤੇ ਸਦੀਪਕ ਜੀਵਨ ਲਈ ਫ਼ਸਲ ਇਕੱਠੀ
ਕਰਦਾ ਹੈ। ਇਸ ਲਈ ਉਹ ਵੀ ਪ੍ਰਸੰਨ ਹੈ ਜੋ ਫ਼ਸਲ ਬੀਜਦਾ ਹੈ
ਤੇ ਉਹ ਵੀ ਜੋ ਫ਼ਸਲ ਦੀ ਵਾਢੀ ਕਰਦਾ ਹੈ। **37**ਇਹ ਕਹਾਵਤ
ਨਿਸ਼ਚਿਤ ਸੱਚੀ ਹੈ, ਇੱਕ ਬੀਜਦਾ ਹੈ, ‘ਪਰ ਦੂਜਾ ਆਦਮੀ ਫਸਲ
ਦੀ ਵਾਢੀ ਕਰਦਾ ਹੈ।’ **38**ਮੈਂ ਤੁਹਾਨੂੰ ਇਸ ਫ਼ਸਲ ਦਾ ਫਲ ਪ੍ਰਾਪਤ
ਕਰਨ ਲਈ ਭੇਜਿਆ ਜਿਸ ਦੇ ਲਈ ਤੁਸੀਂ ਕੰਮ ਨਹੀਂ ਕੀਤਾ। ਹੋਰਾਂ
ਨੇ ਇਸ ਦੇ ਲਈ ਕੰਮ ਕੀਤਾ ਅਤੇ ਤੁਸੀਂ ਉਨ੍ਹਾਂ ਦੀ ਮਿਹਨਤ ਦਾ ਹੀ
ਲਾਭ ਉਠਾ ਰਹੇ ਹੋ।”

**39**ਉਸ ਸ਼ਹਿਰ ਦੇ ਕਈ ਲੋਕਾਂ ਨੇ ਯਿਸੂ ਉੱਤੇ ਵਿਸ਼ਵਾਸ ਕੀਤਾ,
ਕਿਉਂਕਿ ਔਰਤ ਨੇ ਇਹ ਗਵਾਹੀ ਦਿੱਤੀ, “ਉਸ ਨੇ ਮੈਨੂੰ ਉਹ ਸਭ
ਕੁਝ ਦੱਸਿਆ ਜੋ ਮੈਂ ਕੀਤਾ ਹੈ।” **40**ਇਸ ਲਈ ਲੋਕ ਯਿਸੂ ਕੋਲ
ਆਏ ਉਨ੍ਹਾਂ ਨੇ ਉਸ ਨੂੰ ਉਨ੍ਹਾਂ ਕੋਲ ਲਈ ਬੇਨਤੀ ਕੀਤੀ। ਤਦ ਯਿਸੂ
ਉੱਥੇ ਦੋ ਦਿਨ ਠਹਿਰਿਆ। **41**ਉਸ ਦੇ ਬਚਨ ਦੇ ਕਾਰਣ ਬਹੁਤ ਸਾਰੇ
ਲੋਕਾਂ ਨੇ ਵਿਸ਼ਵਾਸ ਕੀਤਾ।

**42**ਉਨ੍ਹਾਂ ਲੋਕਾਂ ਨੇ ਉਸ ਔਰਤ ਨੂੰ ਆਖਿਆ, “ਹੁਣ ਅਸੀਂ ਯਿਸੂ
ਉੱਤੇ ਤੇਰੇ ਕਹਿਣ ਕਰਕੇ ਵਿਸ਼ਵਾਸ ਨਹੀਂ ਕਰਦੇ, ਸਗੋਂ ਇਸ ਲਈ
ਕਰਦੇ ਹਾਂ ਕਿਉਂਕਿ ਅਸੀਂ ਖੁਦ ਉਸ ਦੇ ਬਚਨ ਸੁਣੇ ਹਨ। ਹੁਣ
ਅਸੀਂ ਜਾਣ ਗਏ ਹਾਂ ਕਿ ਉਹ ਸੱਚਮੁੱਚ ਦੁਨੀਆ ਦਾ ਮੁਕਤੀਦਾਤਾ
ਹੈ।”

## ਯਿਸੂ ਵੱਲੋਂ ਇੱਕ ਅਧਿਕਾਰੀ ਦੇ ਪੁੱਤਰ ਨੂੰ ਚੰਗਾ ਕਰਨਾ

*(ਮੱਤੀ 8:5–13; ਲੂਕਾ 7:1–10)*

**43**ਉਨ੍ਹਾਂ ਦੋ ਦਿਨਾਂ ਬਾਅਦ, ਯਿਸੂ ਉੱਥੋਂ ਵਿਦਾ ਹੋ ਕੇ ਗਲੀਲ ਨੂੰ
ਗਿਆ। **44**(ਪਹਿਲਾਂ ਯਿਸੂ ਇਹ ਕਹਿ ਚੁੱਕਿਆ ਸੀ ਕਿ ਨਬੀ ਦਾ
ਉਸ ਦੇ ਆਪਣੇ ਦੇਸ ਵਿੱਚ ਸਤਿਕਾਰ ਨਹੀਂ ਹੁੰਦਾ।) **45**ਜਦੋਂ ਯਿਸੂ
ਗਲੀਲ ਪਹੁੰਚਿਆ ਤਾਂ ਲੋਕਾਂ ਨੇ ਉਸ ਦਾ ਸਵਾਗਤ ਕੀਤਾ, ਕਿਉਂਕਿ
ਇਹ ਲੋਕ ਉਹ ਸਾਰੇ ਕੰਮ ਦੇਖ ਚੁੱਕੇ ਸਨ ਜੋ ਯਿਸੂ ਨੇ ਯਰੂਸ਼ਲਮ
ਵਿੱਚ ਪਸਾਹ ਦੇ ਤਿਉਹਾਰ ਤੇ ਕੀਤੇ ਸਨ, ਕਿਉਂ ਜੋ ਇਹ ਲੋਕ ਵੀ
ਉਸ ਤਿਉਹਾਰ ਤੇ ਗਏ ਹੋਏ ਸਨ।

**46**ਇੱਕ ਵਾਰ ਫੇਰ ਯਿਸੂ ਗਲੀਲ ਦੇ ਕਾਨਾ ਨੂੰ ਗਿਆ। ਕਾਨਾ
ਉਹ ਥਾਂ ਹੈ ਜਿੱਥੇ ਯਿਸੂ ਨੇ ਪਾਣੀ ਨੂੰ ਮੈ ਵਿੱਚ ਤਬਦੀਲ ਕੀਤਾ ਸੀ।
ਬਾਦਸ਼ਾਹ ਦਾ ਇੱਕ ਮਹੱਤਵਪੂਰਣ ਅਧਿਕਾਰੀ ਕਫ਼ਰਨਾਹੂਮ ਵਿੱਚ
ਰਹਿੰਦਾ ਸੀ ਅਤੇ ਉਸ ਦਾ ਪੁੱਤਰ ਬਿਮਾਰ ਸੀ। **47**ਉਸ ਨੇ ਸੁਣਿਆ
ਕਿ ਯਿਸੂ ਯਹੂਦਿਯਾ ਤੋਂ ਆਇਆ ਹੈ ਅਤੇ ਹੁਣ ਗਲੀਲ ਵਿੱਚ ਹੈ।
ਤਦ ਉਹ ਆਦਮੀ ਕਾਨਾ ਵਿੱਚ ਯਿਸੂ ਕੋਲ ਗਿਆ ਅਤੇ ਉਸ ਨੇ
ਯਿਸੂ ਨੂੰ ਕਫ਼ਰਨਾਹੂਮ ਵਿੱਚ ਆ ਕੇ ਦਰਸ਼ਣ ਦੇਣ ਅਤੇ ਉਸ ਦੇ
ਪੁੱਤਰ ਨੂੰ ਤੰਦਰੁਸਤ ਕਰਨ ਦੀ ਬੇਨਤੀ ਕੀਤੀ। ਉਸ ਦਾ ਪੁੱਤਰ
ਮਰਨ ਕਿਨਾਰੇ ਸੀ। **48**ਯਿਸੂ ਨੇ ਉਸ ਨੂੰ ਆਖਿਆ, “ਜਦੋਂ ਤੱਕ
ਤੁਸੀਂ ਕਰਿਸ਼ਮੇ ਅਤੇ ਅਚੰਭੇ ਨਹੀਂ ਵੇਖੋਗੇ ਤੁਸੀਂ ਮੇਰੇ ਉੱਤੇ ਵਿਸ਼ਵਾਸ
ਨਹੀਂ ਕਰੋਗੇ।”

**49**ਬਾਦਸ਼ਾਹ ਦੇ ਅਧਿਕਾਰੀ ਨੇ ਆਖਿਆ, “ਸ਼੍ਰੀਮਾਨ ਜੀ, ਮੇਰੇ
ਪੁੱਤਰ ਦੇ ਮਰਨ ਤੋਂ ਪਹਿਲਾਂ ਮੇਰੇ ਘਰ ਚਰਨ ਪਾਓ।”

**50**ਯਿਸੂ ਨੇ ਉੱਤਰ ਦਿੱਤਾ, “ਜਾ, ਤੇਰਾ ਪੁੱਤਰ ਜੀਵੇਗਾ।”
ਉਸ ਆਦਮੀ ਨੇ ਯਿਸੂ ਦੇ ਬਚਨਾਂ ਉੱਤੇ ਵਿਸ਼ਵਾਸ ਕੀਤਾ ਅਤੇ
ਘਰ ਚਲਾ ਗਿਆ। **51**ਜਦੋਂ ਉਹ ਘਰ ਜਾ ਰਿਹਾ ਸੀ ਤਾਂ ਰਾਹ ਵਿੱਚ

ਉਸ ਦੇ ਨੌਕਰ ਉਸ ਨੂੰ ਮਿਲੇ ਅਤੇ ਉਨ੍ਹਾਂ ਨੇ ਉਸ ਨੂੰ ਆਖਿਆ, "ਤੇਰਾ ਪੁੱਤਰ ਚੰਗਾ ਹੋ ਗਿਆ ਹੈ।"
52ਉਸ ਆਦਮੀ ਨੇ ਪੁੱਛਿਆ, "ਮੇਰਾ ਪੁੱਤਰ ਕਿਸ ਵਕਤ ਠੀਕ ਹੋਣਾ ਸ਼ੁਰੂ ਹੋਇਆ ਸੀ?"

ਨੌਕਰ ਨੇ ਜਵਾਬ ਦਿੱਤਾ, "ਇਹ ਕੱਲ੍ਹ ਇੱਕ ਵਜੇ ਦੇ ਆਸ-ਪਾਸ ਦਾ ਸਮਾਂ ਸੀ ਜਦੋਂ ਉਸ ਦਾ ਬੁਖਾਰ ਲੱਥ ਗਿਆ।"

53ਉਸ ਆਦਮੀ ਨੂੰ ਪਤਾ ਸੀ ਕਿ ਐਨ ਇੱਕ ਵਜੇ ਦਾ ਹੀ ਸਮਾਂ ਸੀ ਜਦੋਂ ਯਿਸੂ ਨੇ ਆਖਿਆ ਸੀ, "ਤੇਰਾ ਪੁੱਤਰ ਜੀਵੇਗਾ।" ਇਉਂ ਉਸ ਨੇ ਅਤੇ ਉਸ ਦੇ ਘਰ ਵਿੱਚ ਰਹਿੰਦੇ ਸਭ ਲੋਕਾਂ ਨੇ ਯਿਸੂ ਉੱਤੇ ਵਿਸ਼ਵਾਸ ਕੀਤਾ।

54ਇਹ ਦੂਜਾ ਕਰਿਸ਼ਮਾ ਸੀ ਜੋ ਯਿਸੂ ਨੇ ਯਹੂਦਿਯਾ ਤੋਂ ਗਲੀਲ ਆਉਣ ਤੋਂ ਬਾਅਦ ਕੀਤਾ ਸੀ।

## ਯਿਸੂ ਵੱਲੋਂ ਇੱਕ ਆਦਮੀ ਨੂੰ ਤਲਾਅ ਉੱਤੇ ਚੰਗਾ ਕਰਨਾ

**5** 1ਇਸ ਤੋਂ ਬਾਅਦ ਯਿਸੂ ਇੱਕ ਵਿਸ਼ੇਸ਼ ਯਹੂਦੀ ਤਿਉਹਾਰ
ਲਈ ਯਰੂਸ਼ਲਮ ਗਿਆ। 2ਯਰੂਸ਼ਲਮ ਵਿੱਚ ਇੱਕ ਤਲਾਅ
ਹੈ ਜਿਸ ਦੇ ਪੰਜ ਦਲਾਨ ਢੱਕੇ ਹੋਏ ਹਨ। ਇਸ ਤਲਾਅ ਨੂੰ ਇਬਰਾਨੀ
ਭਾਸ਼ਾ ਵਿੱਚ ਬੇਥਜ਼ਥਾ ਆਖਦੇ ਹਨ। ਇਹ ਤਲਾਅ ਭੇਡਾਂ ਵਾਲੇ
ਦਰਵਾਜ਼ੇ ਦੇ ਨੇੜੇ ਹੈ। 3ਬਹੁਤ ਸਾਰੇ ਬਿਮਾਰ ਲੋਕ ਤਲਾਅ ਦੇ ਨੇੜੇ
ਦਲਾਨਾਂ ਵਿੱਚ ਲੇਟੇ ਹੋਏ ਸਨ। ਕੁਝ ਲੋਕ ਅੰਨ੍ਹੇ ਸਨ, ਕੁਝ ਲੰਗੜੇ ਤੇ
ਕੁਝ ਅਧਰੰਗੀ ਸਨ [ਅਤੇ ਉਹ ਪਾਣੀ ਦੇ ਹਿੱਲਣ ਦੀ ਉਡੀਕ ਕਰਦੇ
ਸਨ। 4ਕਦੇ-ਕਦੇ ਪ੍ਰਭੂ ਦਾ ਇੱਕ ਸੁਰਗਦੂਤ ਤਲਾਅ ਦੇ ਕੋਲ ਹੇਠਾਂ
ਆਣ ਕੇ ਪਾਣੀ ਨੂੰ ਹਿਲਾਉਂਦਾ ਸੀ। ਪਾਣੀ ਦੇ ਹਿਲਦਿਆਂ ਹੀ ਜਿਹੜਾ
ਪਹਿਲਾ ਵਿਅਕਤੀ ਪਾਣੀ ਵਿੱਚ ਜਾਂਦਾ ਸੀ, ਉਹ ਆਪਣੀ ਬਿਮਾਰੀ
ਤੋਂ ਤੁਰੰਤ ਠੀਕ ਹੋ ਜਾਂਦਾ ਸੀ।] 5ਉਨ੍ਹਾਂ ਵਿੱਚ ਇੱਕ ਅਜਿਹਾ ਆਦਮੀ
ਵੀ ਸੀ ਜੋ 38 ਵਰ੍ਹਿਆਂ ਤੋਂ ਬਿਮਾਰ ਸੀ। 6ਯਿਸੂ ਨੇ ਉਸ ਆਦਮੀ
ਨੂੰ ਉੱਥੇ ਲੇਟਿਆ ਦੇਖਿਆ। ਯਿਸੂ ਨੂੰ ਇਹ ਪਤਾ ਸੀ ਕਿ ਉਹ ਬਹੁਤ ਲੰਮੇ ਸਮੇਂ ਤੋਂ ਬਿਮਾਰ ਸੀ। ਇਸ ਲਈ ਯਿਸੂ ਨੇ ਉਸ ਨੂੰ ਪੁੱਛਿਆ, "ਕੀ ਤੂੰ ਚੰਗਾ ਹੋਣਾ ਚਾਹੁੰਦਾ ਹੈਂ?"

7ਉਸ ਬਿਮਾਰ ਆਦਮੀ ਨੇ ਆਖਿਆ, "ਸ਼੍ਰੀਮਾਨ ਜੀ, ਅਜਿਹਾ ਕੋਈ ਨਹੀਂ ਜੋ ਉਦੋਂ ਤਲਾਅ ਵਿੱਚ ਜਾਣ ਵਿੱਚ ਮੇਰੀ ਸਹਾਇਤਾ ਕਰੇ ਜਦੋਂ ਪਾਣੀ ਵਿੱਚ ਹਲਚਲ ਹੁੰਦੀ ਹੈ। ਮੈਂ ਤਲਾਅ ਅੰਦਰ ਪਹੁੰਚਣ ਵਾਲਾ ਪਹਿਲਾ ਵਿਅਕਤੀ ਹੋਣ ਦੀ ਕੋਸ਼ਿਸ਼ ਕਰਦਾ ਹਾਂ, ਪਰ ਜਦੋਂ ਤੱਕ ਕਿ ਮੈਂ ਪਹੁੰਚਾਂ ਮੇਰੇ ਤੋਂ ਪਹਿਲਾਂ ਹੀ ਕੋਈ ਹੋਰ ਤਲਾਅ ਵਿੱਚ ਵੜ ਜਾਂਦਾ ਹੈ।"

8ਫਿਰ ਯਿਸੂ ਨੇ ਉਸ ਨੂੰ ਆਖਿਆ, "ਉੱਠ, ਆਪਣਾ ਬਿਸਤਰਾ
ਚੁੱਕ ਅਤੇ ਤੁਰ।" 9ਉਹ ਤੁਰੰਤ ਹੀ ਚੰਗਾ ਹੋ ਗਿਆ ਅਤੇ ਉਸ ਨੇ
ਆਪਣਾ ਬਿਸਤਰਾ ਚੁੱਕਿਆ ਤੇ ਚੱਲਣਾ ਸ਼ੁਰੂ ਕਰ ਦਿੱਤਾ।

ਜਦੋਂ ਇਹ ਸਭ ਕੁਝ ਵਾਪਰਿਆ ਤਾਂ ਇਹ ਸਬਤ ਦਾ ਦਿਨ ਸੀ।
10ਇਸ ਲਈ ਯਹੂਦੀਆਂ ਨੇ ਉਸ ਰਾਜੀ ਹੋ ਜਾਣ ਵਾਲੇ ਬੰਦੇ ਨੂੰ ਆਖਿਆ, "ਅੱਜ ਸਬਤ ਦਾ ਦਿਨ ਹੈ ਤੇ ਤੇਰਾ ਬਿਸਤਰਾ ਚੁੱਕਣਾ ਨੇਮ ਦੇ ਖਿਲਾਫ਼ ਹੈ।"

11ਪਰ ਉਸ ਨੇ ਆਖਿਆ, "ਉਹ ਵਿਅਕਤੀ ਜਿਸ ਨੇ ਮੈਨੂੰ ਚੰਗਾ ਕੀਤਾ ਹੈ, ਉਸ ਨੇ ਮੈਨੂੰ ਆਖਿਆ, 'ਆਪਣਾ ਬਿਸਤਰਾ ਚੁੱਕ ਤੇ ਤੁਰ।'"

12ਯਹੂਦੀਆਂ ਨੇ ਉਸ ਨੂੰ ਪੁੱਛਿਆ, "ਉਹ ਆਦਮੀ ਕੌਣ ਹੈ ਜਿਸ ਨੇ ਤੈਨੂੰ ਆਖਿਆ ਕਿ ਤੂੰ ਆਪਣਾ ਬਿਸਤਰਾ ਚੁੱਕ ਤੇ ਤੁਰ?"

13ਪਰ ਉਹ ਆਦਮੀ ਜਿਹੜਾ ਚੰਗਾ ਹੋਇਆ ਸੀ ਉਸ ਨੂੰ ਇਹ ਪਤਾ ਨਹੀਂ ਸੀ ਕਿ ਉਹ ਕੌਣ ਸੀ। ਉੱਥੇ ਬਹੁਤ ਸਾਰੇ ਲੋਕ ਸਨ ਅਤੇ ਯਿਸੂ ਜਾ ਚੁੱਕਿਆ ਸੀ।

14ਬਾਅਦ ਵਿੱਚ ਯਿਸੂ ਨੇ ਉਸ ਨੂੰ ਮੰਦਰ ਵਿੱਚ ਵੇਖਿਆ ਅਤੇ ਉਸ ਨੂੰ ਆਖਿਆ, "ਵੇਖ ਹੁਣ ਤੂੰ ਰਾਜੀ ਹੋ ਗਿਆ ਹੈਂ। ਪਾਪ ਕਰਨੇ ਬੰਦ ਕਰਦੇ, ਨਹੀਂ ਤਾਂ ਤੇਰੇ ਨਾਲ ਕੋਈ ਹੋਰ ਭੈੜੀ ਗੱਲ ਵੀ ਵਾਪਰ ਸਕਦੀ ਹੈ।"

15ਤਦ ਉਹ ਆਦਮੀ ਉੱਥੇ ਵਾਪਸ ਉਨ੍ਹਾਂ ਯਹੂਦੀਆਂ ਕੋਲ ਗਿਆ ਅਤੇ ਉਨ੍ਹਾਂ ਨੂੰ ਆਖਿਆ, "ਜਿਸ ਨੇ ਮੈਨੂੰ ਚੰਗਾ ਕੀਤਾ ਸੀ, ਉਹ ਯਿਸੂ ਸੀ।"

16ਇਸ ਤਰ੍ਹਾਂ ਦੇ ਕੰਮ ਯਿਸੂ ਸਬਤ ਵਾਲੇ ਦਿਨ ਕਰ ਰਿਹਾ ਸੀ,
ਇਸ ਲਈ ਯਹੂਦੀ ਉਸ ਨੂੰ ਦੁੱਖ ਦੇਣ ਲੱਗੇ। 17ਪਰ ਯਿਸੂ ਨੇ
ਯਹੂਦੀਆਂ ਨੂੰ ਆਖਿਆ, "ਮੇਰਾ ਪਿਤਾ ਹਮੇਸ਼ਾ ਕੰਮ ਕਰਦਾ ਰਹਿੰਦਾ ਹੈ, ਇਸ ਲਈ ਮੈਨੂੰ ਵੀ ਕੰਮ ਕਰਨਾ ਜ਼ਰੂਰੀ ਹੈ।"

18ਇਹ ਸੁਣਨ ਤੋਂ ਬਾਅਦ ਯਹੂਦੀ ਯਿਸੂ ਨੂੰ ਮਾਰਨ ਲਈ ਹੋਰ ਵਧੇਰੇ ਕੋਸ਼ਿਸ਼ਾਂ ਕਰਨ ਲੱਗੇ। ਯਹੂਦੀਆਂ ਨੇ ਆਖਿਆ, "ਯਿਸੂ ਸਬਤ ਦੇ ਦਿਨ ਦਾ ਨੇਮ ਤੋੜ ਰਿਹਾ ਹੈ ਅਤੇ ਪਰਮੇਸ਼ੁਰ ਨੂੰ ਆਪਣਾ ਪਿਤਾ ਆਖ ਕੇ ਉਹ ਆਪਣੇ ਆਪ ਨੂੰ ਪਰਮੇਸ਼ੁਰ ਦੇ ਬਰਾਬਰ ਬਣਾ ਰਿਹਾ ਹੈ!"

## ਯਿਸੂ ਕੋਲ ਪਰਮੇਸ਼ੁਰ ਦਾ ਅਧਿਕਾਰ ਹੈ

19ਪਰ ਯਿਸੂ ਨੇ ਆਖਿਆ, "ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ ਪੁੱਤਰ
ਆਪਣੇ ਆਪ ਕੁਝ ਨਹੀਂ ਕਰ ਸਕਦਾ। ਪੁੱਤਰ ਉਹੀ ਕਰਦਾ ਹੈ ਜੋ ਉਹ
ਪਿਤਾ ਨੂੰ ਕਰਿਦਆਂ ਵੇਖਦਾ ਹੈ। ਜੋ ਕੁਝ ਪਿਤਾ ਕਰਦਾ ਹੈ ਉਹੀ ਪੁੱਤਰ
ਵੀ ਕਰਦਾ ਹੈ। 20ਪਰ ਪਿਤਾ ਆਪਣੇ ਪੁੱਤਰ ਨੂੰ ਪਿਆਰ ਕਰਦਾ ਹੈ
ਅਤੇ ਪਿਤਾ ਪੁੱਤਰ ਨੂੰ ਉਹ ਸਭ ਕੁਝ ਵਿਖਾਉਂਦਾ ਹੈ ਜੋ ਉਹ ਕਰਦਾ
ਹੈ। ਪਰ ਪਿਤਾ ਆਪਣੇ ਪੁੱਤਰ ਨੂੰ ਮਹਾਨ ਗੱਲਾਂ ਵੀ ਵਿਖਾਵੇਗਾ। ਤਦ
ਤੁਸੀਂ ਸਭ ਹੈਰਾਨ ਰਹਿ ਜਾਓਗੇ। 21ਪਿਤਾ ਮੁਰਦਿਆਂ ਨੂੰ ਜਿਵਾਲਦਾ
ਹੈ ਅਤੇ ਉਨ੍ਹਾਂ ਨੂੰ ਜੀਵਨ ਦਿੰਦਾ ਹੈ। ਇਉਂ ਹੀ, ਪੁੱਤਰ ਵੀ, ਜਿਨ੍ਹਾਂ ਨੂੰ
ਉਹ ਚਾਹੁੰਦਾ, ਜੀਵਨ ਦਿੰਦਾ ਹੈ।

22"ਪਿਤਾ ਕਿਸੇ ਦਾ ਨਿਆਂ ਨਹੀਂ ਕਰਦਾ, ਪਰ ਉਸ ਨੇ ਇਹ
ਅਧਿਕਾਰ ਪੂਰੀ ਤਰ੍ਹਾਂ ਪੁੱਤਰ ਨੂੰ ਦਿੱਤਾ ਹੋਇਆ ਹੈ। 23ਪਰਮੇਸ਼ੁਰ
ਨੇ ਇਹ ਇਸ ਲਈ ਕੀਤਾ ਤਾਂਕਿ ਸਾਰੇ ਲੋਕ ਪੁੱਤਰ ਦਾ ਉਵੇਂ ਹੀ ਸਤਿਕਾਰ ਕਰਨ ਜਿਵੇਂ ਉਹ ਪਿਤਾ ਦਾ ਸਤਿਕਾਰ ਕਰਦੇ ਹਨ। ਜੋ ਕੋਈ ਆਦਮੀ ਪੁੱਤਰ ਦਾ ਸਤਿਕਾਰ ਨਹੀਂ ਕਰਦਾ, ਉਹ ਆਦਮੀ ਉਸ ਪਿਤਾ ਦਾ ਵੀ ਸਤਿਕਾਰ ਨਹੀਂ ਕਰਦਾ ਜਿਸ ਨੇ ਉਸ ਨੂੰ ਭੇਜਿਆ ਹੈ।

24"ਮੈਂ ਤੁਹਾਨੂੰ ਸੱਚ ਕਹਿੰਦਾ ਹਾਂ, ਜੋ ਮੇਰੇ ਸ਼ਬਦ ਸੁਣਦਾ ਅਤੇ
ਉਸ ਉੱਤੇ ਵਿਸ਼ਵਾਸ ਕਰਦਾ ਹੈ ਜਿਸ ਨੇ ਮੈਨੂੰ ਭੇਜਿਆ ਹੈ, ਸਦੀਪਕ
ਜੀਵਨ ਉਸੇ ਦਾ ਹੈ। ਉਹ ਦੋਸ਼ੀ ਨਹੀਂ ਠਹਿਰਾਇਆ ਜਾਏਗਾ। ਉਸ
ਨੂੰ ਮੌਤ ਤੋਂ ਮੁਕਤ ਕਰ ਦਿੱਤਾ ਗਿਆ ਹੈ ਅਤੇ ਉਹ ਸਦੀਪਕ ਜੀਵਨ
ਵਿੱਚ ਦਾਖਲ ਹੋ ਚੁੱਕਿਆ ਹੈ। 25ਮੈਂ ਤੁਹਾਨੂੰ ਸੱਚ ਕਹਿੰਦਾ ਹਾਂ। ਉਹ
ਸਮਾਂ ਆ ਰਿਹਾ ਹੈ ਅਤੇ ਇਹ ਪਹਿਲਾਂ ਹੀ ਇੱਥੇ ਹੈ। ਉਹ ਜੋ ਮਰ ਚੁੱਕੇ
ਹਨ ਪਰਮੇਸ਼ੁਰ ਦੇ ਪੁੱਤਰ ਦੀ ਅਵਾਜ਼ ਨੂੰ ਸੁਣਨਗੇ ਅਤੇ ਜਿਹੜੇ ਲੋਕ
ਉਸ ਨੂੰ ਸੁਣਨਗੇ ਉਨ੍ਹਾਂ ਨੂੰ ਜੀਵਨ ਮਿਲੇਗਾ। 26ਜਿਸ ਤਰ੍ਹਾਂ ਪਿਤਾ
ਜੀਵਨ ਦੇਣ ਦਾ ਅਧਿਕਾਰ ਰੱਖਦਾ ਹੈ ਉਸੇ ਤਰ੍ਹਾਂ ਉਸ ਨੇ ਪੁੱਤਰ ਨੂੰ
ਵੀ ਜੀਵਨ ਦੇਣ ਦਾ ਅਧਿਕਾਰ ਦਿੱਤਾ ਹੈ। 27ਪਿਤਾ ਨੇ ਨਿਆਂ ਕਰਨ

ਦਾ ਵੀ ਅਧਿਕਾਰ ਆਪਣੇ ਪੁੱਤਰ ਨੂੰ ਦਿੱਤਾ ਹੈ, ਕਿਉਂਕਿ ਉਹ ਮਨੁੱਖ
ਦਾ ਪੁੱਤਰ ਹੈ।
28“ਇਸ ਗੱਲ ਬਾਰੇ ਹੈਰਾਨ ਨਾ ਹੋਵੋ। ਉਹ ਸਮਾਂ ਆ ਰਿਹਾ ਹੈ
ਜਦੋਂ ਕਬਰਾਂ 'ਚ ਪਏ ਮੋਏ ਮਨੁੱਖ ਵੀ ਉਸ ਦੀ ਅਵਾਜ਼ ਸੁਣਨਗੇ।
29ਉਹ ਆਪਣੀਆਂ ਕਬਰਾਂ ਵਿੱਚੋਂ ਬਾਹਰ ਆ ਜਾਣਗੇ। ਜਿਨ੍ਹਾਂ ਨੇ
ਭਲਿਆਈ ਕੀਤੀ, ਉਨ੍ਹਾਂ ਦਾ ਪੁਨਰ-ਉਥਾਨ ਹੋਵੇਗਾ ਅਤੇ ਉਹ
ਸਦੀਪਕ ਜੀਵਨ ਪ੍ਰਾਪਤ ਕਰਨਗੇ। ਪਰ ਜਿਨ੍ਹਾਂ ਨੇ ਬੁਰਿਆਈ
ਕੀਤੀ, ਉਨ੍ਹਾਂ ਦਾ ਪੁਨਰ-ਉਥਾਨ ਦੋਸ਼ੀ ਠਹਿਰਾਏ ਜਾਣ ਲਈ ਹੋਵੇਗਾ।
30“ਮੈਂ ਆਪਣੇ ਆਪ ਕੁਝ ਨਹੀਂ ਕਰ ਸਕਦਾ। ਮੈਂ ਉਸ ਅਧਾਰ
ਤੇ ਨਿਆਂ ਕਰਦਾ ਹਾਂ ਜੋ ਮੈਂ ਪਰਮੇਸ਼ੁਰ ਪਾਸੋਂ ਸੁਣਦਾ ਹਾਂ। ਇਸ ਲਈ
ਮੇਰਾ ਨਿਆਂ ਠੀਕ ਹੈ, ਕਿਉਂਕਿ ਮੈਂ ਆਪਣੀ ਇੱਛਾ ਅਨੁਸਾਰ ਕਰਨ
ਦੀ ਕੋਸ਼ਿਸ਼ ਨਹੀਂ ਕਰਦਾ ਸਗੋਂ ਉਸ ਦੀ ਇੱਛਾ ਅਨੁਸਾਰ ਕਰਨ ਦੀ
ਕੋਸ਼ਿਸ਼ ਕਰਦਾ ਹਾਂ ਜਿਸ ਨੇ ਮੈਨੂੰ ਭੇਜਿਆ ਹੈ।

## ਯਿਸੂ ਦਾ ਯਹੂਦੀਆਂ ਨਾਲ ਸੰਵਾਦ ਜਾਰੀ ਰੱਖਣਾ

31“ਜੇਕਰ ਮੈਂ ਆਪਣੇ ਬਾਰੇ ਸਾਖੀ ਦੇਵਾਂ, ਤਾਂ ਮੇਰੀ ਸਾਖੀ ਦੀ ਕੋਈ
ਕੀਮਤ ਨਹੀਂ ਹੈ। 32ਪਰ ਇੱਕ ਹੋਰ ਹੈ ਜੋ ਮੇਰੇ ਬਾਰੇ ਸਾਖੀ ਦਿੰਦਾ
ਹੈ। ਅਤੇ ਮੈਂ ਜਾਣਦਾ ਹਾਂ ਕਿ ਉਸ ਦੀ ਮੇਰੇ ਬਾਰੇ ਸਾਖੀ ਸੱਚੀ ਹੈ।
33“ਤੁਸੀਂ ਲੋਕਾਂ ਨੂੰ ਯੂਹੰਨਾ ਕੋਲ ਭੇਜਿਆ ਅਤੇ ਉਸ ਨੇ ਸੱਚ ਬਾਰੇ
ਸਾਖੀ ਦਿੱਤੀ। 34ਪਰ ਮੈਂ ਇੱਕ ਆਦਮੀ ਦੀ ਸਾਖੀ ਤੇ ਨਿਰਭਰ ਨਹੀਂ
ਕਰਦਾ। ਮੈਂ ਤੁਹਾਨੂੰ ਇਹ ਗੱਲਾਂ ਇਸ ਲਈ ਕਹਿੰਦਾ ਹਾਂ ਤਾਂਕਿ ਤੁਸੀਂ
ਬਚਾਏ ਜਾ ਸਕੋ। 35ਯੂਹੰਨਾ ਇੱਕ ਦੀਵੇ ਵਾਂਗ ਸੀ ਜੋ ਬਲਿਆ ਤੇ
ਜਿਸ ਨੇ ਚਾਨਣ ਦਿੱਤਾ ਅਤੇ ਤੁਸੀਂ ਕੁਝ ਸਮੇਂ ਲਈ ਉਸ ਚਾਨਣ ਦਾ
ਅਨੰਦ ਲਿਆ।
36“ਪਰ ਜੋ ਸਾਖੀ ਮੈਂ ਆਪਣੇ ਬਾਰੇ ਦਿੰਦਾ ਹਾਂ ਉਹ ਯੂਹੰਨਾ ਦੀ
ਸਾਖੀ ਨਾਲੋਂ ਵੱਡੀ ਹੈ। ਜੋ ਕਾਰਜ ਪਿਤਾ ਨੇ ਮੈਨੂੰ ਕਰਨ ਲਈ ਦਿੱਤਾ
ਹੈ ਉਹ ਮੇਰੇ ਬਾਰੇ ਸਾਖੀ ਦਿੰਦਾ ਹੈ ਕਿ ਪਿਤਾ ਨੇ ਮੈਨੂੰ ਭੇਜਿਆ ਹੈ।
37ਅਤੇ ਉਹ ਪਿਤਾ ਜਿਸ ਨੇ ਮੈਨੂੰ ਭੇਜਿਆ ਉਸ ਨੇ ਮੇਰੇ ਬਾਰੇ ਸਾਖੀ
ਦਿੱਤੀ। ਪਰ ਤੁਸੀਂ ਕਦੇ ਉਸ ਦੀ ਅਵਾਜ਼ ਨਹੀਂ ਸੁਣੀ ਅਤੇ ਤੁਸੀਂ ਕਦੇ
ਉਸ ਦਾ ਰੂਪ ਨਹੀਂ ਵੇਖਿਆ। 38ਉਸ ਪਿਤਾ ਦੇ ਉਪਦੇਸ਼ ਵੀ ਤੁਹਾਡੇ
ਅੰਦਰ ਨਹੀਂ ਹਨ, ਕਿਉਂਕਿ ਤੁਸੀਂ ਉਸ ਉੱਤੇ ਵਿਸ਼ਵਾਸ ਨਹੀਂ ਕਰਦੇ
ਜਿਸ ਨੂੰ ਪਿਤਾ ਨੇ ਭੇਜਿਆ ਹੈ। 39ਤੁਸੀਂ ਇਹ ਸੋਚ ਕੇ ਪੋਥੀਆਂ ਨੂੰ
ਧਿਆਨ ਨਾਲ ਪੜ੍ਹਦੇ ਹੋ ਕਿ ਤੁਸੀਂ ਉਨ੍ਹਾਂ ਰਾਹੀਂ ਸਦੀਪਕ ਜੀਵਨ
ਪ੍ਰਾਪਤ ਕਰੋਗੇ। ਉਹੀ ਪੋਥੀਆਂ ਮੇਰੇ ਬਾਰੇ ਸਾਖੀ ਦਿੰਦੀਆਂ ਹਨ!
40ਹਾਲੇ ਵੀ ਤੁਸੀਂ ਉਸ ਸਦੀਪਕ ਜੀਵਨ ਨੂੰ ਪ੍ਰਾਪਤ ਕਰਨ ਲਈ
ਮੇਰੇ ਕੋਲ ਆਉਣ ਤੋਂ ਇਨਕਾਰ ਕਰਦੇ ਹੋ।
41“ਮੈਨੂੰ ਲੋਕਾਂ ਤੋਂ ਉਸਤਤ ਕਰਾਉਣ ਦੀ ਲੋੜ ਨਹੀਂ। 42ਪਰ ਮੈਂ
ਤੁਹਾਨੂੰ ਜਾਣਦਾ ਹਾਂ ਅਤੇ ਮੈਂ ਜਾਣਦਾ ਹਾਂ ਕਿ ਤੁਹਾਡੇ ਅੰਦਰ ਪਰਮੇਸ਼ੁਰ
ਦਾ ਪਿਆਰ ਨਹੀਂ ਹੈ। 43ਮੈਂ ਆਪਣੇ ਪਿਤਾ ਦੇ ਨਾਮ ਤੋਂ ਆਇਆ ਹਾਂ,
ਪਰ ਹਾਲੇ ਵੀ ਤੁਸੀਂ ਮੈਨੂੰ ਨਹੀਂ ਕਬੂਲਦੇ। ਜੇਕਰ ਦੂਸਰਾ ਵਿਅਕਤੀ
ਆਪਣੇ ਖੁਦ ਦੇ ਨਾਮ ਉੱਤੇ ਆਉਂਦਾ ਹੈ ਤਾਂ ਤੁਸੀਂ ਉਸ ਨੂੰ ਕਬੂਲ
ਕਰ ਲਵੋਗੇ। 44ਤੁਸੀਂ ਇੱਕ ਦੂਜੇ ਤੋਂ ਉਸਤਤ ਚਾਹੁੰਦੇ ਹੋ, ਪਰ
ਤੁਸੀਂ ਉਸ ਉਸਤਤ ਦੀ ਚਾਹਨਾ ਨਹੀਂ ਰੱਖਦੇ ਜਿਹੜੀ ਪਰਮੇਸ਼ੁਰ
ਵੱਲੋਂ ਆਉਂਦੀ ਹੈ। ਤਾਂ ਫਿਰ ਤੁਸੀਂ ਕਿਵੇਂ ਮੇਰੇ ਉੱਤੇ ਵਿਸ਼ਵਾਸ ਕਰ
ਸਕਦੇ ਹੋ? 45ਇਹ ਨਾ ਸੋਚੋ ਕਿ ਪਿਤਾ ਦੇ ਸਾਹਮਣੇ ਮੈਂ ਤੁਹਾਨੂੰ ਦੋਸ਼ੀ
ਠਹਿਰਾਵਾਂਗਾ। ਜੋ ਤੁਹਾਨੂੰ ਦੋਸ਼ੀ ਠਹਿਰਾਉਂਦਾ ਹੈ ਉਹ ਮੂਸਾ ਹੈ ਅਤੇ
ਤੁਸੀਂ ਆਪਣੀ ਆਸ ਉਸ ਉੱਤੇ ਰੱਖੀ ਹੋਈ ਹੈ। 46ਜੇਕਰ ਤੁਸੀਂ ਮੂਸਾ
ਤੇ ਵਿਸ਼ਵਾਸ ਕੀਤਾ ਹੁੰਦਾ ਤਾਂ ਤੁਸੀਂ ਮੇਰੇ ਤੇ ਵਿਸ਼ਵਾਸ ਕੀਤਾ ਹੁੰਦਾ,
ਕਿਉਂਕਿ ਉਸ ਨੇ ਮੇਰੇ ਬਾਰੇ ਲਿਖਿਆ। 47ਤੁਸੀਂ ਉਸ ਦੀਆਂ ਲਿਖਤਾਂ
ਤੇ ਵਿਸ਼ਵਾਸ ਨਹੀਂ ਕਰਦੇ, ਫੇਰ ਤੁਸੀਂ ਮੇਰੇ ਸ਼ਬਦਾਂ ਤੇ ਵਿਸ਼ਵਾਸ
ਕਿਵੇਂ ਕਰੋਗੇ।”

## ਯਿਸੂ ਵੱਲੋਂ ਪੰਜ ਹਜ਼ਾਰ ਤੋਂ ਵੱਧ ਲੋਕਾਂ ਨੂੰ ਭੋਜਨ ਖੁਆਉਣਾ

*(ਮੱਤੀ 14:13–21; ਮਰਕੁਸ 6:30–44; ਲੂਕਾ 9:10–17)*

**6** 1ਇਸ ਤੋਂ ਬਾਅਦ ਯਿਸੂ ਗਲੀਲ ਝੀਲ ਅਰਥਾਤ
ਤਿਬਿਰਿਯਾਸ ਝੀਲ ਦੇ ਦੂਜੇ ਪਾਸੇ ਗਿਆ। 2ਬਹੁਤ ਸਾਰੇ
ਲੋਕ ਉਸ ਦੇ ਨਾਲ ਗਏ। ਉਹ ਇਸ ਲਈ ਗਏ, ਕਿਉਂਕਿ ਉਨ੍ਹਾਂ ਨੇ
ਯਿਸੂ ਦੇ ਚੰਗਾ ਕਰਨ ਦੇ ਕਰਿਸ਼ਮੇ ਵੇਖੇ ਸਨ। 3ਯਿਸੂ ਪਹਾੜੀ ਉੱਤੇ
ਗਿਆ ਅਤੇ ਉੱਥੇ ਆਪਣੇ ਚੇਲਿਆਂ ਨਾਲ ਬੈਠ ਗਿਆ। 4ਯਹੂਦੀਆਂ
ਦੇ ਪਸਾਹ ਦੇ ਤਿਉਹਾਰ ਦਾ ਸਮਾਂ ਨੇੜੇ ਆ ਰਿਹਾ ਸੀ।
5ਯਿਸੂ ਨੇ ਅੱਖਾਂ ਚੁੱਕੀਆਂ ਅਤੇ ਬਹੁਤ ਸਾਰੇ ਲੋਕਾਂ ਨੂੰ ਆਪਣੀ
ਵੱਲ ਆਉਂਦਿਆਂ ਵੇਖਿਆ। ਉਸ ਨੇ ਫਿਲਿੱਪੁਸ ਨੂੰ ਆਖਿਆ, “ਅਸੀਂ
ਇਨ੍ਹਾਂ ਲੋਕਾਂ ਦੇ ਖਾਣ ਲਈ ਰੋਟੀਆਂ ਕਿੱਥੋਂ ਖਰੀਦ ਸਕਦੇ ਹਾਂ?”
6ਯਿਸੂ ਨੇ ਇਹ ਪ੍ਰਸ਼ਨ ਫਿਲਿੱਪੁਸ ਨੂੰ ਪਰਖਣ ਵਾਸਤੇ ਹੀ ਪੁੱਛਿਆ
ਸੀ। ਜੋ ਯਿਸੂ ਕਰਨ ਵਾਲਾ ਸੀ ਉਹ ਪਹਿਲਾਂ ਹੀ ਜਾਣਦਾ ਸੀ।
7ਫਿਲਿੱਪੁਸ ਨੇ ਉੱਤਰ ਦਿੱਤਾ, “ਭਾਵੇਂ ਅਸੀਂ ਸਾਰੇ ਇੱਕ ਮਹੀਨਾ
ਕੰਮ ਕਰੀਏ ਤਾਂ ਵੀ ਅਸੀਂ ਇਨ੍ਹਾਂ ਸਾਰਿਆਂ ਨੂੰ ਰੋਟੀ ਦਾ ਇੱਕ ਛੋਟਾ
ਜਿਹਾ ਟੁਕੜਾ ਹੀ ਦੇਣ ਯੋਗ ਹੋਵਾਂਗੇ।”
8ਉੱਥੇ ਇੱਕ ਹੋਰ ਚੇਲਾ ਸੀ ਅੰਦ੍ਰਿਯਾਸ, ਜੋ ਕਿ ਸ਼ਮਊਨ ਪਤਰਸ
ਦਾ ਭਰਾ ਸੀ ਅਤੇ ਉਸ ਨੇ ਆਖਿਆ, 9“ਇੱਥੇ ਇੱਕ ਮੁੰਡਾ ਹੈ ਜਿਸ
ਕੋਲ ਪੰਜ ਰੋਟੀਆਂ ਅਤੇ ਦੋ ਮੱਛੀਆਂ ਹਨ, ਪਰ ਇਹ ਇੰਨੇ ਸਾਰੇ
ਲੋਕਾਂ ਲਈ ਕਿਵੇਂ ਕਾਫ਼ੀ ਹੋਣਗੀਆਂ?”
10ਯਿਸੂ ਨੇ ਆਖਿਆ, “ਲੋਕਾਂ ਨੂੰ ਆਖੋ ਕਿ ਉਹ ਬੈਠ ਜਾਣ।”
ਉਸ ਥਾਂ ਤੇ ਬਹੁਤ ਸਾਰਾ ਘਾਹ ਸੀ ਅਤੇ ਪੰਜ ਹਜ਼ਾਰ ਆਦਮੀ ਉੱਥੇ
ਬੈਠ ਗਏ। 11ਤਦ ਯਿਸੂ ਨੇ ਰੋਟੀਆਂ ਆਪਣੇ ਹੱਥਾਂ ਵਿੱਚ ਲਈਆਂ
ਅਤੇ ਉਨ੍ਹਾਂ ਲਈ ਪਰਮੇਸ਼ੁਰ ਦਾ ਧੰਨਵਾਦ ਕੀਤਾ ਤੇ ਬੈਠੇ ਹੋਏ ਲੋਕਾਂ
ਨੂੰ ਦਿੱਤੀਆਂ। ਉਸ ਨੇ ਉਨ੍ਹਾਂ ਮੱਛੀਆਂ ਨਾਲ ਵੀ ਇਸੇ ਤਰ੍ਹਾਂ ਕੀਤਾ।
ਯਿਸੂ ਨੇ ਲੋਕਾਂ ਨੂੰ ਉਨ੍ਹਾਂ ਦੀ ਲੋੜ ਮੁਤਾਬਕ ਪ੍ਰਦਾਨ ਕੀਤਾ।
12ਸਾਰੇ ਲੋਕਾਂ ਨੇ ਉਦੋਂ ਤੱਕ ਖਾਧਾ ਜਦੋਂ ਤੱਕ ਉਹ ਰੱਜ ਨਾ ਗਏ।
ਫਿਰ ਯਿਸੂ ਨੇ ਆਪਣੇ ਚੇਲਿਆਂ ਨੂੰ ਆਖਿਆ, “ਬਚੀ ਹੋਈ ਰੋਟੀ
ਅਤੇ ਮੱਛੀਆਂ ਦੇ ਟੁਕੜੇ ਇਕੱਠੇ ਕਰ ਲਓ, ਕੁਝ ਵੀ ਜ਼ਾਇਆ ਨਾ
ਕਰੋ।” 13ਤਦ ਚੇਲਿਆਂ ਨੇ ਬਚੇ ਹੋਏ ਟੁਕੜਿਆਂ ਨੂੰ ਇਕੱਠਾ ਕੀਤਾ।
ਚੇਲਿਆਂ ਨੇ ਲੋਕਾਂ ਦੁਆਰਾ ਪੰਜ ਜੌਂ ਦੀਆਂ ਰੋਟੀਆਂ ਦੇ ਛੱਡੇ ਹੋਏ
ਟੁਕੜਿਆਂ ਨਾਲ 12 ਟੋਕਰੀਆਂ ਭਰੀਆਂ।
14ਯਿਸੂ ਦੀ ਕਰਾਮਾਤ ਨੂੰ ਲੋਕਾਂ ਨੇ ਵੇਖਿਆ ਅਤੇ ਆਖਿਆ,
“ਸੱਚਮੁੱਚ ਇਹ ਓਹੀ ਨਬੀ ਹੈ ਜਿਹੜਾ ਦੁਨੀਆ ਵਿੱਚ ਆਉਣ
ਵਾਲਾ ਸੀ।”
15ਜਦੋਂ ਯਿਸੂ ਨੂੰ ਪਤਾ ਲੱਗਾ ਕਿ ਲੋਕ ਬਦੋ-ਬਦੀ ਉਸ ਨੂੰ ਆਪਣਾ
ਬਾਦਸ਼ਾਹ ਬਣਾਉਣਾ ਚਾਹੁੰਦੇ ਹਨ ਤਾਂ ਯਿਸੂ ਉੱਥੋਂ ਵਿਦਾ ਹੋ ਕੇ ਇਕੱਲਾ
ਹੀ ਪਹਾੜਾਂ ਵੱਲ ਚਲਾ ਗਿਆ।

## ਯਿਸੂ ਦਾ ਪਾਣੀ ਉੱਤੇ ਚੱਲਣਾ

*(ਮੱਤੀ 14:22–27; ਮਰਕੁਸ 6:45–52)*

16ਸ਼ਾਮ ਨੂੰ, ਯਿਸੂ ਦੇ ਚੇਲੇ ਝੀਲ ਵੱਲ ਨੂੰ ਗਏ। 17ਪਹਿਲਾਂ ਤੋਂ ਹੀ

ਹਨੇਰਾ ਸੀ ਅਤੇ ਅਜੇ ਤੱਕ ਯਿਸੂ ਉਨ੍ਹਾਂ ਕੋਲ ਨਹੀਂ ਪਰਤਿਆ ਸੀ।
ਚੇਲੇ ਕਿਸ਼ਤੀ ਵਿੱਚ ਬੈਠੇ ਅਤੇ ਕਫਰਨਾਹੂਮ ਵੱਲ ਨੂੰ ਚੱਲ ਪਏ ਜੋ
ਕਿ ਝੀਲ ਦੇ ਦੂਜੇ ਪਾਸੇ ਸੀ। **18**ਤੇਜ਼ ਹਵਾ ਚੱਲ ਰਹੀ ਸੀ ਅਤੇ
ਝੀਲ ਦੀਆਂ ਲਹਿਰਾਂ ਵੱਡੀਆਂ ਤੋਂ ਵੱਡੀਆਂ ਹੋ ਗਈਆਂ। **19**ਚੇਲੇ
ਲਗਭਗ ਤਿੰਨ ਜਾਂ ਚਾਰ ਮੀਲ ਝੀਲ ਅਗਾਂਹ ਜਾ ਚੁੱਕੇ ਸਨ। ਤਦ
ਉਨ੍ਹਾਂ ਨੇ ਯਿਸੂ ਨੂੰ ਵੇਖਿਆ। ਉਹ ਪਾਣੀ ਉੱਤੇ ਚੱਲ ਰਿਹਾ ਸੀ। ਚੇਲੇ
ਯਿਸੂ ਨੂੰ ਕਿਸ਼ਤੀ ਦੇ ਨੇੜੇ ਆਉਂਦਾ ਵੇਖ ਕੇ ਡਰ ਗਏ। **20**ਪਰ
ਯਿਸੂ ਨੇ ਉਨ੍ਹਾਂ ਨੂੰ ਕਿਹਾ, "ਮੈਂ ਹਾਂ, ਡਰੋ ਨਾ।" **21**ਜਦੋਂ ਯਿਸੂ ਨੇ ਇਹ
ਆਖਿਆ ਤਾਂ ਉਹ ਯਿਸੂ ਨੂੰ ਬੇੜੀ ਉੱਤੇ ਚੜ੍ਹਾ ਕੇ ਖੁਸ਼ ਹੋ ਗਏ।
ਉਸ ਤੋਂ ਬਾਅਦ ਜਿੱਥੇ ਉਨ੍ਹਾਂ ਨੇ ਪੁੱਜਣਾ ਸੀ, ਬੇੜੀ ਉੱਥੇ ਜਾ ਪਹੁੰਚੀ।

## ਲੋਕ ਯਿਸੂ ਨੂੰ ਭਾਲਦੇ ਹਨ

**22**ਅਗਲੀ ਸਵੇਰ, ਜੋ ਲੋਕ ਝੀਲ ਦੇ ਦੂਜੇ ਕੰਢੇ ਤੇ ਠਹਿਰੇ ਹੋਏ ਸਨ
ਉਹ ਜਾਣਦੇ ਸਨ ਕਿ ਯਿਸੂ ਆਪਣੇ ਚੇਲਿਆਂ ਨਾਲ ਬੇੜੀ ਵਿੱਚ ਨਹੀਂ
ਗਿਆ ਅਤੇ ਉਹ ਜਾਣਦੇ ਸਨ ਕਿ ਯਿਸੂ ਦੇ ਚੇਲੇ ਇਕੱਲੇ ਹੀ ਬੇੜੀ
ਵਿੱਚ ਗਏ ਸਨ। ਉਹ ਇਹ ਵੀ ਜਾਣਦੇ ਸਨ ਕਿ ਉੱਥੇ ਕੇਵਲ ਇਹੀ
ਇੱਕ ਬੇੜੀ ਸੀ। **23**ਪਰ ਤਦ ਤਿਬਿਰਿਯਾਸ ਵੱਲੋਂ ਕੁਝ ਬੇੜੀਆਂ
ਉਸ ਥਾਂ ਤੇ ਆਈਆਂ ਜਿੱਥੇ ਪ੍ਰਭੂ ਵੱਲੋਂ ਸ਼ੁਕਰ ਕਰਨ ਤੋਂ ਬਾਅਦ
ਉਨ੍ਹਾਂ ਨੇ ਰੋਟੀ ਖਾਧੀ ਸੀ। **24**ਫਿਰ ਭੀੜ ਨੇ ਉੱਥੇ ਨਾ ਤਾਂ ਯਿਸੂ ਨੂੰ
ਵੇਖਿਆ ਅਤੇ ਨਾ ਹੀ ਉਸ ਦੇ ਚੇਲਿਆਂ ਨੂੰ। ਇਸ ਲਈ ਉਹ ਉਨ੍ਹਾਂ
ਕਿਸ਼ਤੀਆਂ ਉੱਤੇ ਚੜ੍ਹੇ ਅਤੇ ਯਿਸੂ ਨੂੰ ਲੱਭਣ ਲਈ ਕਫਰਨਾਹੂਮ
ਨੂੰ ਆ ਗਏ।

## ਯਿਸੂ ਜੀਵਨ ਦੀ ਰੋਟੀ

**25**ਜਦੋਂ ਲੋਕਾਂ ਨੇ ਯਿਸੂ ਨੂੰ ਝੀਲ ਦੇ ਪਰਲੇ ਪਾਸੇ ਲੱਭਿਆ ਤਾਂ ਉਨ੍ਹਾਂ ਨੇ
ਉਸ ਨੂੰ ਪੁੱਛਿਆ, "ਗੁਰੂ ਜੀ, ਤੁਸੀਂ ਇੱਥੇ ਕਦੋਂ ਆਏ?"
**26**ਯਿਸੂ ਨੇ ਆਖਿਆ, "ਤੁਸੀਂ ਮੇਰੀ ਭਾਲ ਕਿਉਂ ਕਰ ਰਹੇ ਹੋ? ਕੀ
ਇਸ ਲਈ ਕਿ ਤੁਸੀਂ ਮੈਨੂੰ ਕਰਿਸ਼ਮੇ ਕਰਦਿਆਂ ਵੇਖਿਆ ਹੈ ਜਿਹੜੇ
ਕਿ ਮੇਰੀ ਸ਼ਕਤੀ ਨੂੰ ਸਾਬਤ ਕਰਦੇ ਹਨ? ਨਹੀਂ! ਮੈਂ ਤੁਹਾਨੂੰ ਸੱਚ
ਕਹਿੰਦਾ ਹਾਂ ਕਿ ਤੁਸੀਂ ਮੇਰੀ ਭਾਲ ਇਸ ਲਈ ਕਰ ਰਹੇ ਸੀ, ਕਿਉਂਕਿ
ਤੁਸੀਂ ਰੋਟੀ ਖਾਧੀ ਤੇ ਤ੍ਰਿਪਤ ਹੋ ਗਏ। **27**ਨਾਸ ਹੋਣ ਵਾਲਾ ਭੋਜਨ
ਪ੍ਰਾਪਤ ਕਰਨ ਲਈ ਕੰਮ ਨਾ ਕਰੋ, ਪਰ ਉਸ ਭੋਜਨ ਲਈ ਕੰਮ ਕਰੋ
ਜੋ ਹਮੇਸ਼ਾ ਲਈ ਰਹਿੰਦਾ ਅਤੇ ਜੋ ਤੁਹਾਨੂੰ ਸਦੀਪਕ ਜੀਵਨ ਦਿੰਦਾ ਹੈ।
ਮਨੁੱਖ ਦਾ ਪੁੱਤਰ ਉਹ ਭੋਜਨ ਦੇਵੇਗਾ। ਪਿਤਾ ਪਰਮੇਸ਼ੁਰ ਨੇ ਆਪਣੀ
ਪਰਵਾਨਗੀ ਦੀ ਮੋਹਰ ਮਨੁੱਖ ਦੇ ਪੁੱਤਰ ਉੱਤੇ ਲਾ ਦਿੱਤੀ ਹੈ।"
**28**ਭੀੜ ਨੇ ਪੁੱਛਿਆ, "ਉਹ ਕਿਹੜੀਆਂ ਕਰਨੀਆਂ ਹਨ
ਜਿਹੜੀਆਂ ਪਰਮੇਸ਼ੁਰ ਸਾਥੋਂ ਕਰਨ ਦੀ ਆਸ ਰੱਖਦਾ ਹੈ?"
**29**ਯਿਸੂ ਨੇ ਉੱਤਰ ਦਿੱਤਾ, "ਪਰਮੇਸ਼ੁਰ ਤੁਹਾਥੋਂ ਇਸ ਗੱਲ ਦੀ
ਆਸ ਰੱਖਦਾ ਹੈ ਕਿ ਜਿਸ ਨੂੰ ਉਸ ਨੇ ਭੇਜਿਆ ਤੁਸੀਂ ਉਸ ਉੱਤੇ
ਵਿਸ਼ਵਾਸ ਕਰੋ।"
**30**ਭੀੜ ਨੇ ਪੁੱਛਿਆ, "ਤੂੰ ਕਿਹੜਾ ਕਰਿਸ਼ਮਾ ਕਰੇਂਗਾ ਕਿ ਅਸੀਂ
ਵੇਖ ਸਕੀਏ ਅਤੇ ਵਿਸ਼ਵਾਸ ਕਰ ਸਕੀਏ? ਤੂੰ ਕੀ ਕਰਨ ਵਾਲਾ ਹੈਂ?
**31**ਸਾਡੇ ਪੂਰਵਜਾਂ ਨੇ ਉਜਾੜ ਵਿੱਚ ਮੰਨਾ ਖਾਧਾ ਜਿਵੇਂ ਕਿ ਪੋਥੀਆਂ
ਵਿੱਚ ਲਿਖਿਆ ਹੋਇਆ ਹੈ, 'ਉਸ ਨੇ ਸਵਰਗ ਤੋਂ ਉਨ੍ਹਾਂ ਨੂੰ ਰੋਟੀ
ਖਾਣ ਨੂੰ ਦਿੱਤੀ।'[a]"
**32**ਯਿਸੂ ਨੇ ਆਖਿਆ, "ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ ਇਹ
ਮੂਸਾ ਨਹੀਂ ਸੀ ਜਿਸ ਨੇ ਤੁਹਾਨੂੰ ਸਵਰਗੀ ਰੋਟੀ ਖਾਣ ਨੂੰ ਦਿੱਤੀ।
ਇਹ ਮੇਰਾ ਪਿਤਾ ਹੈ ਜੋ ਤੁਹਾਨੂੰ ਸਵਰਗ ਤੋਂ ਸੱਚੀ ਰੋਟੀ ਦਿੰਦਾ ਹੈ।
**33**ਪਰਮੇਸ਼ੁਰ ਦੀ ਰੋਟੀ ਉਹ ਹੈ ਜੋ ਸਵਰਗਾਂ ਤੋਂ ਉੱਤਰਦੀ ਹੈ ਅਤੇ
ਸੰਸਾਰ ਨੂੰ ਜੀਵਨ ਦਿੰਦੀ ਹੈ।"
**34**ਲੋਕਾਂ ਨੇ ਆਖਿਆ, "ਪ੍ਰਭੂ, ਉਹ ਰੋਟੀ ਸਾਨੂੰ ਹਮੇਸ਼ਾ ਦੇਵੀਂ।"
**35**ਯਿਸੂ ਨੇ ਉਨ੍ਹਾਂ ਨੂੰ ਕਿਹਾ "ਮੈਂ ਹੀ ਜੀਵਨ ਦੀ ਰੋਟੀ ਹਾਂ। ਜਿਹੜਾ
ਕੋਈ ਮੇਰੇ ਕੋਲ ਆਉਂਦਾ ਹੈ ਉਹ ਕਦੇ ਭੁੱਖਾ ਨਹੀਂ ਰਹੇਗਾ ਅਤੇ
ਜਿਹੜਾ ਮੇਰੇ ਵਿੱਚ ਵਿਸ਼ਵਾਸ ਕਰਦਾ ਹੈ ਉਹ ਕਦੇ ਪਿਆਸਾ ਨਹੀਂ
ਰਹੇਗਾ। **36**ਮੈਂ ਤੁਹਾਨੂੰ ਪਹਿਲਾਂ ਵੀ ਆਖਿਆ ਸੀ ਕਿ ਤੁਸੀਂ ਮੈਨੂੰ
ਵੇਖਿਆ ਹੈ, ਪਰ ਤਾਂ ਵੀ ਤੁਸੀਂ ਨਿਹਚਾ ਨਹੀਂ ਕਰਦੇ। **37**ਜਿਨ੍ਹਾਂ
ਲੋਕਾਂ ਨੂੰ ਪਰਮੇਸ਼ੁਰ ਦਿੰਦਾ ਹੈ ਉਹ ਮੇਰੇ ਕੋਲ ਆਉਣਗੇ ਅਤੇ ਮੈਂ
ਉਸ ਹਰ ਮਨੁੱਖ ਨੂੰ ਸਵੀਕਾਰ ਕਰਾਂਗਾ, ਬਲਕਿ ਉਸ ਨੂੰ ਕੱਢਾਂਗਾ
ਨਹੀਂ। **38**ਕਿਉਂਕਿ ਮੈਂ ਸਵਰਗ ਤੋਂ ਆਪਣੀ ਖੁਦ ਦੀ ਇੱਛਾ ਅਨੁਸਾਰ
ਕਰਨ ਨਹੀਂ ਆਇਆ, ਸਗੋਂ ਪਰਮੇਸ਼ੁਰ ਦੀ ਇੱਛਾ ਅਨੁਸਾਰ ਕਰਨ
ਆਇਆ ਹਾਂ। **39**ਜ਼ਰੂਰੀ ਹੈ ਜੋ ਮੈਂ ਉਨ੍ਹਾਂ ਵਿੱਚੋਂ ਇੱਕ ਵੀ ਵਿਅਕਤੀ
ਨੂੰ ਨਾ ਗੁਆਵਾਂ ਜੋ ਪਰਮੇਸ਼ੁਰ ਨੇ ਮੈਨੂੰ ਦਿੱਤੇ ਹਨ। ਪਰ ਮੈਂ ਉਨ੍ਹਾਂ ਨੂੰ
ਅੰਤਲੇ ਦਿਨ ਜੀਉਂਦਾ ਉਠਾਵਾਂਗਾ। ਉਹ ਜਿਸ ਨੇ ਮੈਨੂੰ ਭੇਜਿਆ ਹੈ,
ਇਹੀ ਆਸ ਰੱਖਦਾ ਹੈ। **40**ਮੇਰੇ ਪਿਤਾ ਦੀ ਇੱਛਾ ਹੈ: ਹਰ ਕੋਈ ਜੋ
ਪੁੱਤਰ ਨੂੰ ਵੇਖਦਾ ਅਤੇ ਉਸ ਉੱਤੇ ਨਿਹਚਾ ਕਰਦਾ ਹੈ, ਸੋ ਸਦੀਪਕ
ਜੀਵਨ ਪਾਵੇ। ਮੈਂ ਉਸ ਨੂੰ ਅੰਤ ਦੇ ਦਿਨ ਜੀਉਂਦਾ ਉਠਾਵਾਂਗਾ।"
**41**ਫੇਰ ਯਹੂਦੀ ਉਸ ਉੱਤੇ ਬੁੜਬੁੜਾਉਣ ਲੱਗੇ, ਕਿਉਂਕਿ ਉਸ
ਨੇ ਆਖਿਆ, "ਮੈਂ ਹੀ ਉਹ ਰੋਟੀ ਹਾਂ ਜੋ ਸਵਰਗ ਤੋਂ ਉੱਤਰੀ ਹੈ।"
**42**ਯਹੂਦੀਆਂ ਨੇ ਆਖਿਆ, "ਉਹ ਯਿਸੂ ਹੈ। ਉਹ ਯੂਸੁਫ਼ ਦ ਪੁੱਤਰ
ਹੈ। ਅਸੀਂ ਉਸ ਦੇ ਮਾਤਾ-ਪਿਤਾ ਨੂੰ ਜਾਣਦੇ ਹਾਂ। ਫਿਰ ਭਲਾ ਉਹ ਕਿਵੇਂ
ਕਹਿ ਸਕਦਾ ਹੈ, 'ਮੈਂ ਸਵਰਗੋਂ ਉੱਤਰਿਆ ਹਾਂ'?"
**43**ਪਰ ਯਿਸੂ ਨੇ ਆਖਿਆ, "ਆਪਸ ਵਿੱਚ ਬੁੜਬੁੜਾਉਣਾ ਬੰਦ
ਕਰੋ। **44**ਕੋਈ ਵੀ ਵਿਅਕਤੀ ਮੇਰੇ ਤੱਕ ਨਹੀਂ ਆ ਸਕਦਾ ਜਦੋਂ
ਤੱਕ ਕਿ ਪਿਤਾ ਜਿਸ ਨੇ ਮੈਨੂੰ ਭੇਜਿਆ ਹੈ, ਉਸ ਨੂੰ ਮੇਰੇ ਤੱਕ ਨਹੀਂ
ਲਿਆਉਂਦਾ। ਮੈਂ ਉਸ ਮਨੁੱਖ ਨੂੰ ਅੰਤਲੇ ਦਿਨ ਜੀਉਂਦਾ ਉਠਾਵਾਂਗਾ।
**45**ਇਹ ਨਬੀਆਂ ਦੀਆਂ ਕਿਤਾਬਾਂ ਵਿੱਚ ਲਿਖਿਆ ਹੋਇਆ ਹੈ:
'ਉਹ ਪਰਮੇਸ਼ੁਰ ਦੁਆਰਾ ਸਮਝਾਏ ਜਾਣਗੇ।'[b] ਹਰ ਕੋਈ ਜਿਹੜਾ
ਆਪਣੇ ਪਿਤਾ ਨੂੰ ਸੁਣਦਾ ਅਤੇ ਉਸ ਕੋਲੋਂ ਸਿੱਖਦਾ ਹੈ, ਮੇਰੇ ਕੋਲ
ਆਉਂਦਾ ਹੈ। **46**ਕਿਸੇ ਨੇ ਵੀ ਪਿਤਾ ਨੂੰ ਨਹੀਂ ਵੇਖਿਆ। ਉਹ ਇੱਕ,
ਜਿਹੜਾ ਪਰਮੇਸ਼ੁਰ ਤੋਂ ਆਇਆ ਹੈ, ਉਹੀ ਹੈ ਜਿਸ ਨੇ ਪਿਤਾ ਨੂੰ
ਵੇਖਿਆ।
**47**"ਮੈਂ ਤੁਹਾਨੂੰ ਸੱਚ ਆਖਦਾ ਹਾਂ, ਜੋ ਮਨੁੱਖ ਨਿਹਚਾ ਰੱਖਦਾ ਹੈ
ਸਦੀਪਕ ਜੀਵਨ ਪਾਉਂਦਾ ਹੈ। **48**ਮੈਂ ਹੀ ਜੀਵਨ ਦੀ ਰੋਟੀ ਹਾਂ।
**49**ਤੁਹਾਡੇ ਪੂਰਵਜਾਂ ਨੇ ਉਜਾੜ ਵਿੱਚ ਮੰਨਾ ਖਾਧਾ ਅਤੇ ਮਰ ਗਏ।
**50**ਮੈਂ ਉਹ ਰੋਟੀ ਹਾਂ ਜੋ ਸਵਰਗ ਤੋਂ ਹੇਠਾਂ ਆਉਂਦੀ ਹੈ। ਜੇਕਰ ਕੋਈ
ਵੀ ਇਹ ਰੋਟੀ ਖਾਂਦਾ ਹੈ ਉਹ ਕਦੇ ਨਹੀਂ ਮਰੇਗਾ। **51**ਮੈਂ ਜੀਉਂਦੀ
ਰੋਟੀ ਹਾਂ, ਜੋ ਸਵਰਗ ਤੋਂ ਹੇਠਾਂ ਆਈ ਹੈ। ਉਹ ਜਿਹੜਾ ਇਹ ਰੋਟੀ
ਖਾਂਦਾ ਹੈ, ਸਦਾ ਜੀਵੇਗਾ। ਇਹ ਰੋਟੀ ਮੇਰਾ ਸਰੀਰ ਹੈ। ਮੈਂ ਆਪਣਾ
ਸਰੀਰ ਦਿੰਦਾ ਹਾਂ ਤਾਂ ਜੋ ਇਸ ਦੁਨੀਆ ਦੇ ਲੋਕਾਂ ਨੂੰ ਜੀਵਨ ਮਿਲ
ਸਕੇ।"

[a] *6:31* ਹਵਾਲਾ: ਜ਼ਬੂਰ 78:24

[b] *6:45* ਹਵਾਲਾ: ਯਸਾਯਾਹ 54:13

52ਫੇਰ ਯਹੂਦੀਆਂ ਨੇ ਆਪਸ ਵਿੱਚ ਬਹਿਸ ਕਰਨੀ ਸ਼ੁਰੂ ਕਰ
ਦਿੱਤੀ, "ਭਲਾ ਇਹ ਆਦਮੀ ਸਾਨੂੰ ਆਪਣਾ ਸਰੀਰ ਖਾਣ ਲਈ
ਕਿਵੇਂ ਦੇ ਸਕਦਾ ਹੈ?"
53ਯਿਸੂ ਨੇ ਆਖਿਆ, "ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜਦੋਂ ਤੱਕ
ਤੁਸੀਂ ਮਨੁੱਖ ਦੇ ਪੁੱਤਰ ਦਾ ਸਰੀਰ ਨਹੀਂ ਖਾਂਦੇ ਅਤੇ ਲਹੂ ਨਹੀਂ ਪੀਂਦੇ,
ਤੁਹਾਡੇ ਵਿੱਚ ਸੱਚਾ ਜੀਵਨ ਨਹੀਂ ਹੋਵੇਗਾ। 54ਉਹ ਮਨੁੱਖ ਜਿਹੜਾ
ਮੇਰਾ ਮਾਸ ਖਾਂਦਾ ਅਤੇ ਮੇਰਾ ਲਹੂ ਪੀਂਦਾ ਹੈ, ਸਦੀਪਕ ਜੀਵਨ ਉਸੇ
ਦਾ ਹੈ ਅਤੇ ਮੈਂ ਉਸ ਨੂੰ ਅਖੀਰਲੇ ਦਿਨ ਜੀਉਂਦਾ ਉਠਾਵਾਂਗਾ।
55ਮੇਰਾ ਸਰੀਰ ਸੱਚਾ ਭੋਜਨ ਹੈ ਅਤੇ ਮੇਰਾ ਲਹੂ ਅਸਲੀ ਪੀਣ ਦੀ
ਵਸਤੂ ਹੈ। 56ਉਹ ਜਿਹੜਾ ਮੇਰਾ ਮਾਸ ਖਾਂਦਾ ਅਤੇ ਮੇਰਾ ਲਹੂ ਪੀਂਦਾ
ਹੈ, ਮੇਰੇ ਵਿੱਚ ਰਹਿੰਦਾ ਹੈ ਅਤੇ ਮੈਂ ਉਸ ਵਿੱਚ ਰਹਿੰਦਾ ਹਾਂ।
57"ਜੀਉਂਦੇ ਪਿਤਾ ਨੇ ਮੈਨੂੰ ਭੇਜਿਆ ਅਤੇ ਮੈਂ ਪਿਤਾ ਦੇ ਕਾਰਨ
ਜੀਉਂਦਾ ਹਾਂ, ਇਸ ਲਈ ਜੋ ਮੈਨੂੰ ਖਾਂਦਾ ਹੈ ਉਹ ਮੇਰੇ ਰਾਹੀਂ ਜੀਵੇਗਾ।
58ਮੈਂ ਉਸ ਰੋਟੀ ਵਰਗਾ ਨਹੀਂ ਹਾਂ ਜਿਹੜੀ ਸਾਡੇ ਪੁਰਖਿਆਂ ਨੇ
ਉਜਾੜ ਵਿੱਚ ਖਾਧੀ ਸੀ। ਉਨ੍ਹਾਂ ਨੇ ਉਹ ਰੋਟੀ ਖਾਧੀ, ਪਰ ਬਾਕੀ
ਲੋਕਾਂ ਵਾਂਗ ਉਹ ਵੀ ਮਰ ਗਏ। ਮੈਂ ਸਵਰਗ ਤੋਂ ਉੱਤਰੀ ਰੋਟੀ ਹਾਂ
ਅਤੇ ਜੋ ਇਹ ਰੋਟੀ ਖਾਵੇਗਾ ਉਹ ਸਦਾ ਜੀਉਂਦਾ ਰਹੇਗਾ।"
59ਜਦੋਂ ਯਿਸੂ ਕਫ਼ਰਨਾਹੂਮ ਦੇ ਯਹੂਦੀ ਮੰਦਰ ਵਿੱਚ ਉਪਦੇਸ਼ ਦੇ
ਰਿਹਾ ਸੀ ਤਾਂ ਉਸ ਨੇ ਇਹ ਸਭ ਗੱਲਾਂ ਆਖੀਆਂ।

### ਬਹੁਤ ਸਾਰੇ ਚੇਲਿਆਂ ਦਾ ਯਿਸੂ ਨੂੰ ਛੱਡ ਜਾਣਾ

60ਜਦੋਂ ਯਿਸੂ ਦੇ ਚੇਲਿਆਂ ਨੇ ਇਹ ਸੁਣਿਆ ਤਾਂ ਆਖਿਆ, "ਇਹ
ਉਪਦੇਸ਼ ਇੰਨਾ ਮੁਸ਼ਕਿਲ ਹੈ। ਕੌਣ ਇਸ ਉਪਦੇਸ਼ ਨੂੰ ਕਬੂਲ ਕਰ
ਸਕਦਾ ਹੈ?"
61ਯਿਸੂ ਜਾਣਦਾ ਸੀ ਕਿ ਉਸ ਦੇ ਚੇਲੇ ਇਸ ਬਾਰੇ ਬੁੜਬੁੜਾ ਰਹੇ
ਸਨ, ਇਸ ਲਈ ਉਸ ਨੇ ਆਖਿਆ, "ਕੀ ਇਹ ਉਪਦੇਸ਼ ਤੁਹਾਨੂੰ
ਪਰੇਸ਼ਾਨ ਕਰਦਾ ਹੈ? 62ਤਾਂ ਕੀ ਤੁਸੀਂ ਉਦੋਂ ਹੋਰ ਵੀ ਵਧੇਰੇ ਪਰੇਸ਼ਾਨ
ਨਹੀਂ ਹੋਵੋਗੇ ਜਦੋਂ ਤੁਸੀਂ ਮਨੁੱਖ ਦੇ ਪੁੱਤਰ ਨੂੰ ਉੱਥੇ ਵਾਪਸ ਜਾਂਦਿਆਂ
ਵੇਖੋਗੇ ਜਿੱਥੋਂ ਉਹ ਆਇਆ? 63ਇਹ ਸਰੀਰ ਨਹੀਂ ਹੈ ਜੋ ਜੀਵਨ
ਦਿੰਦਾ ਹੈ, ਸਗੋਂ ਇਹ ਆਤਮਾ ਹੈ ਜੋ ਜੀਵਨ ਦਿੰਦਾ ਹੈ। ਜੋ ਗੱਲਾਂ ਮੈਂ
ਤੁਹਾਨੂੰ ਦੱਸੀਆਂ ਹਨ ਉਹ ਆਤਮਾ ਹਨ, ਇਸ ਲਈ ਇਹ ਗੱਲਾਂ
ਜੀਵਨ ਦਿੰਦੀਆਂ ਹਨ। 64ਪਰ ਤੁਹਾਡੇ ਵਿੱਚੋਂ ਕੁਝ ਯਕੀਨ ਨਹੀਂ
ਕਰਦੇ।" ਯਿਸੂ ਉਨ੍ਹਾਂ ਲੋਕਾਂ ਨੂੰ ਸ਼ੁਰੂ ਤੋਂ ਹੀ ਜਾਣਦਾ ਸੀ ਜਿਨ੍ਹਾਂ ਨੇ
ਵਿਸ਼ਵਾਸ ਨਹੀਂ ਕੀਤਾ ਅਤੇ ਉਹ ਇਹ ਵੀ ਜਾਣਦਾ ਸੀ ਕਿ ਉਹ
ਕੌਣ ਹੈ ਜੋ ਉਸ ਨੂੰ ਫੜਵਾਏਗਾ। 65ਯਿਸੂ ਨੇ ਕਿਹਾ, "ਇਸੇ ਲਈ
ਮੈਂ ਤੁਹਾਨੂੰ ਕਿਹਾ ਸੀ, 'ਕਿ ਜਦੋਂ ਤੱਕ ਪਿਤਾ ਕਿਸੇ ਵਿਅਕਤੀ ਨੂੰ ਮੇਰੇ
ਕੋਲ ਆਉਣ ਨਹੀਂ ਦਿੰਦਾ, ਉਹ ਮੇਰੇ ਕੋਲ ਨਹੀਂ ਆ ਸਕਦਾ।'"
66ਇਸੇ ਕਾਰਣ, ਯਿਸੂ ਦੇ ਬਹੁਤੇ ਚੇਲਿਆਂ ਨੇ ਉਸ ਨੂੰ ਛੱਡ ਦਿੱਤਾ
ਅਤੇ ਭਵਿੱਖ ਵਿੱਚ ਉਸ ਦਾ ਅਨੁਸਰਣ ਨਾ ਕੀਤਾ।
67ਯਿਸੂ ਨੇ ਬਾਰ੍ਹਾਂ ਰਸੂਲਾਂ ਨੂੰ ਆਖਿਆ, "ਕੀ ਤੁਸੀਂ ਵੀ ਜਾਣਾ
ਚਾਹੁੰਦੇ ਹੋ?"
68ਸ਼ਮਊਨ ਪਤਰਸ ਨੇ ਉਸ ਨੂੰ ਆਖਿਆ, "ਪ੍ਰਭੂ! ਅਸੀਂ ਕਿਸ
ਕੋਲ ਜਾਈਏ? ਤੇਰੇ ਕੋਲ ਉਹ ਵਚਨ ਹਨ ਜੋ ਸਦੀਪਕ ਜੀਵਨ ਦਿੰਦੇ
ਹਨ। 69ਸਾਨੂੰ ਤੇਰੇ ਤੇ ਵਿਸ਼ਵਾਸ ਹੈ ਅਤੇ ਅਸੀਂ ਜਾਣਦੇ ਹਾਂ ਕਿ ਤੂੰ
ਪਰਮੇਸ਼ੁਰ ਵੱਲੋਂ ਪਵਿੱਤਰ ਪੁਰਖ ਹੈਂ।"
70ਯਿਸੂ ਨੇ ਜਵਾਬ ਦਿੱਤਾ, "ਮੈਂ ਤੁਹਾਡੇ ਵਿੱਚੋਂ ਬਾਰ੍ਹਾਂ ਨੂੰ ਚੁਣਿਆ
ਹੈ, ਪਰ ਤੁਹਾਡੇ ਵਿੱਚੋਂ ਇੱਕ ਜਣਾ ਸ਼ੈਤਾਨ ਹੈ।" 71ਯਿਸੂ ਸ਼ਮਊਨ
ਇਸਕਰਿਯੋਤੀ ਦੇ ਪੁੱਤਰ ਯਹੂਦਾ ਬਾਰੇ ਆਖ ਰਿਹਾ ਸੀ। ਉਹ ਬਾਰ੍ਹਾਂ
ਵਿੱਚੋਂ ਇੱਕ ਸੀ, ਪਰ ਉਸ ਨੇ ਯਿਸੂ ਨੂੰ ਫੜਵਾਉਣਾ ਸੀ।

### ਯਿਸੂ ਅਤੇ ਉਸ ਦੇ ਭਰਾ

**7** 1ਇਸ ਤੋਂ ਬਾਅਦ ਯਿਸੂ ਨੇ ਗਲੀਲ ਦੇ ਪ੍ਰਾਂਤ ਵਿੱਚ ਯਾਤਰਾ
ਕੀਤੀ। ਉਹ ਯਹੂਦਿਯਾ ਵਿੱਚ ਯਾਤਰਾ ਨਹੀਂ ਸੀ ਕਰਨਾ
ਚਾਹੁੰਦਾ, ਕਿਉਂਕਿ ਉਸ ਇਲਾਕੇ ਦੇ ਯਹੂਦੀ ਉਸ ਨੂੰ ਮਾਰਨਾ ਚਾਹੁੰਦੇ
ਸਨ। 2ਯਹੂਦੀਆਂ ਲਈ ਡੇਰਿਆਂ ਦੇ ਪਰਬ[a] ਦਾ ਸਮਾਂ ਨੇੜੇ ਆ
ਰਿਹਾ ਸੀ। 3ਇਸ ਲਈ ਯਿਸੂ ਦੇ ਭਰਾਵਾਂ ਨੇ ਉਸ ਨੂੰ ਆਖਿਆ,
"ਹੁਣ ਤੂੰ ਵਿਦਾ ਹੋ ਅਤੇ ਯਹੂਦਿਯਾ ਨੂੰ ਜਾ, ਤਾਂ ਜੋ ਜਿਹੜੇ ਕਰਿਸ਼ਮੇ ਤੂੰ
ਕਰਦਾ ਹੈਂ ਉੱਥੇ ਤੇਰੇ ਚੇਲੇ ਵੇਖ ਸਕਣ। 4ਜੇਕਰ ਕੋਈ ਚਾਹੁੰਦਾ ਹੈ ਕਿ
ਲੋਕ ਉਸ ਨੂੰ ਜਾਨਣ ਤਾਂ ਉਸ ਮਨੁੱਖ ਨੂੰ ਲੋਕਾਂ ਕੋਲੋਂ ਕੁਝ ਛੁਪਾਉਣਾ
ਨਹੀਂ ਚਾਹੀਦਾ। ਉਸ ਨੂੰ ਆਪਣੇ ਆਪ ਨੂੰ ਦੁਨੀਆ ਨੂੰ ਵਿਖਾਉਣਾ
ਚਾਹੀਦਾ ਹੈ। ਜਿਹੜੇ ਅਨੋਖੇ ਕੰਮ ਤੂੰ ਕਰਦਾ ਹੈਂ ਉਨ੍ਹਾਂ ਨੂੰ ਵੀ ਵੇਖਣ
ਦੇ।" 5ਯਿਸੂ ਦੇ ਭਰਾਵਾਂ ਨੇ ਵੀ ਉਸ ਉੱਤੇ ਵਿਸ਼ਵਾਸ ਨਾ ਕੀਤਾ।
6ਯਿਸੂ ਨੇ ਆਪਣੇ ਭਰਾਵਾਂ ਨੂੰ ਕਿਹਾ, "ਹਾਲੇ ਮੇਰੇ ਲਈ ਸਹੀ
ਸਮਾਂ ਨਹੀਂ ਆਇਆ ਹੈ, ਪਰ ਤੁਹਾਡੇ ਲਈ ਕੋਈ ਵੀ ਸਮਾਂ ਠੀਕ ਹੈ।
7ਦੁਨੀਆ ਤੁਹਾਡੇ ਨਾਲ ਨਫ਼ਰਤ ਨਹੀਂ ਕਰ ਸਕਦੀ, ਪਰ ਇਹ ਮੇਰੇ
ਨਾਲ ਨਫ਼ਰਤ ਕਰਦੀ ਹੈ। ਕਿਉਂਕਿ ਮੈਂ ਦੁਨੀਆ ਦੇ ਲੋਕਾਂ ਨੂੰ ਕਹਿੰਦਾ
ਹਾਂ ਕਿ ਉਹ ਭੈੜੇ ਕੰਮ ਕਰਦੇ ਹਨ। 8ਇਸ ਲਈ ਤਿਉਹਾਰ ਤੇ ਤੁਸੀਂ
ਜਾਓ। ਮੈਂ ਹਾਲੇ ਇਸ ਤਿਉਹਾਰ ਤੇ ਨਹੀਂ ਜਾਂਦਾ। ਮੇਰੇ ਲਈ ਅਜੇ
ਸਹੀ ਵਕਤ ਨਹੀਂ ਆਇਆ।" 9ਇਹ ਆਖਣ ਤੋਂ ਬਾਅਦ ਯਿਸੂ
ਗਲੀਲ ਵਿੱਚ ਹੀ ਠਹਿਰਿਆ।
10ਇਸ ਲਈ ਯਿਸੂ ਦੇ ਭਰਾ ਤਿਉਹਾਰ ਤੇ ਚਲੇ ਗਏ, ਅਤੇ
ਉਨ੍ਹਾਂ ਦੇ ਜਾਣ ਤੋਂ ਬਾਅਦ ਯਿਸੂ ਵੀ ਚਲਾ ਗਿਆ। ਪਰ ਉਹ ਲੋਕਾਂ
ਸਾਹਮਣੇ ਨਹੀਂ ਸਗੋਂ ਗੁਪਤ ਤੌਰ ਤੇ ਗਿਆ। 11ਉੱਥੇ ਯਹੂਦੀ
ਤਿਉਹਾਰ ਦੇ ਇਕੱਠ ਵਿੱਚ ਯਿਸੂ ਨੂੰ ਲੱਭਣ ਲੱਗੇ ਅਤੇ ਆਖਿਆ,
"ਉਹ ਕਿੱਥੇ ਹੈ?"
12ਉੱਥੇ ਬੜੀ ਭੀੜ ਜਮ੍ਹਾ ਸੀ ਅਤੇ ਕੁਝ ਲੋਕ ਆਪਸ ਵਿੱਚ ਗੁਪਤ
ਤੌਰ ਤੇ ਯਿਸੂ ਦੇ ਬਾਰੇ ਗੱਲਾਂ ਕਰ ਰਹੇ ਸਨ ਤੇ ਕੁਝ ਆਖ ਰਹੇ ਸਨ,
"ਉਹ ਇੱਕ ਚੰਗਾ ਮਨੁੱਖ ਹੈ।" ਕੁਝ ਨੇ ਕਿਹਾ, "ਨਹੀਂ, ਉਹ ਲੋਕਾਂ ਨੂੰ
ਗੁਮਰਾਹ ਕਰ ਰਿਹਾ ਹੈ।" 13ਪਰ ਇੰਨਾ ਬਹਾਦੁਰ ਉਨ੍ਹਾਂ ਵਿੱਚ ਕੋਈ
ਵੀ ਨਹੀਂ ਸੀ ਜੋ ਖੁਲ੍ਹੇਆਮ ਉਸ ਬਾਰੇ ਗੱਲ ਕਰਦਾ, ਕਿਉਂਕਿ ਲੋਕ
ਯਹੂਦੀ ਆਗੂਆਂ ਕਰਕੇ ਸਹਿਮੇ ਹੋਏ ਸਨ।

### ਯਿਸੂ ਦਾ ਯਰੂਸ਼ਲਮ ਵਿੱਚ ਉਪਦੇਸ਼

14ਤਕਰੀਬਨ ਅੱਧਾ ਕੁ ਤਿਉਹਾਰ ਸਮਾਪਤ ਹੋ ਚੁੱਕਾ ਸੀ। ਯਿਸੂ
ਮੰਦਰ ਵਿੱਚ ਗਿਆ ਅਤੇ ਉਸ ਥਾਂ ਤੇ ਉਪਦੇਸ਼ ਦੇਣਾ ਸ਼ੁਰੂ ਕਰ
ਦਿੱਤਾ। 15ਯਹੂਦੀ ਹੈਰਾਨ ਸਨ ਅਤੇ ਆਖਿਆ, "ਇਹ ਮਨੁੱਖ ਕਦੇ
ਵੀ ਪਾਠਸ਼ਾਲਾ ਨਹੀਂ ਗਿਆ। ਉਸ ਨੇ ਇਹ ਸਭ ਕਿਵੇਂ ਸਿੱਖਿਆ?"
16ਯਿਸੂ ਨੇ ਜਵਾਬ ਦਿੱਤਾ "ਜੋ ਉਪਦੇਸ਼ ਮੈਂ ਦਿੰਦਾ ਹਾਂ ਉਹ ਮੇਰੇ
ਆਪਣੇ ਉਪਦੇਸ਼ ਨਹੀਂ ਹਨ, ਸਗੋਂ ਉਸ ਤੋਂ ਆਉਂਦੇ ਹਨ ਜਿਸ ਨੇ ਮੈਨੂੰ
ਭੇਜਿਆ ਹੈ। 17ਜੇਕਰ ਕੋਈ ਪਰਮੇਸ਼ੁਰ ਦੀ ਮਰਜ਼ੀ ਨੂੰ ਪੂਰਾ ਕਰਨਾ
ਚਾਹੁੰਦਾ ਹੈ ਤਾਂ ਉਹ ਇਨ੍ਹਾਂ ਉਪਦੇਸ਼ਾਂ ਬਾਰੇ ਸਮਝੇਗਾ ਕਿ ਮੇਰੀਆਂ

[a] *7:2* **ਡੇਰਿਆਂ ਦਾ ਪਰਬ** ਹਰ ਸਾਲ ਇਹ ਖਾਸ ਹਫ਼ਤਾ, ਜਦੋਂ ਯਹੂਦੀ ਇਸ ਨੂੰ ਯਾਦ ਕਰਨ ਲਈ ਡੇਰਿਆਂ ਵਿੱਚ ਰਹਿੰਦੇ ਸਨ ਕਿ ਮੂਸਾ ਦੇ ਸਮੇਂ ਉਹ ਚਾਲੀ ਸਾਲ ਉਜਾੜ ਵਿੱਚ ਘੁੰਮਦੇ ਰਹੇ।

ਸਿੱਖਿਆਵਾਂ ਪਰਮੇਸ਼ੁਰ ਵੱਲੋਂ ਹਨ ਜਾਂ ਮੇਰੇ ਆਪਣੇ ਵੱਲੋਂ। 18ਕੋਈ
ਵੀ ਜੋ ਆਪਣੇ ਵਿਚਾਰਾਂ ਦਾ ਪ੍ਰਚਾਰ ਕਰਦਾ ਹੈ, ਆਪਣੇ ਆਪ ਨੂੰ
ਮਸ਼ਹੂਰ ਕਰਨ ਲਈ ਕਰਦਾ ਹੈ। ਪਰ ਉਹ ਜਿਹੜਾ ਉਸ ਨੂੰ ਮਸ਼ਹੂਰ
ਕਰਨ ਦੀ ਕੋਸ਼ਿਸ਼ ਕਰਦਾ ਹੈ ਜਿਸ ਨੇ ਉਸ ਨੂੰ ਭੇਜਿਆ, ਸੱਚਾ ਹੈ ਅਤੇ
ਉਸ ਵਿੱਚ ਕੋਈ ਗਲਤੀ ਨਹੀਂ ਹੈ। 19ਕੀ ਮੂਸਾ ਨੇ ਤੁਹਾਨੂੰ ਸ਼ਰਾ ਨਹੀਂ
ਦਿੱਤੀ, ਪਰ ਤੁਹਾਡੇ ਵਿੱਚੋਂ ਕੋਈ ਵੀ ਸ਼ਰਾ ਨੂੰ ਨਹੀਂ ਮੰਨਦਾ! ਤੁਸੀਂ ਮੈਨੂੰ
ਮਾਰ ਸੁੱਟਣ ਦੇ ਮਗਰ ਕਿਉਂ ਪਏ ਹੋਏ ਹੋ?"

20ਲੋਕਾਂ ਨੇ ਜਵਾਬ ਦਿੱਤਾ, "ਤੇਰੇ ਉੱਤੇ ਤਾਂ ਭੂਤ ਸਵਾਰ ਹੈ। ਕੌਣ
ਤੇਰੇ ਮਾਰ ਸੁੱਟਣ ਦੇ ਮਗਰ ਪਿਆ ਹੈ?"

21ਯਿਸੂ ਨੇ ਜਵਾਬ ਦਿੱਤਾ, "ਮੈਂ ਇੱਕ ਕਰਿਸ਼ਮਾ ਕੀਤਾ ਤੇ ਤੁਸੀਂ
ਸਾਰੇ ਹੈਰਾਨ ਹੋ। 22ਮੂਸਾ ਨੇ ਤੁਹਾਨੂੰ ਸੁੰਨਤ ਬਾਰੇ ਸ਼ਰਾ ਦਿੱਤੀ ਭਾਵੇਂ
ਸੁੰਨਤ ਮੂਸਾ ਤੋਂ ਨਹੀਂ ਆਈ, ਇਹ ਸਾਡੇ ਪਿਉ-ਦਾਦਿਆਂ ਤੋਂ ਆਈ
ਹੈ ਜੋ ਮੂਸਾ ਤੋਂ ਪਹਿਲਾਂ ਸਨ। ਇਸ ਲਈ ਕਈ ਵਾਰ ਤੁਸੀਂ ਸਬਤ ਦੇ
ਦਿਨ ਵੀ ਸੁੰਨਤ ਕਰਦੇ ਹੋ। 23ਇਸ ਲਈ ਸ਼ਰਾ ਦੀ ਪਾਲਣਾ ਲਈ
ਕਿਸੇ ਵੀ ਵਿਅਕਤੀ ਦੀ ਸੁੰਨਤ ਸਬਤ ਦੇ ਦਿਨ ਵੀ ਹੋ ਸਕਦੀ ਹੈ।
ਤਾਂ ਫੇਰ ਤੁਸੀਂ ਗੁੱਸੇ ਕਿਉਂ ਹੁੰਦੇ ਹੋ ਕਿ ਮੈਂ ਵਿਅਕਤੀ ਦੇ ਪੂਰੇ ਸਰੀਰ ਨੂੰ
ਸਬਤ ਦੇ ਦਿਨ ਚੰਗਾ ਕੀਤਾ ਹੈ? 24ਕਿਸੇ ਚੀਜ਼ ਦਾ ਉਸ ਦੇ ਬਾਹਰੀ
ਰੂਪ ਦੇ ਆਧਾਰ ਤੇ ਨਿਆਂ ਨਾਂ ਕਰੋ, ਬਲਕਿ ਜੋ ਠੀਕ ਹੈ ਉਸ ਦੇ
ਅਧਾਰ ਤੇ ਨਿਆਂ ਕਰੋ।"

## ਲੋਕ ਹੈਰਾਨ ਸਨ ਕਿ ਕੀ ਯਿਸੂ ਹੀ ਮਸੀਹ ਸੀ

25ਕੁਝ ਲੋਕ ਜੋ ਯਰੂਸ਼ਲਮ ਦੇ ਰਹਿਣ ਵਾਲੇ ਸਨ ਉਨ੍ਹਾਂ ਨੇ ਕਿਹਾ,
"ਇਹ ਉਹੀ ਮਨੁੱਖ ਹੋ ਸਕਦਾ ਹੈ ਜਿਸ ਨੂੰ ਆਗੂ ਮਾਰਨ ਦੀ ਕੋਸ਼ਿਸ਼
ਕਰ ਰਹੇ ਹਨ। 26ਪਰ ਉਹ ਖੁਲ੍ਹੇਆਮ ਉਪਦੇਸ਼ ਦੇ ਰਿਹਾ ਹੈ ਅਤੇ
ਉਸ ਨੂੰ ਕੋਈ ਉਪਦੇਸ਼ ਦੇਣ ਤੋਂ ਨਹੀਂ ਰੋਕ ਰਿਹਾ। ਸੰਭਵ ਹੈ ਕਿ
ਆਗੂਆਂ ਨੇ ਉਸ ਨੂੰ ਮਸੀਹ ਮੰਨ ਲਿਆ ਹੋਵੇ। 27ਪਰ ਅਸੀਂ
ਜਾਣਦੇ ਹਾਂ ਕਿ ਇਹ ਆਦਮੀ ਕਿੱਥੋਂ ਆਇਆ ਹੈ ਪਰ ਜਦੋਂ ਅਸਲੀ
ਮਸੀਹ ਆਵੇਗਾ ਤਾਂ ਕੋਈ ਨਹੀਂ ਜਾਣੇਗਾ ਕਿ ਉਹ ਕਿੱਥੋਂ ਦਾ ਹੈ?"

28ਜਦੋਂ ਯਿਸੂ ਮੰਦਰ ਵਿੱਚ ਉਪਦੇਸ਼ ਦੇ ਰਿਹਾ ਸੀ ਤਾਂ ਉਸ ਨੇ
ਆਖਿਆ, "ਤੁਸੀਂ ਮੈਨੂੰ ਜਾਣਦੇ ਹੋ ਅਤੇ ਤੁਸੀਂ ਇਹ ਵੀ ਜਾਣਦੇ
ਹੋ ਕਿ ਮੈਂ ਕਿੱਥੋਂ ਆਇਆ ਹਾਂ। ਪਰ ਮੈਂ ਇੱਥੇ ਆਪਣੇ ਅਧਿਕਾਰ
ਨਾਲ ਨਹੀਂ ਆਇਆ। ਮੈਂ ਉਸ ਵੱਲੋਂ ਭੇਜਿਆ ਗਿਆ ਹਾਂ ਜਿਹੜਾ
ਸੱਚਾ ਹੈ। ਪਰ ਤੁਸੀਂ ਉਸ ਨੂੰ ਨਹੀਂ ਜਾਣਦੇ। 29ਪਰ ਮੈਂ ਉਸ ਨੂੰ
ਜਾਣਦਾ ਹਾਂ ਅਤੇ ਮੈਂ ਉਸ ਵੱਲੋਂ ਆਇਆ ਹਾਂ। ਉਹੀ ਹੈ ਜਿਸ ਨੇ
ਮੈਨੂੰ ਭੇਜਿਆ ਹੈ।"

30ਜਦੋਂ ਯਿਸੂ ਨੇ ਇਹ ਆਖਿਆ ਤਾਂ ਉਨ੍ਹਾਂ ਨੇ ਉਸ ਨੂੰ ਫ਼ੜਨ ਦੀ
ਕੋਸ਼ਿਸ਼ ਕੀਤੀ ਪਰ ਕੋਈ ਵੀ ਉਸ ਨੂੰ ਛੂਹ ਨਾ ਸਕਿਆ, ਕਿਉਂਕਿ
ਯਿਸੂ ਦੇ ਜਾਨੋਂ ਮਾਰੇ ਜਾਣ ਦਾ ਇਹ ਸਹੀ ਸਮਾਂ ਨਹੀਂ ਸੀ। 31ਪਰ
ਕਈਆਂ ਲੋਕਾਂ ਨੇ ਉਸ ਉੱਤੇ ਵਿਸ਼ਵਾਸ ਕੀਤਾ ਅਤੇ ਆਖਿਆ,
"ਅਸੀਂ ਮਸੀਹ ਦੇ ਆਉਣ ਦਾ ਇੰਤਜ਼ਾਰ ਕਰ ਰਹੇ ਹਾਂ। ਕੀ ਜਦੋਂ
ਉਹ ਆਵੇਗਾ ਤਾਂ ਇਸ ਆਦਮੀ ਤੋਂ ਵੀ ਵੱਧ ਕਰਾਮਾਤਾਂ ਕਰੇਗਾ?
ਇਸ ਲਈ ਇਹੀ ਮਸੀਹ ਹੋਣਾ ਚਾਹੀਦਾ ਹੈ।"

## ਯਹੂਦੀਆਂ ਵੱਲੋਂ ਯਿਸੂ ਨੂੰ ਕੈਦ ਵਿੱਚ ਪਾਉਣ ਦੀ ਕੋਸ਼ਿਸ਼

32ਜਦੋਂ ਫ਼ਰੀਸੀਆਂ ਨੇ ਯਿਸੂ ਬਾਰੇ ਇਹ ਚਰਚਾ ਸੁਣੀ ਤਾਂ ਪ੍ਰਧਾਨ
ਜਾਜਕਾਂ ਅਤੇ ਫ਼ਰੀਸੀਆਂ ਨੇ ਮੰਦਰ ਦੇ ਕੁਝ ਪਹਿਰੇਦਾਰਾਂ ਨੂੰ ਉਸ
ਨੂੰ ਗਿਰਫ਼ਤਾਰ ਕਰਨ ਲਈ ਭੇਜਿਆ। 33ਯਿਸੂ ਨੇ ਕਿਹਾ, "ਹਾਂ,
ਅਜੇ ਥੋੜਾ ਚਿਰ ਹੋਰ ਮੈਂ ਤੁਹਾਡੇ ਨਾਲ ਰਹਾਂਗਾ, ਫਿਰ ਮੈਂ ਉਸ ਕੋਲ
ਵਾਪਸ ਚਲਾ ਜਾਵਾਂਗਾ ਜਿਸ ਨੇ ਮੈਨੂੰ ਇੱਥੇ ਭੇਜਿਆ ਹੈ। 34ਤੁਸੀਂ
ਮੈਨੂੰ ਲੱਭੋਗੇ ਪਰ ਲੱਭ ਨਾ ਸਕੋਗੇ, ਕਿਉਂਕਿ ਤੁਸੀਂ ਉੱਥੇ ਨਹੀਂ ਪਹੁੰਚ
ਸਕਦੇ ਜਿੱਥੇ ਮੈਂ ਹਾਂ।"

35ਯਹੂਦੀਆਂ ਨੇ ਇੱਕ ਦੂਸਰੇ ਨੂੰ ਆਖਿਆ, "ਇਹ ਭਲਾ ਕਿੱਥੇ
ਚਲਾ ਜਾਵੇਗਾ ਜਿੱਥੇ ਕਿ ਅਸੀਂ ਇਸ ਨੂੰ ਲੱਭ ਨਹੀਂ ਸਕਦੇ? ਕੀ ਇਹ
ਉਨ੍ਹਾਂ ਯੂਨਾਨੀ ਸ਼ਹਿਰਾਂ ਵਿੱਚ ਜਾਵੇਗਾ ਜਿੱਥੇ ਸਾਡੇ ਲੋਕ ਰਹਿੰਦੇ ਹਨ?
ਕੀ ਉਹ ਉੱਥੇ ਯੂਨਾਨੀਆਂ ਨੂੰ ਉਪਦੇਸ਼ ਦੇਣ ਜਾ ਰਿਹਾ ਹੈ? 36ਇਹ
ਆਦਮੀ ਕਹਿੰਦਾ ਹੈ, 'ਤੁਸੀਂ ਮੈਨੂੰ ਲੱਭੋਗੇ ਪਰ ਮੈਨੂੰ ਲੱਭ ਨਹੀਂ ਸਕੋਗੇ
ਅਤੇ ਤੁਸੀਂ ਉੱਥੇ ਪਹੁੰਚਣ ਦੇ ਕਾਬਲ ਨਹੀਂ ਹੋਵੋਂਗੇ ਜਿੱਥੇ ਮੈਂ ਹਾਂ।'
ਇਸ ਦਾ ਕੀ ਮਤਲਬ ਹੋਇਆ?"

## ਯਿਸੂ ਦੇ ਪਵਿੱਤਰ ਆਤਮਾ ਬਾਰੇ ਉਪਦੇਸ਼

37ਤਿਉਹਾਰ ਦਾ ਅੰਤਿਮ ਦਿਨ ਆਇਆ ਅਤੇ ਇਹ ਤਿਉਹਾਰ ਦਾ
ਸਭ ਤੋਂ ਖਾਸ ਦਿਨ ਸੀ। ਉਸ ਦਿਨ ਯਿਸੂ ਨੇ ਖਲੋ ਕੇ ਉੱਚੀ ਅਵਾਜ਼
ਵਿੱਚ ਆਖਿਆ, "ਜੇਕਰ ਕੋਈ ਪਿਆਸਾ ਹੈ ਤਾਂ ਉਸ ਨੂੰ ਮੇਰੇ ਕੋਲ
ਆ ਕੇ ਪੀਣ ਦਿਓ। 38ਪੋਥੀਆਂ ਵਿੱਚ ਲਿਖਿਆ ਹੈ ਕਿ ਜੋ ਕੋਈ ਮੇਰੇ
ਉੱਤੇ ਵਿਸ਼ਵਾਸ ਕਰੇਗਾ ਅਮ੍ਰਿਤ ਜਲ ਦੇ ਦਰਿਆ ਉਸ ਦੇ ਦਿਲ ਵੱਲੋਂ
ਵਹਿਣਗੇ।" 39ਯਿਸੂ ਪਵਿੱਤਰ ਆਤਮਾ ਬਾਰੇ ਬੋਲ ਰਿਹਾ ਸੀ ਕਿ ਜੋ
ਉਸ ਉੱਤੇ ਵਿਸ਼ਵਾਸ ਕਰਦੇ ਹਨ ਉਹ ਉਸ ਨੂੰ ਪ੍ਰਾਪਤ ਕਰ ਸਕਣਗੇ।
ਆਤਮਾ ਹਾਲੇ ਨਹੀਂ ਦਿੱਤਾ ਗਿਆ ਸੀ, ਕਿਉਂਕਿ ਹਾਲੇ ਯਿਸੂ ਮਹਿਮਾ
ਲਈ ਉਠਾਇਆ ਨਹੀਂ ਸੀ ਗਿਆ।

## ਲੋਕਾਂ ਦਾ ਯਿਸੂ ਬਾਰੇ ਵਿਵਾਦ

40ਜੋ ਯਿਸੂ ਆਖ ਰਿਹਾ ਸੀ ਲੋਕਾਂ ਨੇ ਸੁਣਿਆ। ਕੁਝ ਨੇ ਕਿਹਾ,
"ਸੱਚਮੁੱਚ ਹੀ ਇਹ ਮਨੁੱਖ ਨਬੀ ਹੈ।"

41ਕੁਝ ਹੋਰਾਂ ਨੇ ਆਖਿਆ, "ਉਹ ਮਸੀਹ ਹੈ।"

ਕੁਝ ਹੋਰਨਾਂ ਨੇ ਆਖਿਆ, "ਮਸੀਹ ਗਲੀਲ ਵਿੱਚੋਂ ਨਹੀਂ ਆਵੇਗਾ।
42ਪੋਥੀ ਵਿੱਚ ਲਿਖਿਆ ਹੋਇਆ ਹੈ ਕਿ ਮਸੀਹ ਦਾਊਦ ਦੇ ਪਰਿਵਾਰ
ਵਿੱਚੋਂ ਆਵੇਗਾ ਅਤੇ ਬੈਤਲਹਮ ਦੀ ਨਗਰੀ ਵਿੱਚੋਂ ਆਵੇਗਾ ਜਿੱਥੇ
ਦਾਊਦ ਰਹਿੰਦਾ ਸੀ।" 43ਇਸ ਲਈ ਲੋਕਾਂ ਦਾ ਯਿਸੂ ਬਾਰੇ ਆਪਸ
ਵਿੱਚ ਮਤਭੇਦ ਸੀ। 44ਕੁਝ ਲੋਕ ਯਿਸੂ ਨੂੰ ਗਿਰਫ਼ਤਾਰ ਕਰਨਾ
ਚਾਹੁੰਦੇ ਸਨ, ਪਰ ਕਿਸੇ ਨੇ ਵੀ ਉਸ ਨੂੰ ਹੱਥ ਨਾ ਪਾਇਆ।

## ਯਹੂਦੀ ਆਗੂਆਂ ਵੱਲੋਂ ਯਿਸੂ ਨੂੰ ਮੰਨਣ ਤੋਂ ਇਨਕਾਰ ਕਰਨਾ

45ਤਦ ਮੰਦਰ ਦੇ ਪਹਿਰੇਦਾਰ ਫ਼ਰੀਸੀਆਂ ਅਤੇ ਪਰਧਾਨ ਜਾਜਕਾਂ
ਕੋਲ ਗਏ। ਫ਼ਰੀਸੀਆਂ ਅਤੇ ਜਾਜਕਾਂ ਨੇ ਉਨ੍ਹਾਂ ਨੂੰ ਪੁੱਛਿਆ, "ਤੁਸੀਂ
ਯਿਸੂ ਨੂੰ ਗਿਰਫ਼ਤਾਰ ਕਰਕੇ ਆਪਣੇ ਨਾਲ ਕਿਉਂ ਨਹੀਂ ਲਿਆਂਦਾ?"

46ਮੰਦਰ ਦੇ ਪਹਿਰੇਦਾਰਾਂ ਨੇ ਅੱਗੋਂ ਆਖਿਆ, "ਇਸ ਦੇ ਬਰਾਬਰ
ਕਦੇ ਕਿਸੇ ਹੋਰ ਮਨੁੱਖ ਨੇ ਬਚਨ ਨਹੀਂ ਕੀਤੇ ਹਨ।"

47ਫੇਰ ਫ਼ਰੀਸੀਆਂ ਨੇ ਆਖਿਆ, "ਕੀ ਇਸ ਦਾ ਭਾਵ ਇਹ
ਹੈ ਕਿ ਉਸ ਨੇ ਤੁਹਾਨੂੰ ਵੀ ਮੂਰਖ ਬਣਾਇਆ ਹੈ। 48ਕੀ ਕਿਸੇ ਵੀ
ਆਗੂ ਜਾਂ ਫ਼ਰੀਸੀ ਨੇ ਉਸ ਵਿੱਚ ਵਿਸ਼ਵਾਸ ਕੀਤਾ ਹੈ? ਨਹੀਂ! 49ਪਰ
ਇਹ ਲੋਕ ਜਿਨ੍ਹਾਂ ਨੂੰ ਸ਼ਰਾ ਦਾ ਪਤਾ ਨਹੀਂ, ਪਰਮੇਸ਼ੁਰ ਦੇ ਸਰਾਪ
ਹੇਠਾਂ ਹਨ।"

50ਪਰ ਨਿਕੁਦੇਮੁਸ ਨੇ ਜੋ ਉਨ੍ਹਾਂ ਵਿੱਚੋਂ ਹੀ ਇੱਕ ਸੀ ਅਤੇ ਪਹਿਲਾਂ
ਹੀ ਯਿਸੂ ਨੂੰ ਮਿਲ ਚੁੱਕਿਆ ਸੀ, ਉਨ੍ਹਾਂ ਨੂੰ ਆਖਿਆ, 51"ਕੀ ਸਾਡੀ

ਸ਼ਰਾ ਕਿਸੇ ਨੂੰ ਉਸ ਦੀ ਸੁਣੇ ਅਤੇ ਜਾਣੇ ਬਿਨਾ ਦੋਸ਼ੀ ਠਹਿਰਾਉਂਦੀ ਹੈ
ਕਿ ਉਸ ਨੇ ਕੀ ਕੀਤਾ ਹੈ?”
**52**ਯਹੂਦੀ ਆਗੂਆਂ ਨੇ ਆਖਿਆ, “ਕੀ ਤੂੰ ਵੀ ਗਲੀਲ ਵਿੱਚੋਂ
ਹੈਂ? ਪੋਥੀਆਂ ਪੜ੍ਹੋ ਫਿਰ ਤੁਸੀਂ ਵੇਖੋਗੇ ਕਿ ਕੋਈ ਨਬੀ ਗਲੀਲ ਤੋਂ
ਨਹੀਂ ਆਉਂਦਾ।”

*(ਯੂਹੰਨਾ ਦੀਆਂ ਕੁਝ ਪੁਰਾਣੀਆਂ ਪੱਤ੍ਰੀਆਂ ਵਿੱਚ ਤੁਕ 7:53–8:11 ਨਹੀਂ ਹਨ।)*



**53**ਸਾਰੇ ਯਹੂਦੀ ਆਗੂ ਉੱਥੋਂ ਆਪੋ-ਆਪਣੇ ਘਰ ਚਲੇ ਗਏ।

## ਇੱਕ ਔਰਤ ਦਾ ਬਦਕਾਰੀ ਕਰਦਿਆਂ ਫੜਿਆ ਜਾਣਾ

**8** **1**ਯਿਸੂ ਜ਼ੈਤੂਨ ਦੇ ਪਹਾੜ ਵੱਲ ਨੂੰ ਤੁਰ ਪਿਆ। **2**ਸਵੇਰ-ਸਾਰ
ਯਿਸੂ ਮੰਦਰ ਨੂੰ ਮੁੜਿਆ ਅਤੇ ਸਾਰੇ ਲੋਕ ਯਿਸੂ ਕੋਲ ਆਏ।
ਯਿਸੂ ਉੱਥੇ ਬੈਠਿਆ ਅਤੇ ਉਨ੍ਹਾਂ ਨੂੰ ਉਪਦੇਸ਼ ਦਿੱਤਾ।
**3**ਨੇਮ ਦੇ ਪ੍ਰਚਾਰਕ ਅਤੇ ਫ਼ਰੀਸੀ ਉੱਥੇ ਇੱਕ ਔਰਤ ਨੂੰ ਯਿਸੂ
ਕੋਲ ਲੈ ਆਏ ਜੋ ਕਿ ਬਦਕਾਰੀ ਕਰਦਿਆਂ ਫੜੀ ਗਈ ਸੀ। ਉਨ੍ਹਾਂ
ਯਹੂਦੀਆਂ ਨੇ ਉਸ ਔਰਤ ਨੂੰ ਲੋਕਾਂ ਸਾਹਮਣੇ ਖੜ੍ਹੇ ਹੋਣ ਲਈ
ਮਜ਼ਬੂਰ ਕੀਤਾ। **4**ਉਨ੍ਹਾਂ ਨੇ ਯਿਸੂ ਨੂੰ ਆਖਿਆ, “ਗੁਰੂ! ਇਹ ਔਰਤ
ਉਦੋਂ ਫੜੀ ਗਈ ਜਦੋਂ ਇਹ ਬਦਕਾਰੀ ਕਰ ਰਹੀ ਸੀ। **5**ਸ਼ਰਾ ਵਿੱਚ
ਮੂਸਾ ਨੇ ਹੁਕਮ ਦਿੱਤਾ ਹੈ ਕਿ ਅਜਿਹੀਆਂ ਔਰਤਾਂ ਨੂੰ ਪੱਥਰਾਂ ਨਾਲ
ਮਾਰ ਦੇਣਾ ਚਾਹੀਦਾ ਹੈ। ਸਾਨੂੰ ਦੱਸੋ ਸਾਨੂੰ ਕੀ ਕਰਨਾ ਚਾਹੀਦਾ?”
**6**ਯਹੂਦੀ ਉਸ ਨੂੰ ਚਲਾਕੀ ਨਾਲ ਫਸਾਉਣ ਲਈ ਇਹ ਸਵਾਲ
ਪੁੱਛ ਰਹੇ ਸਨ ਤਾਂਕਿ ਉਹ ਕੁਝ ਗਲਤ ਆਖੇ। ਉਹ ਉਸ ਦੇ ਖਿਲਾਫ
ਕੋਈ ਦੋਸ਼ ਮੜ੍ਹਨਾ ਚਾਹੁੰਦੇ ਸਨ। ਪਰ ਯਿਸੂ ਥੱਲੇ ਝੁਕਿਆ ਅਤੇ
ਜ਼ਮੀਨ ਤੇ ਆਪਣੀ ਉਂਗਲ ਨਾਲ ਕੁਝ ਲਿਖਣ ਲੱਗ ਪਿਆ।
**7**ਯਹੂਦੀਆਂ ਨੇ ਲਗਾਤਾਰ ਉਸ ਨੂੰ ਇਹ ਸਵਾਲ ਪੁੱਛਿਆ ਤਾਂ ਯਿਸੂ
ਸਿੱਧਾ ਹੋਇਆ ਅਤੇ ਆਖਿਆ, “ਕੀ ਇੱਥੇ ਕੋਈ ਅਜਿਹਾ ਮਨੁੱਖ ਹੈ
ਜਿਸ ਨੇ ਕਦੇ ਕੋਈ ਪਾਪ ਨਹੀਂ ਕੀਤਾ, ਉਹ ਮਨੁੱਖ ਉਸ ਨੂੰ ਪਹਿਲਾ
ਪੱਥਰ ਮਾਰ ਸਕਦਾ ਹੈ।” **8**ਉਹ ਫੇਰ ਥੱਲੇ ਝੁਕਿਆ ਅਤੇ ਜ਼ਮੀਨ ਤੇ
ਕੁਝ ਲਿਖਣ ਲੱਗ ਪਿਆ।
**9**ਜੋ ਯਿਸੂ ਨੇ ਆਖਿਆ ਲੋਕਾਂ ਨੇ ਸੁਣਿਆ ਅਤੇ ਉਹ ਇੱਕ-ਇੱਕ
ਕਰਕੇ ਵਿਦਾ ਹੋਣ ਲੱਗੇ। ਸਭ ਤੋਂ ਪਹਿਲਾਂ ਬਜ਼ੁਰਗ ਲੋਕ ਗਏ, ਫਿਰ
ਹੋਰ ਸਾਰੇ ਲੋਕ ਵੀ ਵਿਦਾ ਹੋ ਗਏ। ਯਿਸੂ ਇਕੱਲਾ ਉਸ ਔਰਤ ਨਾਲ
ਬਚਿਆ ਜੋ ਕਿ ਉਸ ਦੇ ਸਾਹਮਣੇ ਖੜ੍ਹੀ ਸੀ। **10**ਯਿਸੂ ਨੇ ਉਸ ਔਰਤ
ਨੂੰ ਵੇਖਿਆ ਅਤੇ ਆਖਣ ਲੱਗਾ, “ਹੇ ਔਰਤ, ਉਹ ਕਿੱਥੇ ਹਨ? ਕੀ
ਕਿਸੇ ਨੇ ਵੀ ਤੈਨੂੰ ਦੋਸ਼ੀ ਕਰਾਰ ਨਹੀਂ ਦਿੱਤਾ?”
**11**ਉਸ ਔਰਤ ਨੇ ਉੱਤਰ ਦਿੱਤਾ, “ਨਹੀਂ, ਸ਼੍ਰੀਮਾਨ ਜੀ! ਮੈਨੂੰ ਕਿਸੇ
ਨੇ ਵੀ ਦੋਸ਼ੀ ਕਰਾਰ ਨਹੀਂ ਦਿੱਤਾ।”
ਫਿਰ ਯਿਸੂ ਨੇ ਆਖਿਆ, “ਤਾਂ ਮੈਂ ਵੀ ਤੈਨੂੰ ਦੋਸ਼ੀ ਕਰਾਰ ਨਹੀਂ
ਦਿੰਦਾ। ਹੁਣ ਤੂੰ ਜਾ ਸਕਦੀ ਹੈਂ ਪਰ ਅੱਗੇ ਤੋਂ ਪਾਪ ਨਾ ਕਰੀਂ।” [a]

## ਯਿਸੂ ਦੁਨੀਆ ਦਾ ਚਾਨਣ ਹੈ

**12**ਬਾਅਦ ਵਿੱਚ ਯਿਸੂ ਨੇ ਮੁੜ ਲੋਕਾਂ ਨਾਲ ਗੱਲ ਕੀਤੀ ਅਤੇ ਕਿਹਾ,
“ਮੈਂ ਦੁਨੀਆ ਦਾ ਚਾਨਣ ਹਾਂ। ਉਹ ਮਨੁੱਖ ਜੋ ਮੇਰਾ ਅਨੁਸਰਣ ਕਰਦਾ
ਹੈ, ਉਹ ਕਦੇ ਵੀ ਹਨ੍ਹੇਰੇ ਵਿੱਚ ਨਹੀਂ ਜੀਵੇਗਾ ਸਗੋਂ ਉਸ ਕੋਲ ਜੀਵਨ
ਦਾ ਚਾਨਣ ਹੋਵੇਗਾ।”
**13**ਪਰ ਫ਼ਰੀਸੀਆਂ ਨੇ ਯਿਸੂ ਨੂੰ ਕਿਹਾ, “ਜਦੋਂ ਤੂੰ ਆਪਣੇ ਆਪ
ਬਾਰੇ ਇਹ ਗੱਲਾਂ ਆਖਦਾ ਹੈਂ ਤਾਂ ਸਿਰਫ਼ ਤੂੰ ਹੀ ਹੈਂ ਜੋ ਇਹ ਆਖਦਾ
ਹੈਂ ਕਿ ਇਹ ਗੱਲਾਂ ਸੱਚ ਹਨ, ਇਸ ਲਈ ਅਸੀਂ ਉਹ ਨਹੀਂ ਕਬੂਲ
ਸਕਦੇ ਜੋ ਤੂੰ ਆਖ ਰਿਹਾ ਹੈਂ।”
**14**ਯਿਸੂ ਨੇ ਜਵਾਬ ਦਿੱਤਾ, “ਹਾਂ ਮੈਂ ਆਪਣੇ ਆਪ ਬਾਰੇ
ਅਜਿਹੀਆਂ ਗੱਲਾਂ ਆਖ ਰਿਹਾ ਹਾਂ ਅਤੇ ਇਹ ਸੱਚ ਹਨ, ਕਿਉਂਕਿ
ਮੈਂ ਜਾਣਦਾ ਹਾਂ ਕਿ ਮੈਂ ਕਿੱਥੋਂ ਆਇਆ ਹਾਂ ਅਤੇ ਕਿੱਥੇ ਜਾਵਾਂਗਾ।
ਪਰ ਤੁਸੀਂ ਨਹੀਂ ਜਾਣਦੇ ਕਿ ਮੈਂ ਕਿੱਥੋਂ ਆਇਆ ਅਤੇ ਕਿੱਥੇ
ਜਾਵਾਂਗਾ। **15**ਤੁਸੀਂ ਲੋਕ ਮਾਨਵੀ ਦਰਜੇ ਦੇ ਆਧਾਰ ਤੇ ਮੇਰਾ
ਨਿਆਂ ਕਰਦੇ ਹੋ, ਪਰ ਮੈਂ ਕਿਸੇ ਦਾ ਨਿਆਂ ਨਹੀਂ ਕਰਦਾ। **16**ਪਰ ਜੇ
ਮੈਂ ਨਿਆਂ ਕਰਾਂ ਤਾਂ ਮੇਰਾ ਨਿਆਂ ਸੱਚਾ ਹੋਵੇਗਾ ਕਿਉਂਕਿ ਮੈਂ ਇਕੱਲਾ
ਨਹੀਂ ਹਾਂ, ਪਿਤਾ ਜਿਸ ਨੇ ਮੈਨੂੰ ਭੇਜਿਆ ਮੇਰੇ ਨਾਲ ਹੈ। **17**ਤੁਹਾਡੀ
ਸ਼ਰਾ ਵਿੱਚ ਵੀ ਇਹ ਲਿਖਿਆ ਹੋਇਆ ਹੈ ਕਿ ਦੋ ਮਨੁੱਖਾਂ ਦੀ
ਗਵਾਹੀ ਜਾਇਜ਼ ਹੈ। **18**ਮੈਂ ਆਪਣੇ ਪੱਖ ਉੱਤੇ ਗਵਾਹੀ ਦਿੰਦਾ ਹਾਂ
ਅਤੇ ਮੇਰਾ ਪਿਤਾ, ਜਿਸ ਨੇ ਮੈਨੂੰ ਭੇਜਿਆ ਹੈ ਉਹ ਵੀ ਮੇਰੇ ਪੱਖ
ਉੱਤੇ ਗਵਾਹੀ ਦਿੰਦਾ ਹੈ।”
**19**ਲੋਕਾਂ ਨੇ ਪੁੱਛਿਆ, “ਤੇਰਾ ਪਿਤਾ ਕਿੱਥੇ ਹੈ?”
ਯਿਸੂ ਨੇ ਆਖਿਆ, “ਤੁਸੀਂ ਮੈਨੂੰ ਜਾਂ ਮੇਰੇ ਪਿਤਾ ਨੂੰ ਨਹੀਂ ਜਾਣਦੇ।
ਪਰ ਜੇ ਤੁਸੀਂ ਮੈਨੂੰ ਜਾਣਦੇ ਹੁੰਦੇ ਤਾਂ ਤੁਸੀਂ ਮੇਰੇ ਪਿਤਾ ਨੂੰ ਵੀ ਜਾਣ
ਜਾਂਦੇ।” **20**ਯਿਸੂ ਨੇ ਇਹ ਗੱਲਾਂ ਉਦੋਂ ਆਖੀਆਂ ਜਦੋਂ ਉਹ ਮੰਦਰ
ਦੇ ਇਲਾਕੇ ਵਿੱਚ ਉਪਦੇਸ਼ ਦੇ ਰਿਹਾ ਸੀ, ਜਦੋਂ ਉਹ ਚੜ੍ਹਾਵੇ ਦੀ
ਪੇਟੀ ਕੋਲ ਪ੍ਰਚਾਰ ਕਰ ਰਿਹਾ ਸੀ, ਪਰ ਕਿਸੇ ਵੀ ਮਨੁੱਖ ਨੇ ਉਸ ਨੂੰ
ਗਿਰਫ਼ਤਾਰ ਨਹੀਂ ਕੀਤਾ ਕਿਉਂਕਿ ਅਜੇ ਯਿਸੂ ਦਾ ਸਹੀ ਵੇਲਾ ਨਹੀਂ
ਸੀ ਆਇਆ।

## ਯਹੂਦੀ ਯਿਸੂ ਨੂੰ ਨਹੀਂ ਸਮਝੇ

**21**ਯਿਸੂ ਨੇ ਫੇਰ ਲੋਕਾਂ ਨੂੰ ਆਖਿਆ, “ਮੈਂ ਤੁਹਾਨੂੰ ਛੱਡ ਜਾਵਾਂਗਾ ਅਤੇ
ਤੁਸੀਂ ਮੈਨੂੰ ਲੱਭੋਗੇ, ਪਰ ਤੁਸੀਂ ਆਪਣੇ ਪਾਪਾਂ ਵਿੱਚ ਮਰੋਗੇ। ਤੁਸੀਂ
ਉਸ ਜਗ੍ਹਾ ਨਹੀਂ ਆ ਸਕਦੇ ਜਿੱਥੇ ਮੈਂ ਜਾ ਰਿਹਾ ਹਾਂ।”
**22**ਫੇਰ ਯਹੂਦੀ ਆਗੂ ਆਪਸ ਵਿੱਚ ਬੋਲੇ, “ਕੀ ਯਿਸੂ ਆਪਣੇ
ਆਪ ਨੂੰ ਮਾਰ ਲਵੇਗਾ? ਕਿਉਂ ਜੋ ਉਸ ਨੇ ਆਖਿਆ ਹੈ, ‘ਤੁਸੀਂ ਉਸ
ਜਗ੍ਹਾ ਨਹੀਂ ਆ ਸਕਦੇ ਜਿੱਥੇ ਮੈਂ ਜਾ ਰਿਹਾ ਹਾਂ, ਉੱਥੇ ਤੁਸੀਂ ਨਹੀਂ
ਪਹੁੰਚ ਸਕਦੇ।’ ”
**23**ਪਰ ਯਿਸੂ ਨੇ ਉਨ੍ਹਾਂ ਲੋਕਾਂ ਨੂੰ ਆਖਿਆ, “ਤੁਸੀਂ ਹੇਠਾਂ ਦੇ ਹੋ,
ਪਰ ਮੈਂ ਉੱਪਰੋਂ ਹਾਂ। ਤੁਸੀਂ ਇਸ ਦੁਨੀਆ ਨਾਲ ਸੰਬੰਧਤ ਹੋ ਪਰ ਮੈਂ
ਇਸ ਦੁਨੀਆ ਨਾਲ ਸੰਬੰਧਤ ਨਹੀਂ ਹਾਂ। **24**ਇਸ ਲਈ ਮੈਂ ਤੁਹਾਨੂੰ
ਆਖਿਆ ਸੀ ਕਿ ਤੁਸੀਂ ਆਪਣੇ ਪਾਪਾਂ ਵਿੱਚ ਮਰੋਗੇ। ਹਾਂ, ਜੇਕਰ
ਤੁਸੀਂ ਵਿਸ਼ਵਾਸ ਨਹੀਂ ਕਰੋਗੇ ਕਿ ਮੈਂ ਉਹ ਹਾਂ, ਤਾਂ ਤੁਸੀਂ ਆਪਣੇ
ਪਾਪਾਂ ਵਿੱਚ ਮਰੋਗੇ।”
**25**ਉਨ੍ਹਾਂ ਨੇ ਆਖਿਆ, “ਤੂੰ ਕੌਣ ਹੈਂ?”
ਯਿਸੂ ਨੇ ਜਵਾਬ ਦਿੱਤਾ, “ਮੈਂ ਉਹੀ ਹਾਂ ਜੋ ਮੈਂ ਤੁਹਾਨੂੰ ਮੁੱਢੋਂ ਕਹਿੰਦਾ
ਆ ਰਿਹਾ ਹਾਂ। **26**ਮੇਰੇ ਕੋਲ ਤੁਹਾਡਾ ਨਿਆਂ ਕਰਨ ਅਤੇ ਬੋਲਣ
ਲਈ ਬਹੁਤ ਸਾਰੀਆਂ ਗੱਲਾਂ ਹਨ। ਉਹ ਜਿਸ ਨੇ ਮੈਨੂੰ ਭੇਜਿਆ,
ਸੱਚ ਬੋਲਦਾ ਹੈ ਅਤੇ ਮੈਂ ਲੋਕਾਂ ਨੂੰ ਉਹ ਗੱਲਾਂ ਕਹਿੰਦਾ ਹਾਂ ਜੋ ਮੈਂ ਉਸ
ਤੋਂ ਸੁਣੀਆਂ ਹਨ।”

[a] ***8:11*** ਯੂਹੰਨਾ ਦੀਆਂ ਕੁਝ ਪੁਰਾਣੀਆਂ ਪੱਤ੍ਰੀਆਂ ਵਿੱਚ ਤੁਕ 7:53-8:11 ਨਹੀਂ ਹਨ। (ਦੂਸਰੀਆਂ ਪੱਤ੍ਰੀਆਂ ਵਿੱਚ ਇਹ ਭਾਗ ਅੱਲਗ ਥਾਵਾਂ ਤੇ ਹੈ।)

27ਲੋਕ ਇਹ ਨਾ ਸਮਝ ਸਕੇ ਕਿ ਯਿਸੂ ਉਨ੍ਹਾਂ ਨਾਲ ਪਿਤਾ ਬਾਰੇ
ਗੱਲ ਕਰ ਰਿਹਾ ਸੀ। 28ਤਦ ਯਿਸੂ ਨੇ ਲੋਕਾਂ ਨੂੰ ਆਖਿਆ, “ਜਦੋਂ
ਤੁਸੀਂ ਮਨੁੱਖ ਦੇ ਪੁੱਤਰ ਨੂੰ ਉੱਚਾ ਚੁੱਕੋਗੇ ਤਾਂ ਤੁਸੀਂ ਜਾਣ ਜਾਓਗੇ ਕਿ ਮੈਂ
ਉਹ ਹਾਂ, ਅਤੇ ਤੁਸੀਂ ਜਾਣ ਜਾਓਗੇ ਕਿ ਮੈਂ ਕੁਝ ਵੀ ਆਪਣੇ ਅਧਿਕਾਰ
ਨਾਲ ਨਹੀਂ ਕਰਦਾ। ਤੁਸੀਂ ਜਾਣ ਜਾਓਗੇ ਕਿ ਮੈਂ ਉਹੀ ਬੋਲਦਾ ਹਾਂ
ਜੋ ਕੁਝ ਮੇਰੇ ਪਿਤਾ ਨੇ ਮੈਨੂੰ ਸਿਖਾਇਆ ਹੈ। 29ਉਹ ਜਿਸ ਨੇ ਮੈਨੂੰ
ਭੇਜਿਆ ਮੇਰੇ ਨਾਲ ਹੈ। ਮੈਂ ਹਮੇਸ਼ਾ ਉਹੀ ਕਰਦਾ ਹਾਂ ਜੋ ਉਹ ਪਸੰਦ
ਕਰਦਾ ਹੈ, ਇਸ ਲਈ ਉਸ ਨੇ ਮੈਨੂੰ ਇਕੱਲਾ ਨਹੀਂ ਛੱਡਿਆ।”
30ਜਦੋਂ ਯਿਸੂ ਅਜਿਹੀਆਂ ਗੱਲਾਂ ਆਖ ਰਿਹਾ ਸੀ ਤਾਂ ਬਹੁਤ ਲੋਕਾਂ
ਨੇ ਉਸ ਉੱਤੇ ਵਿਸ਼ਵਾਸ ਕੀਤਾ।

## ਯਿਸੂ ਦਾ ਪਾਪ ਤੋਂ ਮੁਕਤੀ ਬਾਰੇ ਉਪਦੇਸ਼

31ਯਿਸੂ ਨੇ ਉਨ੍ਹਾਂ ਯਹੂਦੀਆਂ ਨੂੰ ਆਖਿਆ ਜੋ ਉਸ ਉੱਤੇ ਨਿਰਚਾ
ਰੱਖਦੇ ਸਨ, “ਜੇਕਰ ਤੁਸੀਂ ਮੇਰੇ ਉਪਦੇਸ਼ ਨੂੰ ਮੰਨੋਗੇ ਤਾਂ ਤੁਸੀਂ ਮੇਰੇ
ਅਸਲੀ ਚੇਲੇ ਹੋ। 32ਤਦ ਤੁਸੀਂ ਸੱਚ ਨੂੰ ਜਾਣ ਜਾਓਗੇ ਅਤੇ ਉਹੀ
ਸੱਚ ਤੁਹਾਨੂੰ ਮੁਕਤ ਕਰ ਦੇਵੇਗਾ।”
33ਯਹੂਦੀਆਂ ਨੇ ਜਵਾਬ ਦਿੱਤਾ, “ਅਸੀਂ ਅਬਰਾਹਾਮ ਦੀ ਅੰਸ
ਹਾਂ। ਅਸੀਂ ਕਦੇ ਵੀ ਕਿਸੇ ਦੇ ਗੁਲਾਮ ਨਹੀਂ ਰਹੇ, ਫਿਰ ਤੂੰ ਕਿਉਂ
ਕਹਿੰਦਾ ਹੈਂ ਕਿ ਅਸੀਂ ਮੁਕਤ ਹੋ ਜਾਵਾਂਗੇ?”
34ਯਿਸੂ ਨੇ ਆਖਿਆ, “ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਹਰੇਕ
ਜਿਹੜਾ ਪਾਪ ਕਰਦਾ ਰਹਿੰਦਾ ਹੈ, ਉਹ ਪਾਪ ਦਾ ਗੁਲਾਮ ਹੈ।
35ਇੱਕ ਗੁਲਾਮ ਹਮੇਸ਼ਾ ਵਾਸਤੇ ਪਰਿਵਾਰ ਨਾਲ ਨਹੀਂ ਰਹਿੰਦਾ,
ਪਰ ਇੱਕ ਪੁੱਤਰ ਹਮੇਸ਼ਾ ਪਰਿਵਾਰ ਨਾਲ ਰਹਿੰਦਾ ਹੈ। 36ਇਸ
ਲਈ ਜੇਕਰ ਤੁਹਾਨੂੰ ਪੁੱਤਰ ਆਜ਼ਾਦ ਕਰ ਦਿੰਦਾ ਹੈ ਤਾਂ ਤੁਸੀਂ
ਸੱਚਮੁੱਚ ਆਜ਼ਾਦ ਹੋਵੋਗੇ। 37ਮੈਂ ਜਾਣਦਾ ਹਾਂ ਕਿ ਤੁਸੀਂ ਅਬਰਾਹਾਮ
ਦੀ ਅੰਸ ਹੋ। ਪਰ ਤੁਸੀਂ ਮੈਨੂੰ ਮਾਰਨਾ ਚਾਹੁੰਦੇ ਹੋ, ਕਿਉਂਕਿ ਤੁਸੀਂ
ਮੇਰੇ ਉਪਦੇਸ਼ ਨੂੰ ਕਬੂਲਣ ਲਈ ਰਾਜੀ ਨਹੀਂ ਹੋ। 38ਮੈਂ ਤੁਹਾਨੂੰ
ਉਹੀ ਕੁਝ ਆਖ ਰਿਹਾ ਹਾਂ ਜੋ ਮੇਰੇ ਪਿਤਾ ਨੇ ਮੈਨੂੰ ਦਿਖਾਇਆ ਹੈ।
ਪਰ ਤੁਸੀਂ ਉਹ ਕੁਝ ਕਰਦੇ ਹੋ ਜੋ ਤੁਹਾਡੇ ਪਿਤਾ ਨੇ ਤੁਹਾਨੂੰ ਕਰਨ
ਵਾਸਤੇ ਕਿਹਾ ਹੈ।”
39ਯਹੂਦੀਆਂ ਨੇ ਕਿਹਾ, “ਸਾਡਾ ਪਿਤਾ ਅਬਰਾਹਾਮ ਹੈ।”
ਯਿਸੂ ਨੇ ਆਖਿਆ, “ਜੇਕਰ ਸੱਚਮੁੱਚ ਤੁਸੀਂ ਅਬਰਾਹਾਮ ਦੀ ਅੰਸ
ਹੁੰਦੇ ਤਾਂ ਤੁਸੀਂ ਉਹੀ ਕਰਨੀਆਂ ਕਰਦੇ ਜੋ ਅਬਰਾਹਾਮ ਨੇ ਕੀਤੀਆਂ।
40ਮੈਂ ਉਹ ਹਾਂ ਜਿਸ ਨੇ ਤੁਹਾਨੂੰ ਸੱਚ ਦੱਸਿਆ ਜਿਹੜਾ ਮੈਂ ਪਰਮੇਸ਼ੁਰ
ਤੋਂ ਸੁਣਿਆ, ਪਰ ਤੁਸੀਂ ਮੈਨੂੰ ਮਾਰ ਦੇਣਾ ਚਾਹੁੰਦੇ ਹੋ। ਅਬਰਾਹਾਮ ਨੇ
ਤਾਂ ਅਜਿਹਾ ਕੁਝ ਨਹੀਂ ਸੀ ਕੀਤਾ। 41ਤੁਸੀਂ ਉਵੇਂ ਦੇ ਕੰਮ ਕਰੋ ਜਿਵੇਂ
ਤੁਹਾਡਾ ਪਿਤਾ ਕਰਦਾ ਹੈ।”
ਪਰ ਯਹੂਦੀਆਂ ਨੇ ਕਿਹਾ, “ਅਸੀਂ ਉਨ੍ਹਾਂ ਬੱਚਿਆਂ ਵਾਂਗ ਨਹੀਂ ਹਾਂ
ਜਿਨ੍ਹਾਂ ਨੂੰ ਇਹ ਨਹੀਂ ਪਤਾ ਕਿ ਉਨ੍ਹਾਂ ਦਾ ਪਿਤਾ ਕੌਣ ਸੀ? ਸਾਡਾ ਇੱਕ
ਪਿਤਾ ਹੈ ਅਤੇ ਉਹ ਪਰਮੇਸ਼ੁਰ ਹੈ।”
42ਯਿਸੂ ਨੇ ਉਨ੍ਹਾਂ ਯਹੂਦੀਆਂ ਨੂੰ ਕਿਹਾ, “ਜੇਕਰ ਪਰਮੇਸ਼ੁਰ
ਤੁਹਾਡਾ ਪਿਤਾ ਹੁੰਦਾ ਤਾਂ ਤੁਸੀਂ ਮੈਨੂੰ ਪਿਆਰ ਕਰਦੇ, ਕਿਉਂਕਿ ਮੈਂ
ਪਰਮੇਸ਼ੁਰ ਵੱਲੋਂ ਆਇਆ ਹਾਂ ਅਤੇ ਹੁਣ ਮੈਂ ਇੱਥੇ ਹਾਂ। ਮੈਂ ਆਪਣੀ
ਖੁਦ ਦੀ ਇੱਛਾ ਨਾਲ ਨਹੀਂ ਆਇਆ, ਮੈਨੂੰ ਪਰਮੇਸ਼ੁਰ ਨੇ ਹੀ
ਭੇਜਿਆ ਹੈ। 43ਤੁਹਾਨੂੰ ਜੋ ਮੈਂ ਕਹਿ ਰਿਹਾ ਹਾਂ ਉਹ ਕਿਉਂ ਸਮਝ
ਨਹੀਂ ਆ ਰਿਹਾ? ਕਿਉਂਕਿ ਤੁਸੀਂ ਮੇਰੇ ਉਪਦੇਸ਼ਾਂ ਨੂੰ ਸੁਣਨ ਲਈ
ਤਿਆਰ ਨਹੀਂ ਹੋ। 44ਤੁਹਾਡਾ ਪਿਤਾ ਸ਼ਤਾਨ ਹੈ ਅਤੇ ਤੁਸੀਂ ਉਸ ਦੀ
ਅੰਸ ਹੋ ਤੇ ਸਿਰਫ ਉਹੀ ਕਰਨਾ ਚਾਹੁੰਦੇ ਹੋ ਜੋ ਉਸ ਨੂੰ ਪਸੰਦ ਹੈ।
ਸ਼ਤਾਨ ਸ਼ੁਰੂ ਤੋਂ ਹੀ ਹੱਤਿਆਰਾ ਹੈ, ਉਹ ਸੱਚ ਦੇ ਵਿਰੁੱਧ ਹੈ। ਉਸ
ਵਿੱਚ ਕੋਈ ਸੱਚ ਨਹੀਂ। ਜਦੋਂ ਉਹ ਝੂਠ ਬੋਲਦਾ ਹੈ ਤਾਂ ਉਹ ਆਪਣਾ
ਅਸਲੀ ਰੂਪ ਪਰਗਟ ਕਰਦਾ ਹੈ। ਹਾਂ! ਸ਼ਤਾਨ ਝੂਠਾ ਹੈ ਅਤੇ ਉਹ
ਝੂਠ ਦਾ ਪਿਤਾ ਹੈ।
45“ਮੈਂ ਤੁਹਾਨੂੰ ਸੱਚ ਕਹਿ ਰਿਹਾ ਹਾਂ ਇਸੇ ਲਈ ਤੁਸੀਂ ਮੇਰਾ
ਵਿਸ਼ਵਾਸ ਨਹੀਂ ਕਰਦੇ। 46ਕੀ ਤੁਹਾਡੇ ਵਿੱਚੋਂ ਕੋਈ ਹੈ ਜੋ ਇਹ
ਸਾਬਤ ਕਰ ਸਕੇ ਕਿ ਮੈਂ ਪਾਪ ਦਾ ਦੋਸ਼ੀ ਹਾਂ? ਜੇਕਰ ਮੈਂ ਸੱਚ ਕਹਿ
ਰਿਹਾ ਹਾਂ ਤਾਂ ਤੁਸੀਂ ਮੇਰਾ ਵਿਸ਼ਵਾਸ ਕਿਉਂ ਨਹੀਂ ਕਰਦੇ? 47ਇੱਕ
ਵਿਅਕਤੀ ਜਿਹੜਾ ਪਰਮੇਸ਼ੁਰ ਤੋਂ ਹੈ ਪਰਮੇਸ਼ੁਰ ਦੇ ਸ਼ਬਦਾਂ ਨੂੰ
ਕਬੂਲਦਾ ਹੈ, ਪਰ ਤੁਸੀਂ ਸੁਣਨ ਤੋਂ ਇਨਕਾਰ ਕਰਦੇ ਹੋ ਕਿਉਂਕਿ
ਤੁਸੀਂ ਪਰਮੇਸ਼ੁਰ ਤੋਂ ਨਹੀਂ ਹੋ।”

## ਯਿਸੂ ਆਪਣੇ ਅਤੇ ਅਬਰਾਹਾਮ ਬਾਰੇ ਕਹਿੰਦਾ ਹੈ

48ਯਹੂਦੀਆਂ ਨੇ ਆਖਿਆ, “ਕੀ ਅਸੀਂ ਠੀਕ ਨਹੀਂ ਆਖਿਆ ਕਿ
ਤੂੰ ਇੱਕ ਸਾਮਰੀ ਹੈਂ ਅਤੇ ਤੇਰੇ ਅੰਦਰ ਇੱਕ ਭੂਤ ਪ੍ਰਵੇਸ਼ ਕਰ ਗਿਆ
ਹੈ।”
49ਯਿਸੂ ਨੇ ਆਖਿਆ, “ਮੇਰੇ ਅੰਦਰ ਕੋਈ ਭੂਤ ਨਹੀਂ ਹੈ। ਮੈਂ
ਆਪਣੇ ਪਿਤਾ ਦਾ ਸਨਮਾਨ ਕਰਦਾ ਹਾਂ, ਪਰ ਤੁਸੀਂ ਮੇਰਾ ਨਿਰਾਦਰ
ਕਰਦੇ ਹੋ। 50ਮੈਂ ਆਪਣੇ ਆਪ ਵਾਸਤੇ ਮਾਣ ਨਹੀਂ ਚਾਹੁੰਦਾ। ਇੱਕ
ਅਜਿਹਾ ਹੈ ਜੋ ਮੈਨੂੰ ਮਾਣ ਦੇਣਾ ਚਾਹੁੰਦਾ ਹੈ। ਉਹ ਮੁਨਸਫ ਹੈ। 51ਮੈਂ
ਤੁਹਾਨੂੰ ਸੱਚ ਕਹਿੰਦਾ ਹਾਂ ਕਿ ਜੇਕਰ ਕੋਈ ਵੀ ਮਨੁੱਖ ਮੇਰੇ ਉਪਦੇਸ਼ ਤੇ
ਚੱਲੇਗਾ, ਉਹ ਕਦੇ ਵੀ ਨਹੀਂ ਮਰੇਗਾ।”
52ਯਹੂਦੀਆਂ ਨੇ ਯਿਸੂ ਨੂੰ ਆਖਿਆ, “ਹੁਣ ਅਸੀਂ ਜਾਣਦੇ ਹਾਂ
ਕਿ ਤੇਰੇ ਅੰਦਰ ਇੱਕ ਭੂਤ ਹੈ। ਇੱਥੋਂ ਤੱਕ ਕਿ ਅਬਰਾਹਾਮ ਅਤੇ
ਦੂਸਰੇ ਨਬੀ ਵੀ ਮਰ ਗਏ, ਪਰ ਤੂੰ ਕਹਿੰਦਾ ਹੈਂ ਕਿ ਜੇਕਰ ਕੋਈ ਮੇਰੇ
ਉਪਦੇਸ਼ ਦਾ ਅਨੁਸਰਣ ਕਰਦਾ ਹੈ ਉਹ ਸਦੀਪਕ ਜੀਵਨ ਪਾਵੇਗਾ।
‘ਉਹ ਕਦੇ ਵੀ ਨਹੀਂ ਮਰੇਗਾ।’ 53ਕੀ ਤੂੰ ਸਾਡੇ ਪਿਤਾ ਅਬਰਾਹਾਮ ਤੋਂ
ਵੱਡਾ ਹੈਂ? ਅਬਰਾਹਾਮ ਅਤੇ ਨਬੀ ਮਰ ਗਏ, ਤਾਂ ਤੂੰ ਭਲਾ ਆਪਣੇ
ਆਪ ਨੂੰ ਕੀ ਸਮਝਦਾ ਹੈਂ?”
54ਯਿਸੂ ਨੇ ਜਵਾਬ ਦਿੱਤਾ, “ਜੇਕਰ ਮੈਂ ਆਪਣੇ ਆਪ ਦਾ
ਸਤਿਕਾਰ ਚਾਹੁੰਦਾ ਹਾਂ ਤਾਂ ਉਸ ਸਤਿਕਾਰ ਦੀ ਕੋਈ ਕੀਮਤ ਨਹੀਂ।
ਪਰ ਜਿਹੜਾ ਮੈਨੂੰ ਸਤਿਕਾਰਦਾ ਹੈ ਉਹ ਮੇਰਾ ਪਿਤਾ ਹੈ, ਅਤੇ ਤੁਸੀਂ
ਕਹਿੰਦੇ ਹੋ ਕਿ ਉਹ ਸਾਡਾ ਪਰਮੇਸ਼ੁਰ ਹੈ। 55ਅਸਲ ਵਿੱਚ ਤੁਸੀਂ ਉਸ
ਨੂੰ ਨਹੀਂ ਜਾਣਦੇ, ਪਰ ਮੈਂ ਉਸ ਨੂੰ ਜਾਣਦਾ ਹਾਂ। ਜੇਕਰ ਮੈਂ ਇਹ ਕਹਾਂ
ਕਿ ਮੈਂ ਉਸ ਨੂੰ ਨਹੀਂ ਜਾਣਦਾ ਤਾਂ ਮੈਂ ਤੁਹਾਡੀ ਤਰ੍ਹਾਂ ਝੂਠਾ ਹੋਵਾਂਗਾ।
ਪਰ ਮੈਂ ਉਸ ਨੂੰ ਜਾਣਦਾ ਹਾਂ ਅਤੇ ਉਸ ਦੇ ਬਚਨਾਂ ਦੀ ਪਾਲਣਾ
ਕਰਦਾ ਹਾਂ। 56ਤੁਹਾਡਾ ਪਿਤਾ ਅਬਰਾਹਾਮ ਬੜਾ ਖੁਸ਼ ਸੀ ਕਿ ਉਹ
ਮੇਰੇ ਆਉਣ ਦਾ ਦਿਨ ਵੇਖੇਗਾ। ਉਸ ਨੇ ਇਸ ਨੂੰ ਵੇਖਿਆ ਅਤੇ
ਬੜਾ ਖੁਸ਼ ਹੋਇਆ।”
57ਫਿਰ ਯਹੂਦੀਆਂ ਨੇ ਯਿਸੂ ਨੂੰ ਆਖਿਆ, “ਕੀ ਤੂੰ ਅਬਰਾਹਾਮ
ਨੂੰ ਵੇਖਿਆ ਹੈ? ਤੂੰ ਕਿਵੇਂ ਵੇਖਿਆ ਹੋ ਸਕਦਾ ਹੈ, ਕਿਉਂਕਿ ਤੂੰ ਪੰਜਾਹਾਂ
ਵਰ੍ਹਿਆਂ ਦਾ ਵੀ ਨਹੀਂ ਹੈਂ।”
58ਯਿਸੂ ਨੇ ਆਖਿਆ, “ਮੈਂ ਤੁਹਾਨੂੰ ਸੱਚ ਕਹਿੰਦਾ ਹਾਂ, ਅਬਰਾਹਾਮ
ਦੇ ਜਨਮ ਤੋਂ ਪਹਿਲਾਂ, ਮੈਂ ਹਾਂ।” 59ਜਦੋਂ ਯਿਸੂ ਨੇ ਇਸ ਤਰ੍ਹਾਂ
ਆਖਿਆ ਤਾਂ ਲੋਕਾਂ ਨੇ ਉਸ ਨੂੰ ਮਾਰਨ ਵਾਸਤੇ ਪੱਥਰ ਚੁੱਕੇ। ਪਰ
ਯਿਸੂ ਲੁਕ ਗਿਆ ਅਤੇ ਮੰਦਰ ਵਿੱਚੋਂ ਨਿੱਕਲ ਕੇ ਚਲਾ ਗਿਆ।

## ਯਿਸੂ ਵੱਲੋਂ ਜਨਮ ਦੇ ਅੰਨ੍ਹੇ ਨੂੰ ਚੰਗਾ ਕਰਨਾ

9 1ਜਦੋਂ ਯਿਸੂ ਜਾ ਰਿਹਾ ਸੀ ਤਾਂ ਉਸ ਨੇ ਰਾਹ ਵਿੱਚ ਇੱਕ ਅੰਨ੍ਹਾ
ਆਦਮੀ ਵੇਖਿਆ। ਇਹ ਆਦਮੀ ਜਨਮ ਤੋਂ ਹੀ ਅੰਨ੍ਹਾ ਸੀ।
2ਯਿਸੂ ਦੇ ਚੇਲਿਆਂ ਨੇ ਉਸ ਨੂੰ ਆਖਿਆ, “ਗੁਰੂ, ਇਹ ਆਦਮੀ
ਜਨਮ ਤੋਂ ਅੰਨ੍ਹਾ ਹੈ, ਪਰ ਕਿਸ ਦੇ ਪਾਪਾਂ ਕਰਕੇ ਉਹ ਅੰਨ੍ਹਾ ਪੈਦਾ
ਹੋਇਆ ਹੈ? ਉਸ ਦੇ ਆਪਣੇ ਪਾਪਾਂ ਕਾਰਣ ਜਾਂ ਉਸ ਦੇ ਮਾਂ-ਬਾਪ
ਦੇ ਪਾਪਾਂ ਕਾਰਣ?”

3ਯਿਸੂ ਨੇ ਆਖਿਆ, “ਇਹ ਉਸ ਦੇ ਪਾਪਾਂ ਦਾ ਜਾਂ ਉਸ ਦੇ
ਮਾਂ-ਬਾਪ ਦੇ ਪਾਪਾਂ ਦਾ ਨਤੀਜਾ ਨਹੀਂ ਹੈ। ਪਰ ਇਹ ਚੰਗਾ ਹੋ ਕੇ
ਲੋਕਾਂ ਨੂੰ ਪਰਮੇਸ਼ੁਰ ਦੀ ਸ਼ਕਤੀ ਵਿਖਾਉਣ ਵਾਸਤੇ ਅੰਨ੍ਹਾ ਪੈਦਾ
ਹੋਇਆ ਸੀ। 4ਸਾਨੂੰ ਉਸ ਪਰਮੇਸ਼ੁਰ ਦਾ ਕਾਰਜ ਦਿਨ ਰਹਿੰਦਿਆਂ
ਕਰਨਾ ਚਾਹੀਦਾ ਹੈ ਜਿਸ ਨੇ ਮੈਨੂੰ ਭੇਜਿਆ ਹੈ। ਕਿਉਂਕਿ ਫਿਰ ਰਾਤ
ਹੋ ਜਾਵੇਗੀ ਅਤੇ ਕੋਈ ਵੀ ਰਾਤ ਵੇਲੇ ਕੰਮ ਨਹੀਂ ਕਰ ਸਕਦਾ। 5ਜਦ
ਤੀਕ ਮੈਂ ਦੁਨੀਆ ਵਿੱਚ ਹਾਂ ਮੈਂ ਦੁਨੀਆ ਲਈ ਚਾਨਣ ਹਾਂ।”

6ਇਹ ਕਹਿਣ ਤੋਂ ਬਾਅਦ, ਯਿਸੂ ਨੇ ਜ਼ਮੀਨ ਤੇ ਥੁੱਕਿਆ ਅਤੇ
ਇਸ ਨਾਲ ਥੋੜ੍ਹੀ ਮਿੱਟੀ ਗਿੱਲੀ ਕੀਤੀ ਅਤੇ ਉਸ ਨਾਲ ਉਸ ਅੰਨ੍ਹੇ
ਮਨੁੱਖ ਦੀਆਂ ਅੱਖਾਂ ਉੱਤੇ ਲੇਪ ਕੀਤਾ। 7ਯਿਸੂ ਨੇ ਉਸ ਮਨੁੱਖ ਨੂੰ
ਆਖਿਆ, “ਜਾ ਅਤੇ ਸਿਲੋਆਮ ਦੇ ਕੁੰਡ ਵਿੱਚ ਆਪਣੀਆਂ ਅੱਖਾਂ
ਧੋ,”(ਸਿਲੋਆਮ ਦਾ ਅਰਥ ਹੈ “ਭੇਜਿਆ ਹੋਇਆ।”) ਇਸ ਲਈ
ਉਹ ਕੁੰਡ ਤੇ ਗਿਆ ਅਤੇ ਆਪਣੀਆਂ ਅੱਖਾਂ ਧੋਣ ਤੋਂ ਬਾਅਦ ਵਾਪਸ
ਪਰਤਿਆ। ਹੁਣ ਉਸ ਨੂੰ ਸਭ ਦਿਸਦਾ ਸੀ।

8ਜਿਨ੍ਹਾਂ ਲੋਕਾਂ ਨੇ ਉਸ ਨੂੰ ਭੀਖ ਮੰਗਦਿਆਂ ਵੇਖਿਆ ਸੀ ਉਨ੍ਹਾਂ
ਅਤੇ ਉਸ ਦੇ ਗੁਆਂਢੀਆਂ ਨੇ ਕਿਹਾ, “ਵੇਖੋ! ਕੀ ਇਹ ਉਹੀ ਨਹੀਂ ਹੈ
ਜਿਹੜਾ ਬੈਠ ਕੇ ਭੀਖ ਮੰਗਦਾ ਹੁੰਦਾ ਸੀ?”

9ਕੁਝ ਲੋਕਾਂ ਨੇ ਕਿਹਾ, “ਹਾਂ ਉਹੀ ਹੈ।” ਪਰ ਦੂਜੇ ਲੋਕਾਂ ਨੇ
ਆਖਿਆ, “ਨਹੀਂ ਇਹ ਉਹ ਆਦਮੀ ਨਹੀਂ ਹੈ, ਇਹ ਉਸ ਦੇ ਵਰਗਾ
ਲੱਗਦਾ ਹੈ।”

ਪਰ ਉਸ ਆਦਮੀ ਨੇ ਆਖਿਆ, “ਮੈਂ ਉਹੀ ਆਦਮੀ ਹਾਂ।”

10ਲੋਕਾਂ ਨੇ ਪੁੱਛਿਆ, “ਇਹ ਕਿਵੇਂ ਹੋਇਆ? ਤੈਨੂੰ ਤੇਰੀ ਦ੍ਰਿਸ਼ਟੀ
ਕਿਵੇਂ ਪ੍ਰਾਪਤ ਹੋਈ?”

11ਆਦਮੀ ਨੇ ਉੱਤਰ ਦਿੱਤਾ, “ਯਿਸੂ ਨਾਮੀਂ ਆਦਮੀ ਨੇ ਕੁਝ ਮਿੱਟੀ
ਮੇਰੀਆਂ ਅੱਖਾਂ ਉੱਤੇ ਲਾਈ। ਉਸ ਨੇ ਮੈਨੂੰ ਸਿਲੋਆਮ ਕੁੰਡ ਤੇ ਧੋਣ
ਵਾਸਤੇ ਜਾਣ ਲਈ ਕਿਹਾ। ਜਦ ਮੈਂ ਸਿਲੋਆਮ ਕੁੰਡ ਤੇ ਗਿਆ ਅਤੇ
ਅੱਖਾਂ ਧੋਤੀਆਂ ਤਾਂ ਮੈਂ ਸੁਜਾਖਾ ਹੋ ਗਿਆ।”

12ਲੋਕਾਂ ਨੇ ਉਸ ਨੂੰ ਆਖਿਆ, “ਉਹ ਕਿੱਥੇ ਹੈ?”

ਉਸ ਨੇ ਜਵਾਬ ਦਿੱਤਾ, “ਮੈਂ ਨਹੀਂ ਜਾਣਦਾ।”

## ਯਹੂਦੀਆਂ ਵੱਲੋਂ ਯਿਸੂ ਦੁਆਰੇ ਚੰਗੇ ਕੀਤੇ ਮਨੁੱਖ ਨੂੰ ਸਵਾਲ

13ਲੋਕ ਉਸ ਆਦਮੀ ਨੂੰ ਫ਼ਰੀਸੀਆਂ ਕੋਲ ਲਿਆਏ ਜੋ ਪਹਿਲਾਂ ਅੰਨ੍ਹਾ
ਸੀ 14ਅਤੇ ਯਿਸੂ ਨੇ ਮਿੱਟੀ ਗਿੱਲੀ ਕਰਕੇ ਉਸ ਆਦਮੀ ਦੀਆਂ ਅੱਖਾਂ
ਨੂੰ ਸਬਤ ਦੇ ਦਿਨ ਚੰਗਾ ਕੀਤਾ ਸੀ। 15ਇਸ ਵਾਰੀ ਫ਼ਰੀਸੀਆਂ ਨੇ
ਉਸ ਮਨੁੱਖ ਨੂੰ ਪੁੱਛਿਆ, “ਤੈਨੂੰ ਆਪਣੀ ਦ੍ਰਿਸ਼ਟੀ ਕਿਵੇਂ ਮਿਲੀ?”

ਮਨੁੱਖ ਨੇ ਉੱਤਰ ਦਿੱਤਾ, “ਉਸ ਨੇ ਮੇਰੀਆਂ ਅੱਖਾਂ ਤੇ ਮਿੱਟੀ ਗਿੱਲੀ
ਕਰਕੇ ਲਾਈ, ਮੈਂ ਅੱਖਾਂ ਧੋਤੀਆਂ ਅਤੇ ਹੁਣ ਮੈਂ ਵੇਖ ਸਕਦਾ ਹਾਂ।”

16ਕੁਝ ਫ਼ਰੀਸੀਆਂ ਨੇ ਆਖਿਆ, “ਇਹ ਮਨੁੱਖ ਪਰਮੇਸ਼ੁਰ ਵੱਲੋਂ
ਨਹੀਂ ਹੈ, ਕਿਉਂਕਿ ਇਹ ਸਬਤ ਦੇ ਦਿਨ ਦੇ ਨੇਮ ਨੂੰ ਵੀ ਨਹੀਂ ਮੰਨ
ਰਿਹਾ। ਇਸ ਲਈ ਉਹ ਪਰਮੇਸ਼ੁਰ ਵੱਲੋਂ ਨਹੀਂ ਹੈ।”

ਕੁਝ ਹੋਰ ਲੋਕਾਂ ਨੇ ਆਖਿਆ, “ਕੀ ਇੱਕ ਪਾਪੀ ਆਦਮੀ ਅਜਿਹੇ
ਕਰਿਸ਼ਮੇ ਕਰ ਸਕਦਾ ਹੈ।” ਯਹੂਦੀ ਇਸ ਗੱਲ ਤੇ ਆਪਸ ਵਿੱਚ
ਸਹਿਮਤ ਨਾ ਹੋਏ।

17ਯਹੂਦੀਆਂ ਦੇ ਆਗੂਆਂ ਨੇ ਉਸ ਆਦਮੀ ਨੂੰ ਦੁਬਾਰਾ ਪੁੱਛਿਆ,
“ਉਹ ਮਨੁੱਖ ਜਿਸ ਨੇ ਤੈਨੂੰ ਚੰਗਾ ਕੀਤਾ, ਜਿਸ ਕਰਕੇ ਹੁਣ ਤੂੰ ਵੇਖ
ਸਕਦਾ ਹੈਂ, ਤੂੰ ਉਸ ਆਦਮੀ ਬਾਰੇ ਕੀ ਆਖਦਾ ਹੈਂ?”

ਉਸ ਆਦਮੀ ਨੇ ਕਿਹਾ, “ਉਹ ਇੱਕ ਨਬੀ ਹੈ।”

18ਜਦੋਂ ਤੱਕ ਉਸ ਦੇ ਮਾਪਿਆਂ ਨੂੰ ਨਹੀਂ ਸੱਦਿਆ, ਯਹੂਦੀਆਂ ਨੇ
ਇਹ ਵਿਸ਼ਵਾਸ ਨਾ ਕੀਤਾ ਕਿ ਉਹ ਆਦਮੀ ਅੰਨ੍ਹਾ ਸੀ ਅਤੇ ਚੰਗਾ
ਕੀਤਾ ਗਿਆ ਸੀ। 19ਯਹੂਦੀਆਂ ਨੇ ਉਸ ਦੇ ਮਾਂ-ਬਾਪ ਨੂੰ ਪੁੱਛਿਆ,
“ਕੀ ਇਹ ਮਨੁੱਖ ਤੁਹਾਡਾ ਪੁੱਤਰ ਹੈ? ਤੁਸੀਂ ਆਖਦੇ ਹੋ ਕਿ ਇਹ ਅੰਨ੍ਹਾ
ਜੰਮਿਆ ਸੀ, ਤਾਂ ਇਹ ਹੁਣ ਕਿਵੇਂ ਵੇਖ ਸਕਦਾ ਹੈ?”

20ਉਸ ਦੇ ਮਾਪਿਆਂ ਨੇ ਆਖਿਆ, “ਅਸੀਂ ਜਾਣਦੇ ਹਾਂ ਕਿ ਇਹ
ਸਾਡਾ ਪੁੱਤਰ ਹੈ ਅਤੇ ਜਦੋਂ ਇਹ ਜੰਮਿਆ ਸੀ ਤਾਂ ਅੰਨ੍ਹਾ ਸੀ। 21ਪਰ
ਸਾਨੂੰ ਇਹ ਨਹੀਂ ਪਤਾ ਕਿ ਹੁਣ ਇਸ ਨੂੰ ਕਿਵੇਂ ਦਿੱਸਦਾ ਹੈ। ਅਸੀਂ
ਨਹੀਂ ਜਾਣਦੇ ਕਿ ਉਸ ਦੀਆਂ ਅੱਖਾਂ ਕਿਸ ਨੇ ਚੰਗੀਆਂ ਕੀਤੀਆਂ
ਹਨ। ਤੁਸੀਂ ਉਸ ਨੂੰ ਹੀ ਪੁੱਛੋ। ਉਹ ਬੱਚਾ ਨਹੀਂ ਹੈ ਵੱਡਾ ਹੈ ਅਤੇ ਉਹ
ਆਪਣੇ ਬਾਰੇ ਤੁਹਾਡੇ ਸਵਾਲਾਂ ਦੇ ਜਵਾਬ ਦੇ ਸਕਦਾ ਹੈ।” 22ਉਸ
ਦੇ ਮਾਪਿਆਂ ਨੇ ਇਹ ਇਸ ਲਈ ਆਖਿਆ ਕਿਉਂਕਿ ਉਹ ਯਹੂਦੀ
ਆਗੂਆਂ ਤੋਂ ਡਰਦੇ ਸਨ। ਯਹੂਦੀ ਆਗੂਆਂ ਨੇ ਪਹਿਲਾਂ ਹੀ ਫ਼ੈਸਲਾ
ਕਰ ਲਿਆ ਸੀ ਕਿ ਉਹ ਉਸ ਮਨੁੱਖ ਨੂੰ ਯਹੂਦੀ ਮੰਦਰ ਵਿੱਚੋਂ ਕੱਢ
ਦੇਣਗੇ ਜੋ ਇਹ ਆਖੇਗਾ ਕਿ ਯਿਸੂ ਮਸੀਹ ਹੈ। 23ਇਸੇ ਲਈ
ਉਸ ਦੇ ਮਾਪਿਆਂ ਨੇ ਆਖਿਆ, “ਉਹ ਸਿਆਣਾ ਹੈ, ਉਸ ਨੂੰ ਹੀ
ਪੁੱਛ ਲਵੋ।”

24ਯਹੂਦੀ ਆਗੂਆਂ ਨੇ ਉਸ ਆਦਮੀ ਨੂੰ ਜੋ ਪਹਿਲਾਂ ਅੰਨ੍ਹਾ ਸੀ,
ਦੂਜੀ ਵਾਰੀ ਬੁਲਾਇਆ ਅਤੇ ਆਖਿਆ, “ਤੂੰ ਪਰਮੇਸ਼ੁਰ ਦੇ ਸਾਹਮਣੇ
ਸੱਚ ਬੋਲ। ਅਸੀਂ ਜਾਣਦੇ ਹਾਂ ਕਿ ਉਹ ਮਨੁੱਖ (ਯਿਸੂ) ਪਾਪੀ ਹੈ।”

25ਉਸ ਮਨੁੱਖ ਨੇ ਆਖਿਆ, “ਮੈਂ ਨਹੀਂ ਜਾਣਦਾ ਕਿ ਉਹ ਪਾਪੀ
ਹੈ ਜਾਂ ਨਹੀਂ। ਮੈਂ ਸਿਰਫ਼ ਇੱਕ ਹੀ ਗੱਲ ਜਾਣਦਾ ਹਾਂ ਕਿ ਮੈਂ ਅੰਨ੍ਹਾ ਸੀ
ਅਤੇ ਹੁਣ ਮੈਂ ਵੇਖ ਸਕਦਾ ਹਾਂ।”

26ਯਹੂਦੀਆਂ ਦੇ ਆਗੂਆਂ ਨੇ ਆਖਿਆ, “ਉਸ ਨੇ ਤੈਨੂੰ ਕੀ
ਕੀਤਾ? ਉਸ ਨੇ ਕਿਵੇਂ ਤੇਰੀਆਂ ਅੱਖਾਂ ਚੰਗੀਆਂ ਕੀਤੀਆਂ?”

27ਮਨੁੱਖ ਨੇ ਆਖਿਆ, “ਮੈਂ ਤੁਹਾਨੂੰ ਪਹਿਲਾਂ ਵੀ ਆਖਿਆ ਪਰ
ਤੁਸੀਂ ਨਹੀਂ ਸੁਣਿਆ। ਤੁਸੀਂ ਉਹੀ ਗੱਲ ਫੇਰ ਤੋਂ ਸੁਣਨੀ ਕਿਉਂ ਪਸੰਦ
ਕਰਦੇ ਹੋ? ਕੀ ਤੁਸੀਂ ਵੀ ਉਸ ਦੇ ਚੇਲੇ ਬਣਨਾ ਚਾਹੁੰਦੇ ਹੋ?”

28ਯਹੂਦੀਆਂ ਦੇ ਆਗੂ ਬੜੇ ਕਰੋਧ ਵਿੱਚ ਆ ਗਏ ਅਤੇ ਉਸ
ਆਦਮੀ ਨੂੰ ਬੜਾ ਬੁਰਾ-ਭਲਾ ਕਿਹਾ ਤੇ ਆਖਿਆ, “ਤੂੰ ਉਸ ਆਦਮੀ
ਦਾ ਚੇਲਾ ਹੈਂ, ਅਤੇ ਅਸੀਂ ਮੂਸਾ ਦੇ ਚੇਲੇ ਹਾਂ। 29ਅਸੀਂ ਜਾਣਦੇ ਹਾਂ ਕਿ
ਪਰਮੇਸ਼ੁਰ ਨੇ ਮੂਸਾ ਨਾਲ ਗੱਲਾਂ ਕੀਤੀਆਂ ਸਨ, ਪਰ ਇਸ ਆਦਮੀ
ਬਾਰੇ ਅਸੀਂ ਨਹੀਂ ਜਾਣਦੇ ਕਿ ਉਹ ਕਿੱਥੋਂ ਆਇਆ ਹੈ।”

30ਉਸ ਮਨੁੱਖ ਨੇ ਕਿਹਾ, “ਇਹ ਬੜੀ ਅਜੀਬ ਗੱਲ ਹੈ।
ਤੁਸੀਂ ਨਹੀਂ ਜਾਣਦੇ ਕਿ ਯਿਸੂ ਕਿੱਥੋਂ ਆਇਆ ਹੈ। ਪਰ ਇਸ ਨੇ
ਮੇਰੀਆਂ ਅੱਖਾਂ ਚੰਗੀਆਂ ਕੀਤੀਆਂ ਹਨ। 31ਅਸੀਂ ਸਭ ਜਾਣਦੇ
ਹਾਂ ਕਿ ਪਰਮੇਸ਼ੁਰ ਪਾਪੀਆਂ ਦੀ ਨਹੀਂ ਸੁਣਦਾ। ਪਰ ਪਰਮੇਸ਼ੁਰ ਉਸ
ਵਿਅਕਤੀ ਦੀ ਸੁਣਦਾ ਹੈ ਜੋ ਸ਼ਰਧਾਵਾਨ ਹੈ ਅਤੇ ਉਸ ਦੇ ਹੁਕਮਾਂ
ਦਾ ਆਗਿਆਕਾਰੀ ਹੈ। 32ਇਹ ਪਹਿਲੀ ਵਾਰ ਹੈ ਕਿ ਕਿਸੇ ਨੇ ਅੰਨ੍ਹੇ
ਜਨਮੇ ਆਦਮੀ ਦੀਆਂ ਅੱਖਾਂ ਚੰਗੀਆਂ ਕੀਤੀਆਂ ਹੋਣ। 33ਇਹ

ਮਨੁੱਖ ਜ਼ਰੂਰ ਪਰਮੇਸ਼ੁਰ ਵੱਲੋਂ ਹੋਵੇਗਾ। ਜੇਕਰ ਉਹ ਪਰਮੇਸ਼ੁਰ ਵੱਲੋਂ
ਨਹੀਂ ਆਇਆ ਤਾਂ ਉਹ ਅਜਿਹੀ ਗੱਲ ਕਰਨ ਯੋਗ ਨਾ ਹੁੰਦਾ।"
34ਯਹੂਦੀਆਂ ਦੇ ਆਗੂਆਂ ਨੇ ਜਵਾਬ ਦਿੱਤਾ, "ਤੂੰ ਪਾਪਾਂ ਵਿੱਚ
ਜੰਮਿਆ ਸੀ। ਕੀ ਤੂੰ ਸਾਨੂੰ ਸਿਖਾਉਣ ਦੀ ਕੋਸ਼ਿਸ਼ ਕਰ ਰਿਹਾ ਹੈਂ?"
ਫਿਰ ਉਨ੍ਹਾਂ ਨੇ ਉਸ ਨੂੰ ਚਲੇ ਜਾਣ ਲਈ ਕਿਹਾ।

### ਆਤਮਕ ਅੰਨ੍ਹਾਪਣ

35ਜਦੋਂ ਯਿਸੂ ਨੂੰ ਪਤਾ ਲੱਗਾ ਕਿ ਉਨ੍ਹਾਂ ਨੇ ਉਸ ਆਦਮੀ ਨੂੰ ਉੱਥੋਂ
ਜਾਣ ਨੂੰ ਕਿਹਾ ਹੈ, ਤਾਂ ਯਿਸੂ ਨੇ ਉਸ ਆਦਮੀ ਨੂੰ ਲੱਭ ਕੇ ਪੁੱਛਿਆ,
"ਕੀ ਤੂੰ ਮਨੁੱਖ ਦੇ ਪੁੱਤਰ ਉੱਤੇ ਵਿਸ਼ਵਾਸ ਕਰਦਾ ਹੈਂ?"
36ਉਸ ਨੇ ਕਿਹਾ, "ਹੇ ਪ੍ਰਭੂ, ਮਨੁੱਖ ਦਾ ਪੁੱਤਰ ਕੌਣ ਹੈ। ਮੈਨੂੰ ਦੱਸੋ
ਤਾਂ ਜੋ ਮੈਂ ਉਸ ਵਿੱਚ ਵਿਸ਼ਵਾਸ ਕਰ ਸਕਾਂ।"
37ਯਿਸੂ ਨੇ ਆਖਿਆ, "ਤੂੰ ਉਸ ਨੂੰ ਪਹਿਲਾਂ ਹੀ ਵੇਖਿਆ ਹੈ,
ਉਹ ਮਨੁੱਖ ਦਾ ਪੁੱਤਰ ਹੈ ਜੋ ਹੁਣ ਤੇਰੇ ਨਾਲ ਗੱਲਾਂ ਕਰ ਰਿਹਾ ਹੈ।"
38ਮਨੁੱਖ ਨੇ ਆਖਿਆ, "ਪ੍ਰਭੂ! ਮੈਂ ਨਿਹਚਾ ਕਰਦਾ ਹਾਂ।" ਅਤੇ
ਫਿਰ ਉਸ ਆਦਮੀ ਨੇ ਝੁਕ ਕੇ ਯਿਸੂ ਨੂੰ ਮੱਥਾ ਟੇਕਿਆ।
39ਯਿਸੂ ਨੇ ਆਖਿਆ, "ਮੈਂ ਇਸ ਦੁਨੀਆ ਤੇ ਨਿਆਂ ਕਰਨ ਲਈ
ਆਇਆ ਹਾਂ। ਮੈਂ ਇਸ ਜਗਤ ਤੇ ਇਸ ਲਈ ਆਇਆ ਹਾਂ ਤਾਂ ਜੋ
ਅੰਨ੍ਹੇ ਵੇਖ ਸਕਣ ਅਤੇ ਉਹ ਜਿਹੜੇ ਸੋਚਦੇ ਹਨ ਕਿ ਉਹ ਵੇਖ ਸਕਦੇ
ਹਨ, ਅੰਨ੍ਹੇ ਹੋ ਜਾਣ।"
40ਕੁਝ ਫ਼ਰੀਸੀਆਂ ਨੇ ਜੋ ਯਿਸੂ ਦੇ ਕੋਲ ਖੜ੍ਹੇ ਸਨ ਇਹ ਸੁਣਿਆ
ਅਤੇ ਆਖਿਆ, "ਕੀ! ਤੇਰਾ ਮਤਲਬ ਇਹ ਹੈ ਕਿ ਅਸੀਂ ਵੀ ਅੰਨ੍ਹੇ
ਹਾਂ?"
41ਯਿਸੂ ਨੇ ਆਖਿਆ, "ਜੇਕਰ ਤੁਸੀਂ ਸੱਚਮੁੱਚ ਅੰਨ੍ਹੇ ਹੁੰਦੇ, ਤਾਂ
ਤੁਸੀਂ ਪਾਪ ਦੇ ਦੋਸ਼ੀ ਨਾ ਹੁੰਦੇ। ਪਰ ਹੁਣ ਤੁਸੀਂ ਆਖਦੇ ਹੋ ਅਸੀਂ ਵੇਖ
ਸਕਦੇ ਹਾਂ, ਇਸ ਲਈ ਤੁਸੀਂ ਦੋਸ਼ੀ ਬਣੇ ਰਹਿੰਦੇ ਹੋ।"

### ਅਯਾਲੀ ਅਤੇ ਉਸ ਦੀਆਂ ਭੇਡਾਂ

**10** 1ਯਿਸੂ ਨੇ ਆਖਿਆ, "ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ
ਜਿਹੜਾ ਮਨੁੱਖ ਭੇਡਾਂ ਦੇ ਵਾੜੇ ਵਿੱਚ ਬੂਹੇ ਦੀ ਬਜਾਏ
ਕਿਸੇ ਹੋਰ ਰਸਤੇ ਵੜਦਾ ਹੈ ਉਹ ਭੇਡਾਂ ਚੋਰੀ ਕਰਨ ਆਇਆ ਹੈ।
2ਪਰ ਉਹ ਮਨੁੱਖ ਜਿਹੜਾ ਬੂਹੇ ਰਾਹੀਂ ਵੜਨ ਵਾਲਾ ਹੈ ਉਹ ਅਯਾਲੀ
ਹੈ। 3ਉਸ ਦੇ ਲਈ ਦਰਬਾਨ ਬੂਹਾ ਖੋਲ੍ਹ ਦਿੰਦਾ ਹੈ ਅਤੇ ਭੇਡਾਂ ਉਸ
ਦਾ ਬੋਲ ਸੁਣਦੀਆਂ ਹਨ ਅਤੇ ਉਹ ਆਪਣੀਆਂ ਭੇਡਾਂ ਨੂੰ ਨਾਉਂ
ਲੈ-ਲੈ ਕੇ ਬੁਲਾਉਂਦਾ ਅਤੇ ਉਨ੍ਹਾਂ ਨੂੰ ਬਾਹਰ ਲੈ ਜਾਂਦਾ ਹੈ। 4ਜਦੋਂ ਉਹ
ਆਪਣੀਆਂ ਸਾਰੀਆਂ ਭੇਡਾਂ ਨੂੰ ਬਾਹਰ ਕੱਢ ਲੈਂਦਾ ਤਾਂ ਉਹ ਉਨ੍ਹਾਂ
ਦੇ ਅੱਗੇ ਤੁਰਦਾ ਹੈ ਅਤੇ ਭੇਡਾਂ ਉਸ ਦਾ ਪਿੱਛਾ ਕਰਦੀਆਂ ਹਨ,
ਕਿਉਂਕਿ ਉਹ ਉਸ ਦੀ ਅਵਾਜ਼ ਨੂੰ ਪਛਾਣਦੀਆਂ ਹਨ। 5ਪਰ ਉਹ
ਪਰਾਏ ਮਨੁੱਖ ਦੇ ਮਗਰ ਕਦੇ ਨਹੀਂ ਜਾਣਗੀਆਂ ਸਗੋਂ ਉਹ ਉਸ ਤੋਂ
ਨੱਠ ਜਾਣਗੀਆਂ, ਕਿਉਂਕਿ ਉਹ ਪਰਾਇਆਂ ਦੀ ਅਵਾਜ਼ ਨੂੰ ਨਹੀਂ
ਪਛਾਣਦੀਆਂ।"
6ਭਾਵੇਂ ਯਿਸੂ ਨੇ ਲੋਕਾਂ ਨੂੰ ਇਹ ਦ੍ਰਿਸ਼ਟਾਂਤ ਸਮਝਾਇਆ, ਪਰ ਉਹ
ਇਸ ਦਾ ਅਰਥ ਨਾ ਸਮਝ ਸਕੇ।

### ਯਿਸੂ ਚੰਗਾ ਅਯਾਲੀ ਹੈ

7ਤਦ ਯਿਸੂ ਨੇ ਦੁਬਾਰਾ ਕਿਹਾ, "ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ ਭੇਡਾਂ
ਲਈ ਬੂਹਾ ਮੈਂ ਹਾਂ। 8ਕਿਉਂਕਿ ਜਿਹੜੇ ਮੈਥੋਂ ਪਹਿਲਾਂ ਆਏ ਉਹ ਚੋਰ
ਜਾਂ ਡਾਕੂ ਸਨ ਅਤੇ ਭੇਡਾਂ ਨੇ ਉਨ੍ਹਾਂ ਦੀ ਨਹੀਂ ਸੁਣੀ। 9ਮੈਂ ਬੂਹਾ ਹਾਂ ਅਤੇ
ਜਿਹੜਾ ਮਨੁੱਖ ਮੇਰੇ ਰਾਹੀਂ ਪ੍ਰਵੇਸ਼ ਕਰਦਾ ਹੈ, ਬਚਾਇਆ ਜਾਵੇਗਾ।
ਉਹ ਅੰਦਰ-ਬਾਹਰ ਆਇਆ ਜਾਇਆ ਕਰੇਗਾ ਅਤੇ ਉਸ ਨੂੰ ਜੋ
ਚਾਹੀਦਾ ਹੈ, ਲੱਭ ਜਾਵੇਗਾ। 10ਚੋਰ ਚੋਰੀ ਕਰਨ, ਮਾਰਨ ਅਤੇ ਨਸ਼ਟ
ਕਰਨ ਲਈ ਆਉਂਦਾ ਹੈ, ਪਰ ਮੈਂ ਉਨ੍ਹਾਂ ਨੂੰ ਜੀਵਨ ਦੇਣ ਆਇਆ
ਹਾਂ, ਇੱਕ ਚੋਖਾ ਜੀਵਨ।
11"ਮੈਂ ਚੰਗਾ ਅਯਾਲੀ ਹਾਂ। ਇੱਕ ਚੰਗਾ ਅਯਾਲੀ ਭੇਡਾਂ ਦੀ ਖਾਤਰ
ਆਪਣਾ ਜੀਵਨ ਕੁਰਬਾਨ ਕਰ ਦਿੰਦਾ ਹੈ। 12ਇੱਕ ਭਾੜੇ ਦਾ ਮਜ਼ਦੂਰ
ਅਯਾਲੀ ਨਹੀਂ ਹੈ। ਉਹ ਭੇਡਾਂ ਦਾ ਮਾਲਕ ਨਹੀਂ ਹੈ। ਇਸ ਲਈ ਜਿਉਂ
ਹੀ ਉਹ ਬਘਿਆੜ ਨੂੰ ਆਉਂਦਿਆਂ ਵੇਖਦਾ ਹੈ ਉਹ ਨੱਠ ਜਾਂਦਾ ਹੈ।
ਬਘਿਆੜ ਉਨ੍ਹਾਂ ਭੇਡਾਂ ਤੇ ਹਮਲਾ ਕਰਦਾ ਅਤੇ ਉਨ੍ਹਾਂ ਨੂੰ ਖਿੰਡਾ ਦਿੰਦਾ
ਹੈ। 13ਮਜ਼ਦੂਰ ਨੱਠ ਜਾਂਦਾ ਹੈ ਕਿਉਂਕਿ ਉਹ ਸਿਰਫ਼ ਤਨਖਾਹ ਲਈ
ਕੰਮ ਕਰਦਾ ਹੈ ਅਤੇ ਭੇਡਾਂ ਦਾ ਖਿਆਲ ਨਹੀਂ ਰੱਖਦਾ।
14-15"ਮੈਂ ਚੰਗਾ ਅਯਾਲੀ ਹਾਂ ਜੋ ਭੇਡਾਂ ਦਾ ਧਿਆਨ ਰੱਖਦਾ ਹਾਂ।
ਉਵੇਂ ਹੀ ਜਿਵੇਂ ਕਿ ਪਿਤਾ ਮੈਨੂੰ ਜਾਣਦਾ ਹੈ ਮੈਂ ਆਪਣੀਆਂ ਭੇਡਾਂ ਨੂੰ
ਜਾਣਦਾ ਹਾਂ ਅਤੇ ਜਿਵੇਂ ਮੈਂ ਪਿਤਾ ਨੂੰ ਜਾਣਦਾ ਹਾਂ, ਮੇਰੀਆਂ ਭੇਡਾਂ ਵੀ
ਮੈਨੂੰ ਜਾਣਦੀਆਂ ਹਨ। ਮੈਂ ਭੇਡਾਂ ਦੇ ਬਦਲੇ ਆਪਣੀ ਜਾਨ ਕੁਰਬਾਨ
ਕਰਦਾ ਹਾਂ। 16ਮੇਰੀਆਂ ਹੋਰ ਵੀ ਭੇਡਾਂ ਹਨ ਜਿਹੜੀਆਂ ਇਸ ਇੱਜੜ
ਵਿੱਚ ਨਹੀਂ ਹਨ। ਮੈਨੂੰ ਚਾਹੀਦਾ ਹੈ ਕਿ ਉਨ੍ਹਾਂ ਨੂੰ ਵੀ ਲਿਆਵਾਂ ਅਤੇ
ਉਹ ਮੇਰੀ ਅਵਾਜ਼ ਸੁਣਨਗੀਆਂ ਅਤੇ ਇੱਕੋ ਇੱਜੜ ਅਤੇ ਇੱਕੋ
ਅਯਾਲੀ ਹੋਵੇਗਾ। 17ਮੇਰਾ ਪਿਤਾ ਮੈਨੂੰ ਪਿਆਰ ਕਰਦਾ ਹੈ, ਕਿਉਂਕਿ
ਮੈਂ ਆਪਣੀ ਜਾਨ ਦਿੰਦਾ ਹਾਂ ਤਾਂ ਜੋ ਮੈਂ ਇਸ ਨੂੰ ਫੇਰ ਤੋਂ ਵਾਪਸ ਲੈ
ਸਕਾਂ। ਕੋਈ ਮਨੁੱਖ ਮੇਰੀ ਜਾਨ ਮੇਰੇ ਤੋਂ ਨਹੀਂ ਖੋਹੰਦਾ, ਪਰ ਮੈਂ ਆਪੇ
ਉਸ ਨੂੰ ਦਿੰਦਾ ਹਾਂ। 18ਮੈਨੂੰ ਆਪਣਾ ਜੀਵਨ ਦੇਣ ਦਾ ਅਤੇ ਇਸ
ਨੂੰ ਫੇਰ ਵਾਪਸ ਲੈਣ ਦਾ ਅਧਿਕਾਰ ਹੈ। ਮੇਰੇ ਪਿਤਾ ਨੇ ਮੈਨੂੰ ਇਹ
ਹੁਕਮ ਦਿੱਤਾ ਹੈ।"
19ਯਿਸੂ ਦੇ ਇਨ੍ਹਾਂ ਸ਼ਬਦਾਂ ਨੂੰ ਇੱਕ ਵਾਰ ਫੇਰ ਸੁਣਨ ਤੋਂ ਬਾਅਦ
ਯਹੂਦੀਆਂ ਦਾ ਆਪਸ ਵਿੱਚ ਮਤਭੇਦ ਹੋ ਗਿਆ। 20ਬਹੁਤਿਆਂ ਨੇ
ਆਖਿਆ, "ਇਸ ਦੇ ਅੰਦਰ ਭੂਤ ਹੈ ਇਸ ਲਈ ਇਹ ਇੱਕ ਪਾਗਲ
ਆਦਮੀ ਵਾਂਗ ਬੋਲ ਰਿਹਾ ਹੈ। ਤੁਸੀਂ ਇਸ ਨੂੰ ਕਿਉਂ ਸੁਣ ਰਹੇ ਹੋ?"
21ਪਰ ਦੂਜਿਆਂ ਨੇ ਆਖਿਆ, "ਜਿਸ ਆਦਮੀ ਵਿੱਚ ਭੂਤ ਹੋਵੇ
ਉਹ ਇਸ ਤਰ੍ਹਾਂ ਨਹੀਂ ਬੋਲ ਸਕਦਾ। ਕੀ ਕੋਈ ਭੂਤ ਕਿਸੇ ਅੰਨ੍ਹੇ ਨੂੰ
ਦ੍ਰਿਸ਼ਟੀ ਦੇ ਸਕਦਾ ਹੈ? ਨਹੀਂ!"

### ਯਹੂਦੀਆਂ ਦਾ ਯਿਸੂ ਦੇ ਵਿਰੁੱਧ ਹੋਣਾ

22ਇਹ ਸਰਦੀ ਦੀ ਰੁੱਤ ਸੀ ਅਤੇ ਪ੍ਰਤਿਸ਼ਠਾ ਦੇ ਤਿਉਹਾਰ[a] ਦਾ ਸਮਾਂ
ਆਇਆ। 23ਯਿਸੂ ਮੰਦਰ ਵਿੱਚ ਸੁਲੇਮਾਨ ਦੇ ਦਲਾਨ ਵਿੱਚ ਟਹਿਲ
ਰਿਹਾ ਸੀ। 24ਯਹੂਦੀ ਯਿਸੂ ਦੇ ਆਲੇ-ਦੁਆਲੇ ਇੱਕਤਰ ਹੋ ਗਏ
ਅਤੇ ਕਹਿਣ ਲੱਗੇ, "ਕਿੰਨੇ ਸਮੇਂ ਤੱਕ ਤੂੰ ਸਾਨੂੰ ਦੁਬਿਧਾ ਵਿੱਚ ਰੱਖੇਂਗਾ?
ਜੇਕਰ ਤੂੰ ਮਸੀਹ ਹੈਂ ਤਾ ਸਾਨੂੰ ਸਾਫ਼-ਸਾਫ਼ ਕਹਿ।"
25ਯਿਸੂ ਨੇ ਆਖਿਆ, "ਮੈਂ ਪਹਿਲਾਂ ਹੀ ਤੁਹਾਨੂੰ ਦੱਸ ਚੁੱਕਿਆ
ਹਾਂ ਪਰ ਤੁਸੀਂ ਵਿਸ਼ਵਾਸ ਨਹੀਂ ਕੀਤਾ। ਮੈਂ ਆਪਣੇ ਪਿਤਾ ਦੇ ਨਾਂ
ਤੇ ਕਰਾਮਾਤਾਂ ਕਰਦਾ ਹਾਂ ਅਤੇ ਉਹ ਕਰਾਮਾਤਾਂ ਮੇਰੇ ਬਾਰੇ ਸਾਖੀ
ਦਿੰਦੀਆਂ ਹਨ। 26ਪਰ ਤੁਸੀਂ ਵਿਸ਼ਵਾਸ ਨਹੀਂ ਕਰਦੇ, ਕਿਉਂਕਿ
ਤੁਸੀਂ ਮੇਰੇ ਇੱਜੜ ਦੀਆਂ ਭੇਡਾਂ ਨਹੀਂ ਹੋ। 27ਮੇਰੀਆਂ ਭੇਡਾਂ ਮੇਰੀ

[a] *10:22* **ਪ੍ਰਤਿਸ਼ਠਾ ਦੇ ਤਿਉਹਾਰ** ਹਾਨੂੰਕਾ, ਯਹੂਦੀਆਂ ਵੱਲੋਂ ਦਿਸੰਬਰ ਦੇ ਮਹੀਨੇ ਵਿੱਚ ਖਾਸ ਹਫ਼ਤਾ ਮਨਾਉਣ ਦਾ ਤਿਉਹਾਰ ਹੈ।

ਅਵਾਜ਼ ਨੂੰ ਸੁਣਦੀਆਂ ਹਨ। ਮੈਂ ਉਨ੍ਹਾਂ ਨੂੰ ਜਾਣਦਾ ਹਾਂ ਅਤੇ ਉਹ ਮੇਰਾ
ਅਨੁਸਰਣ ਕਰਦੀਆਂ ਹਨ। 28ਮੈਂ ਆਪਣੀਆਂ ਭੇਡਾਂ ਨੂੰ ਸਦੀਪਕ
ਜੀਵਨ ਦਿੰਦਾ ਹਾਂ ਅਤੇ ਉਹ ਕਦੇ ਵੀ ਨਾਸ ਨਹੀਂ ਹੋਣਗੀਆਂ ਅਤੇ
ਨਾ ਹੀ ਕੋਈ ਉਨ੍ਹਾਂ ਨੂੰ ਮੇਰੇ ਤੋਂ ਖੋਹ ਸਕਦਾ ਹੈ। 29ਮੇਰੇ ਪਿਤਾ ਨੇ ਉਨ੍ਹਾਂ
ਨੂੰ ਮੈਨੂੰ ਦਿੱਤਾ ਹੈ। ਉਹ ਸਭ ਤੋਂ ਮਹਾਨ ਹੈ। 30ਕੋਈ ਵੀ ਉਨ੍ਹਾਂ ਭੇਡਾਂ
ਨੂੰ ਮੇਰੇ ਪਿਤਾ ਦੇ ਹੱਥੋਂ ਨਹੀਂ ਖੋਹ ਸਕਦਾ। ਮੈਂ ਅਤੇ ਪਿਤਾ ਇੱਕ ਹਾਂ।”
31ਯਹੂਦੀਆਂ ਨੇ ਇਹ ਸੁਣਿਆ ਅਤੇ ਯਿਸੂ ਨੂੰ ਮਾਰਨ ਲਈ
ਪੱਥਰ ਚੁੱਕੇ। 32ਪਰ ਯਿਸੂ ਨੇ ਉਨ੍ਹਾਂ ਨੂੰ ਆਖਿਆ, “ਮੈਂ ਤੁਹਾਨੂੰ ਪਿਤਾ
ਵੱਲੋਂ ਅਨੇਕਾਂ ਚੰਗੇ ਕੰਮ ਵਿਖਾਏ। ਉਨ੍ਹਾਂ ਵਿੱਚੋਂ ਕਿਸ ਕਾਰਜ ਕਰਕੇ
ਤੁਸੀਂ ਮੇਰੇ ਉੱਤੇ ਪਥਰਾਓ ਕਰਨਾ ਚਾਹੁੰਦੇ ਹੋ?”
33ਯਹੂਦੀਆਂ ਨੇ ਆਖਿਆ, “ਅਸੀਂ ਤੇਰੇ ਉੱਤੇ ਕਿਸੇ ਚੰਗੇ ਕੰਮ
ਕਰਕੇ ਪਥਰਾਓ ਨਹੀਂ ਕਰ ਰਹੇ, ਸਗੋਂ ਇਸ ਲਈ ਕਿ ਤੂੰ ਪਰਮੇਸ਼ੁਰ
ਦੇ ਖਿਲਾਫ਼ ਬੋਲਿਆ ਹੈਂ। ਤੂੰ ਸਿਰਫ ਇੱਕ ਮਨੁੱਖ ਹੈਂ, ਪਰ ਤੂੰ ਆਖਦਾ
ਹੈਂ ਕਿ ਤੂੰ ਪਰਮੇਸ਼ੁਰ ਹੈਂ। ਇਸੇ ਲਈ ਅਸੀਂ ਤੈਨੂੰ ਪੱਥਰਾਂ ਨਾਲ ਜਾਨੋਂ
ਮਾਰਨਾ ਚਾਹੁੰਦੇ ਹਾਂ।”
34ਯਿਸੂ ਨੇ ਆਖਿਆ, “ਇਹ ਤੁਹਾਡੀ ਸ਼ਰਾ ਵਿੱਚ ਲਿਖਿਆ
ਹੋਇਆ ਹੈ, ‘ਮੈਂ ਆਖਿਆ ਤੁਸੀਂ ਦੇਵਤੇ ਹੋ।’[a] 35ਉਹ ਲੋਕ ਜਿਨ੍ਹਾਂ
ਨੇ ਪਰਮੇਸ਼ੁਰ ਦਾ ਸੰਦੇਸ਼ ਪ੍ਰਾਪਤ ਕੀਤਾ ਉਹ ਇਸ ਪੋਥੀ ਵਿੱਚ ਦੇਵਤੇ
ਸਦਾਉਂਦੇ ਹਨ ਅਤੇ ਪੋਥੀ ਕਦੇ ਵੀ ਝੂਠੀ ਨਹੀਂ ਹੋ ਸਕਦੀ। 36ਫਿਰ
ਤੁਸੀਂ ਕਿਵੇਂ ਕਹਿ ਸਕਦੇ ਹੋ ਕਿ ਮੈਂ ਪਰਮੇਸ਼ੁਰ ਦੇ ਖਿਲਾਫ਼ ਬੋਲ ਰਿਹਾ
ਹਾਂ। ਸਿਰਫ਼ ਇਸ ਲਈ ਕਿਉਂਕਿ ਮੈਂ ਆਖਿਆ, ‘ਮੈਂ ਪਰਮੇਸ਼ੁਰ ਦਾ
ਪੁੱਤਰ ਹਾਂ?’ ਮੈਂ ਉਹ ਹਾਂ ਜਿਸ ਨੂੰ ਪਰਮੇਸ਼ੁਰ ਨੇ ਇਸ ਦੁਨੀਆ ਤੇ
ਭੇਜਣ ਲਈ ਚੁਣਿਆ। 37ਜੇਕਰ ਮੈਂ ਉਹ ਗੱਲਾਂ ਨਾ ਕਰਾਂ ਜੋ ਮੇਰਾ
ਪਿਤਾ ਕਰਦਾ ਹੈ, ਤਾਂ ਜੋ ਮੈਂ ਆਖਦਾ ਹਾਂ ਉਸ ਤੇ ਵਿਸ਼ਵਾਸ ਨਾ ਕਰੋ।
38ਪਰ ਜੇ ਮੈਂ ਉਹ ਗੱਲਾਂ ਕਰਾਂ ਜੋ ਮੇਰਾ ਪਿਤਾ ਕਰਦਾ ਹੈ, ਫਿਰ ਤੁਹਾਨੂੰ
ਮੇਰੇ ਵਿੱਚ ਵਿਸ਼ਵਾਸ ਕਰਨਾ ਚਾਹੀਦਾ ਹੈ। ਭਾਵੇਂ ਤੁਸੀਂ ਮੇਰੇ ਵਿੱਚ
ਵਿਸ਼ਵਾਸ ਨਾ ਕਰੋ, ਪਰ ਮੇਰੇ ਕੰਮਾਂ ਤੇ ਵਿਸ਼ਵਾਸ ਕਰੋ ਜਿਹੜੇ ਮੈਂ
ਕਰਦਾ ਹਾਂ। ਫੇਰ ਤੁਸੀਂ ਜਾਣੋਗੇ ਅਤੇ ਸਮਝੋਗੇ ਕਿ ਪਿਤਾ ਮੇਰੇ ਵਿੱਚ
ਹੈ ਅਤੇ ਮੈਂ ਪਿਤਾ ਵਿੱਚ ਹਾਂ।”
39ਯਹੂਦੀ ਫੇਰ ਯਿਸੂ ਨੂੰ ਗਿਰਫ਼ਤਾਰ ਕਰਨਾ ਚਾਹੁੰਦੇ ਸਨ ਪਰ
ਉਹ ਉਨ੍ਹਾਂ ਤੋਂ ਬਚ ਗਿਆ।
40ਯਿਸੂ ਫਿਰ ਯਰਦਨ ਨਦੀ ਦੇ ਪਾਰ ਵਾਲੀ ਥਾਂ ਨੂੰ ਚਲਾ ਗਿਆ
ਜਿੱਥੇ ਪਹਿਲਾਂ ਯੂਹੰਨਾ ਬਪਤਿਸਮਾ ਦਿੰਦਾ ਸੀ, ਅਤੇ ਉਹ ਉੱਥੇ
ਠਹਿਰਿਆ। 41ਉੱਥੇ ਲੋਕਾਂ ਦੀ ਵੱਡੀ ਭੀੜ ਯਿਸੂ ਕੋਲ ਆਈ ਅਤੇ
ਕਹਿਣ ਲੱਗੀ, “ਯੂਹੰਨਾ ਨੇ ਕਦੇ ਕੋਈ ਕਰਿਸ਼ਮਾ ਨਹੀਂ ਕੀਤਾ, ਪਰ
ਜੋ ਕੁਝ ਯੂਹੰਨਾ ਨੇ ਉਸ (ਯਿਸੂ) ਬਾਰੇ ਆਖਿਆ ਉਹ ਸੱਚ ਸੀ।”
42ਉੱਥੇ ਫਿਰ ਬਹੁਤ ਸਾਰੇ ਲੋਕਾਂ ਨੇ ਉਸ ਦਾ ਵਿਸ਼ਵਾਸ ਕੀਤਾ।

## ਲਾਜ਼ਰ ਦੀ ਮੌਤ

11
1ਲਾਜ਼ਰ ਨਾਂ ਦਾ ਇੱਕ ਰੋਗੀ ਸੀ ਜੋ ਕਿ ਬੈਤਅਨਿਯਾ
ਨਗਰ ਵਿੱਚ ਰਹਿੰਦਾ ਸੀ। ਇਹ ਉਹ ਨਗਰੀ ਸੀ ਜਿੱਥੇ
ਮਰਿਯਮ ਅਤੇ ਉਸ ਦੀ ਭੈਣ ਮਾਰਥਾ ਰਹਿੰਦੀ ਸੀ। 2ਇਹ ਔਰਤ
ਮਰਿਯਮ ਸੀ ਜਿਸ ਨੇ ਪ੍ਰਭੂ ਉੱਤੇ ਅਤਰ ਛਿੜਕਿਆ ਅਤੇ ਆਪਣੇ
ਸਿਰ ਦੇ ਵਾਲਾਂ ਨਾਲ ਉਸ ਦੇ ਚਰਨ ਪੂੰਝੇ ਸਨ। ਲਾਜ਼ਰ ਮਰਿਯਮ ਦਾ
ਭਰਾ ਸੀ ਅਤੇ ਬਿਮਾਰ ਸੀ। 3ਇਸ ਲਈ ਮਰਿਯਮ ਅਤੇ ਮਾਰਥਾ
ਨੇ ਉਸ ਕੋਲ ਇੱਕ ਸੰਦੇਸ਼ ਭੇਜਿਆ, “ਪ੍ਰਭੂ, ਤੁਹਾਡਾ ਪਿਆਰਾ ਮਿੱਤਰ
ਲਾਜ਼ਰ ਬਿਮਾਰ ਹੈ।”
4ਜਦੋਂ ਯਿਸੂ ਨੇ ਇਹ ਸੁਣਿਆ ਤਾਂ ਉਸ ਨੇ ਆਖਿਆ, “ਇਸ
ਬਿਮਾਰੀ ਦਾ ਨਤੀਜਾ ਮੌਤ ਨਹੀਂ ਹੋਵੇਗਾ, ਪਰ ਇਹ ਬਿਮਾਰੀ
ਪਰਮੇਸ਼ੁਰ ਦੀ ਮਹਿਮਾ ਲਈ ਅਤੇ ਪਰਮੇਸ਼ੁਰ ਦੇ ਪੁੱਤਰ ਦੀ ਇਸ
ਰਾਹੀਂ ਮਹਿਮਾ ਹੋਣ ਲਈ ਆਈ ਹੈ।” 5ਯਿਸੂ, ਮਰਿਯਮ, ਮਾਰਥਾ
ਅਤੇ ਲਾਜ਼ਰ ਨੂੰ ਪਿਆਰ ਕਰਦਾ ਸੀ। 6ਜਦੋਂ ਉਸ ਨੇ ਸੁਣਿਆ ਕਿ
ਲਾਜ਼ਰ ਬੜਾ ਬਿਮਾਰ ਹੈ ਤਾਂ ਜਿੱਥੇ ਉਹ ਸੀ, ਉੱਥੇ ਦੋ ਦਿਨ ਤੱਕ ਉਹ
ਹੋਰ ਰੁਕ ਗਿਆ। 7ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਕਿਹਾ, “ਸਾਨੂੰ
ਹੁਣ ਯਹੂਦਿਯਾ ਨੂੰ ਵਾਪਸ ਜਾਣਾ ਚਾਹੀਦਾ ਹੈ।”
8ਚੇਲਿਆਂ ਨੇ ਆਖਿਆ, “ਪਰ ਗੁਰੂ! ਥੋੜ੍ਹਾ ਚਿਰ ਪਹਿਲਾਂ
ਯਹੂਦਿਯਾ ਵਿੱਚ ਯਹੂਦੀ ਤੇਰੇ ਉੱਤੇ ਪਥਰਾਓ ਕਰਨਾ ਚਾਹੁੰਦੇ ਸਨ,
ਤਾਂ ਕੀ ਤੂੰ ਫਿਰ ਉੱਥੇ ਹੀ ਵਾਪਸ ਜਾਣਾ ਚਾਹੁੰਦਾ ਹੈਂ।”
9ਯਿਸੂ ਨੇ ਜਵਾਬ ਦਿੱਤਾ, “ਕੀ ਦਿਨ ਭਰ ਦੇ ਬਾਰ੍ਹਾਂ ਘੰਟੇ ਨਹੀਂ
ਹੁੰਦੇ? ਜੇਕਰ ਕੋਈ ਦਿਨ ਨੂੰ ਚੱਲੇ ਤਾਂ ਪੱਥਰ ਦੀ ਠੋਕਰ ਤੋਂ ਨਹੀਂ
ਡਿੱਗਦਾ ਕਿਉਂਕਿ ਉਹ ਇਸ ਦੁਨੀਆ ਦੇ ਚਾਨਣ ਵਿੱਚ ਵੇਖ ਸਕਦਾ
ਹੈ। 10ਪਰ ਜੋ ਵਿਅਕਤੀ ਰਾਤ ਵਿੱਚ ਚੱਲਦਾ ਹੈ ਉਹ ਹਨ੍ਹੇਰੇ ਵਿੱਚ
ਠੋਕਰ ਖਾਂਦਾ ਕਿਉਂਕਿ ਉਸ ਕੋਲ ਚਾਨਣ ਨਹੀਂ ਹੈ।”
11ਯਿਸੂ ਨੇ ਇਹ ਗੱਲਾਂ ਆਖਣ ਤੋਂ ਬਾਅਦ ਕਿਹਾ, “ਸਾਡਾ ਮਿੱਤਰ
ਲਾਜ਼ਰ ਇਸ ਵਕਤ ਸੌਂ ਰਿਹਾ ਹੈ, ਪਰ ਮੈਂ ਉਸ ਨੂੰ ਉਠਾਲਣ ਜਾ
ਰਿਹਾ ਹਾਂ।”
12ਚੇਲਿਆਂ ਨੇ ਆਖਿਆ, “ਪ੍ਰਭੂ, ਜੇਕਰ ਉਹ ਸੌਂ ਰਿਹਾ ਹੈ ਤਾਂ
ਉਹ ਜਾਗ ਜਾਵੇਗਾ।” 13ਯਿਸੂ ਦੇ ਕਹਿਣ ਦਾ ਭਾਵ ਲਾਜ਼ਰ ਦੀ
ਮੌਤ ਸੀ, ਪਰ ਚੇਲਿਆਂ ਨੇ ਸੋਚਿਆ ਕਿ ਉਹ ਅਸਲੀ ਨੀਂਦ ਬਾਰੇ
ਬੋਲ ਰਿਹਾ ਸੀ।
14ਤਦ ਯਿਸੂ ਨੇ ਉਨ੍ਹਾਂ ਨੂੰ ਸਾਫ਼-ਸਾਫ਼ ਕਿਹਾ, “ਲਾਜ਼ਰ ਮਰ
ਚੁੱਕਿਆ ਹੈ 15ਅਤੇ ਤੁਹਾਡੀ ਖਾਤਰ ਮੈਂ ਖੁਸ਼ੀ ਮਹਿਸੂਸ ਕਰਦਾ ਹਾਂ
ਕਿ ਉਸ ਵਕਤ ਮੈਂ ਉੱਥੇ ਨਹੀਂ ਸਾਂ, ਕਿਉਂਕਿ ਹੁਣ ਤੁਸੀਂ ਮੇਰੇ ਵਿੱਚ
ਵਿਸ਼ਵਾਸ ਕਰੋਗੇ। ਇਸ ਲਈ ਚੱਲੋ ਅਸੀਂ ਉੱਥੇ ਚੱਲੀਏ।”
16ਤਦ ਥੋਮਾ ਨੇ ਜਿਹੜਾ ਦੀਦੁਮੁਸ ਕਰਕੇ ਸੱਦੀਦਾ ਸੀ, ਆਪਣੇ
ਸਾਥੀ ਚੇਲੇ ਨੂੰ ਆਖਿਆ, “ਆਓ, ਅਸੀਂ ਵੀ ਉਸ ਦੇ ਨਾਲ ਚੱਲੀਏ
ਅਤੇ ਉਸ ਨਾਲ ਮਾਰੇ ਜਾਈਏ।”

## ਯਿਸੂ ਬੈਤਅਨਿਯਾ ਵਿੱਚ

17ਯਿਸੂ ਬੈਤਅਨਿਯਾ ਵਿੱਚ ਪਹੁੰਚਿਆ ਅਤੇ ਉਸ ਨੇ ਵੇਖਿਆ ਕਿ
ਲਾਜ਼ਰ ਨੂੰ ਤਾਂ ਪਹਿਲਾਂ ਹੀ ਕਬਰ ਵਿੱਚ ਪਿਆਂ ਚਾਰ ਦਿਨ ਹੋ ਗਏ
ਸਨ। 18ਬੈਤਅਨਿਯਾ ਅਤੇ ਯਰੂਸ਼ਲਮ ਵਿਚਕਾਰ ਦੋ ਮੀਲ ਤੋਂ ਘੱਟ
ਦੂਰੀ ਸੀ। 19ਬਹੁਤ ਸਾਰੇ ਯਹੂਦੀ ਮਾਰਥਾ ਅਤੇ ਮਰਿਯਮ ਕੋਲ ਉਨ੍ਹਾਂ
ਦੇ ਭਰਾ ਲਾਜ਼ਰ ਦੀ ਮੌਤ ਦਾ ਅਫ਼ਸੋਸ ਕਰਨ ਆਏ।
20ਜਦ ਮਾਰਥਾ ਨੇ ਸੁਣਿਆ ਕਿ ਯਿਸੂ ਆ ਰਿਹਾ ਹੈ ਤਾਂ ਉਹ ਉਸ
ਨੂੰ ਮਿਲਣ ਲਈ ਬਾਹਰ ਚਲੀ ਗਈ, ਪਰ ਮਰਿਯਮ ਘਰ ਹੀ ਰਹੀ।
21ਮਾਰਥਾ ਨੇ ਯਿਸੂ ਨੂੰ ਕਿਹਾ, “ਹੇ ਪ੍ਰਭੂ, ਜੇਕਰ ਤੁਸੀਂ ਇੱਥੇ ਹੁੰਦੇ ਤਾਂ
ਮੇਰਾ ਭਰਾ ਨਾ ਮਰਦਾ। 22ਪਰ ਮੈਂ ਜਾਣਦੀ ਹਾਂ ਹਾਲੇ ਵੀ ਤੁਸੀਂ ਜੋ ਵੀ
ਪਰਮੇਸ਼ੁਰ ਕੋਲੋਂ ਮੰਗੋਗੇ, ਉਹ ਤੁਹਾਨੂੰ ਦੇਵੇਗਾ।”
23ਯਿਸੂ ਨੇ ਆਖਿਆ, “ਤੇਰਾ ਭਰਾ ਜੀ ਉੱਠੇਗਾ।”
24ਮਾਰਥਾ ਬੋਲੀ, “ਮੈਂ ਜਾਣਦੀ ਹਾਂ ਕਿ ਉਹ ਅੰਤ ਦੇ ਦਿਨ ਪੁਨਰ-
ਉਥਾਨ ਤੇ ਜੀ ਉੱਠੇਗਾ।”

[a] ***10:34*** ਹਵਾਲਾ: ਜ਼ਬੂਰ 82:6

25ਯਿਸੂ ਨੇ ਉਸ ਨੂੰ ਆਖਿਆ, "ਪੁਨਰ-ਉਥਾਨ ਅਤੇ ਜੀਵਨ
ਮੈਂ ਹਾਂ। ਜੋ ਕੋਈ ਮੇਰੇ ਉੱਤੇ ਵਿਸ਼ਵਾਸ ਰੱਖਦਾ ਹੈ ਉਹ ਭਾਵੇਂ ਮਰ
ਵੀ ਜਾਵੇ, ਤਾਂ ਵੀ ਜੀਵਨ ਪ੍ਰਾਪਤ ਕਰੇਗਾ। 26ਹਰ ਵਿਅਕਤੀ
ਜੋ ਜਿਉਂਦਾ ਹੈ ਅਤੇ ਮੇਰੇ ਵਿੱਚ ਵਿਸ਼ਵਾਸ ਕਰਦਾ ਹੈ, ਕਦੀ ਨਹੀਂ
ਮਰੇਗਾ। ਮਾਰਥਾ, ਕੀ ਤੂੰ ਇਸ ਗੱਲ ਤੇ ਵਿਸ਼ਵਾਸ ਕਰਦੀ ਹੈਂ?"
27ਮਾਰਥਾ ਨੇ ਕਿਹਾ, "ਹਾਂ ਪ੍ਰਭੂ, ਮੈਂ ਵਿਸ਼ਵਾਸ ਕਰਦੀ ਹਾਂ ਕਿ
ਤੂੰ ਹੀ ਮਸੀਹ ਹੈ, ਪਰਮੇਸ਼ੁਰ ਦਾ ਪੁੱਤਰ, ਜੋ ਇਸ ਦੁਨੀਆ ਵਿੱਚ
ਆਉਣ ਵਾਲਾ ਸੀ।"

## ਯਿਸੂ ਰੋਇਆ

28ਯਿਸੂ ਨੂੰ ਇਹ ਆਖਣ ਤੋਂ ਬਾਅਦ ਮਾਰਥਾ ਆਪਣੀ ਭੈਣ
ਮਰਿਯਮ ਕੋਲ ਗਈ ਤੇ ਉਸ ਨਾਲ ਇਕੱਲਿਆਂ ਗੱਲ ਕੀਤੀ ਅਤੇ
ਆਖਿਆ, "ਗੁਰੂ ਇੱਥੇ ਹੈ ਅਤੇ ਉਹ ਤੇਰੇ ਬਾਰੇ ਪੁੱਛ ਰਿਹਾ ਹੈ।"
29ਜਦੋਂ ਮਰਿਯਮ ਨੇ ਇਹ ਸੁਣਿਆ ਤਾਂ ਉਹ ਝੱਟ ਉੱਠ ਖੜ੍ਹੀ ਹੋਈ
ਅਤੇ ਯਿਸੂ ਕੋਲ ਗਈ। 30ਯਿਸੂ ਹਾਲੇ ਪਿੰਡ ਅੰਦਰ ਨਹੀਂ ਪਹੁੰਚਿਆ
ਸੀ, ਸਗੋਂ ਉਹ ਅਜੇ ਉਸ ਥਾਂ ਸੀ ਜਿੱਥੇ ਮਾਰਥਾ ਉਸ ਨੂੰ ਮਿਲਣ
ਆਈ ਸੀ। 31ਜਿਹੜੇ ਯਹੂਦੀ ਮਰਿਯਮ ਦੇ ਘਰ ਵਿੱਚ ਉਸ ਨੂੰ
ਦਿਲਾਸਾ ਦੇ ਰਹੇ ਸਨ ਉਨ੍ਹਾਂ ਨੇ ਮਰਿਯਮ ਨੂੰ ਜਲਦੀ ਨਾਲ ਉੱਠਦਿਆਂ
ਅਤੇ ਘਰੋਂ ਨਿੱਕਲਦਿਆਂ ਵੇਖਿਆ ਅਤੇ ਉਨ੍ਹਾਂ ਨੇ ਉਸ ਦਾ ਪਿੱਛਾ
ਕੀਤਾ। ਉਨ੍ਹਾਂ ਨੇ ਸੋਚਿਆ ਕਿ ਉਹ ਕਬਰ ਤੇ ਰੋਣ ਜਾ ਰਹੀ ਹੈ।
32ਮਰਿਯਮ ਉੱਥੇ ਆਈ ਜਿੱਥੇ ਯਿਸੂ ਸੀ। ਜਦੋਂ ਮਰਿਯਮ ਨੇ ਯਿਸੂ
ਨੂੰ ਵੇਖਿਆ ਤਾਂ ਉਹ ਉਸ ਦੇ ਚਰਨਾਂ ਤੇ ਡਿੱਗ ਪਈ ਅਤੇ ਆਖਿਆ,
"ਪ੍ਰਭੂ, ਜੇਕਰ ਤੁਸੀਂ ਇੱਥੇ ਹੁੰਦੇ ਤਾਂ ਮੇਰਾ ਭਰਾ ਨਾ ਮਰਦਾ।"
33ਜਦੋਂ ਯਿਸੂ ਨੇ ਮਰਿਯਮ ਅਤੇ ਉਸ ਦੇ ਨਾਲ ਆਏ ਯਹੂਦੀਆਂ
ਨੂੰ ਰੋਂਦੇ ਵੇਖਿਆ ਤਾਂ ਯਿਸੂ ਨੇ ਆਪਣੇ ਦਿਲ ਵਿੱਚ ਬੜਾ ਦਰਦ ਅਤੇ
ਦੁੱਖ ਮਹਿਸੂਸ ਕੀਤਾ। 34ਉਸ ਨੇ ਪੁੱਛਿਆ, "ਲਾਜ਼ਰ ਨੂੰ ਤੁਸੀਂ ਕਿੱਥੇ
ਰੱਖਿਆ ਹੈ।"
ਉਨ੍ਹਾਂ ਆਖਿਆ, "ਪ੍ਰਭੂ ਆਓ ਅਤੇ ਵੇਖੋ।"
35ਯਿਸੂ ਰੋਇਆ।
36ਫਿਰ ਯਹੂਦੀਆਂ ਨੇ ਆਖਿਆ, "ਵੇਖੋ, ਉਹ ਉਸ ਨਾਲ ਕਿੰਨਾ
ਪਿਆਰ ਕਰਦਾ ਸੀ!"
37ਪਰ ਕੁਝ ਯਹੂਦੀਆਂ ਨੇ ਆਖਿਆ, "ਉਹ ਜਿਸ ਨੇ ਅੰਨ੍ਹੇ ਨੂੰ
ਦ੍ਰਿਸ਼ਟੀ ਦਿੱਤੀ, ਕੀ ਉਹ ਲਾਜ਼ਰ ਨੂੰ ਮਰਨ ਤੋਂ ਰੋਕਣ ਲਈ ਕੁਝ ਨਾ
ਕਰ ਸਕਿਆ?"

## ਯਿਸੂ ਵੱਲੋਂ ਲਾਜ਼ਰ ਨੂੰ ਦੁਬਾਰਾ ਜੀਵਨ ਦੇਣਾ

38ਇੱਕ ਵਾਰ ਫੇਰ ਯਿਸੂ ਨੇ ਆਪਣੇ ਦਿਲ ਵਿੱਚ ਬੜਾ ਦੁੱਖ ਮਹਿਸੂਸ
ਕੀਤਾ। ਯਿਸੂ ਲਾਜ਼ਰ ਦੀ ਕਬਰ ਉੱਪਰ ਆਇਆ ਜੋ ਕਿ ਇੱਕ ਗੁਫਾ
ਸੀ ਅਤੇ ਉਸ ਉੱਪਰ ਪੱਥਰ ਧਰਿਆ ਹੋਇਆ ਸੀ। 39ਯਿਸੂ ਨੇ
ਆਖਿਆ, "ਇਸ ਪੱਥਰ ਨੂੰ ਹਟਾ ਦਿਓ।"
ਮਾਰਥਾ ਨੇ ਕਿਹਾ, "ਹੇ ਪ੍ਰਭੂ ਲਾਜ਼ਰ ਨੂੰ ਮਰਿਆਂ ਤਾਂ ਚਾਰ ਦਿਨ
ਹੋ ਗਏ ਹਨ, ਉੱਥੋਂ ਤਾਂ ਹੁਣ ਸੜ੍ਹਿਆਣ ਆਉਂਦੀ ਹੋਵੇਗੀ।" ਮਾਰਥਾ
ਮਰੇ ਹੋਏ ਆਦਮੀ ਦੀ ਭੈਣ ਸੀ।
40ਯਿਸੂ ਨੇ ਮਾਰਥਾ ਨੂੰ ਆਖਿਆ, "ਯਾਦ ਕਰ ਮੈਂ ਤੈਨੂੰ ਕੀ ਕਿਹਾ
ਸੀ? ਮੈਂ ਤੈਨੂੰ ਕਿਹਾ ਸੀ ਕਿ ਜੇਕਰ ਤੂੰ ਵਿਸ਼ਵਾਸ ਕਰੇਂਗੀ ਤਾਂ ਤੂੰ
ਪਰਮੇਸ਼ੁਰ ਦੀ ਮਹਿਮਾ ਵੇਖੇਂਗੀ।"
41ਫੇਰ ਉਨ੍ਹਾਂ ਨੇ ਕਬਰ ਦੇ ਮੂੰਹ ਤੋਂ ਪੱਥਰ ਹਟਾਇਆ। ਯਿਸੂ
ਨੇ ਉੱਪਰ ਵੇਖਿਆ ਅਤੇ ਆਖਿਆ, "ਹੇ ਪਿਤਾ, ਮੈਂ ਤੇਰਾ ਧੰਨਵਾਦ
ਕਰਦਾ ਹਾਂ ਜੋ ਤੂੰ ਮੈਨੂੰ ਸੁਣਿਆ ਹੈ। 42ਮੈਂ ਜਾਣਦਾ ਹਾਂ ਕਿ ਤੂੰ ਮੈਨੂੰ
ਹਮੇਸ਼ਾ ਸੁਣਦਾ ਹੈਂ ਪਰ ਇਹ ਗੱਲ ਮੈਂ ਇਸ ਲਈ ਆਖੀ ਕਿਉਂਕਿ
ਬਹੁਤ ਸਾਰੇ ਲੋਕ ਇਸ ਵਕਤ ਮੇਰੇ ਕੋਲ ਇੱਕਤਰ ਹੋਏ ਹਨ ਅਤੇ
ਮੈਂ ਚਾਹੁੰਦਾ ਹਾਂ ਕਿ ਉਹ ਵਿਸ਼ਵਾਸ ਕਰਨ ਕਿ ਤੂੰ ਮੈਨੂੰ ਭੇਜਿਆ
ਹੈ।" 43ਇਸ ਪ੍ਰਾਰਥਨਾ ਤੋਂ ਬਾਅਦ ਉਸ ਨੇ ਉੱਚੀ ਅਵਾਜ਼ ਵਿੱਚ
ਬੁਲਾਇਆ, "ਲਾਜ਼ਰ, ਬਾਹਰ ਨਿੱਕਲ ਆ।" 44ਉਹ ਮਰਿਆ
ਹੋਇਆ ਆਦਮੀ ਬਾਹਰ ਨਿੱਕਲ ਆਇਆ। ਉਸ ਦੇ ਹੱਥ ਪੈਰ
ਮਲਮਲ ਦੇ ਕੱਪੜੇ ਦੇ ਟੁਕੜਿਆਂ ਨਾਲ ਬੱਝੇ ਹੋਏ ਸਨ ਅਤੇ ਉਸ ਦਾ
ਮੂੰਹ ਰੁਮਾਲ ਨਾਲ ਲਪੇਟਿਆ ਹੋਇਆ ਸੀ।
ਯਿਸੂ ਨੇ ਲੋਕਾਂ ਨੂੰ ਆਖਿਆ, "ਇਸ ਦੇ ਉੱਪਰੋਂ ਕੱਪੜਾ ਹਟਾਓ
ਅਤੇ ਇਸ ਨੂੰ ਜਾਣ ਦਿਓ।"



## ਯਹੂਦੀ ਆਗੂਆਂ ਵੱਲੋਂ ਯਿਸੂ ਨੂੰ ਮਾਰਨ ਦੀ ਵਿਉਂਤ ਬਣਾਉਣਾ

*(ਮੱਤੀ 26:1–5; ਮਰਕੁਸ 14:1–2; ਲੂਕਾ 22:1–2)*

45ਬਹੁਤ ਸਾਰੇ ਯਹੂਦੀ ਉੱਥੇ ਮਰਿਯਮ ਨੂੰ ਵੇਖਣ ਲਈ ਆਏ
ਹੋਏ ਸਨ। ਜੋ ਯਿਸੂ ਨੇ ਕੀਤਾ ਸੀ ਉਹ ਉਨ੍ਹਾਂ ਨੇ ਵੇਖਿਆ ਅਤੇ
ਉਨ੍ਹਾਂ ਵਿੱਚੋਂ ਬਹੁਤਿਆਂ ਨੇ ਉਸ ਉੱਤੇ ਵਿਸ਼ਵਾਸ ਕੀਤਾ। 46ਪਰ ਕੁਝ
ਯਹੂਦੀ ਫ਼ਰੀਸੀਆਂ ਕੋਲ ਗਏ ਤੇ ਜਾ ਕੇ ਫ਼ਰੀਸੀਆਂ ਨੂੰ ਯਿਸੂ ਬਾਰੇ
ਦੱਸਿਆ ਕਿ ਉਸ ਨੇ ਕੀ ਕੀਤਾ ਸੀ। 47ਤਦ ਪਰਧਾਨ ਜਾਜਕ ਅਤੇ
ਫ਼ਰੀਸੀਆਂ ਨੇ ਯਹੂਦੀ ਕੌਂਸਲ ਦੀ ਇੱਕ ਸਭਾ ਬੁਲਾਈ ਅਤੇ ਕਿਹਾ,
"ਸਾਨੂੰ ਕੀ ਕਰਨਾ ਚਾਹੀਦਾ ਹੈ? ਇਹ ਆਦਮੀ ਬਹੁਤ ਕਰਿਸ਼ਮੇ ਕਰ
ਰਿਹਾ ਹੈ। 48ਜੇਕਰ ਅਸੀਂ ਇਸ ਨੂੰ ਇਹ ਕੁਝ ਕਰਦੇ ਰਹਿਣ ਦਿੱਤਾ
ਤਾਂ ਹਰ ਕੋਈ ਉਸ ਉੱਤੇ ਵਿਸ਼ਵਾਸ ਕਰੇਗਾ। ਫਿਰ ਰੋਮੀ ਆ ਜਾਣਗੇ
ਅਤੇ ਸਾਡੇ ਮੰਦਰ ਅਤੇ ਸਾਡੀ ਕੌਮ ਨੂੰ ਨਸ਼ਟ ਕਰ ਦੇਣਗੇ।"
49ਉਨ੍ਹਾਂ ਵਿੱਚੋਂ ਇੱਕ ਕਯਾਫ਼ਾ ਸੀ ਅਤੇ ਉਹ ਉਸ ਵਰ੍ਹੇ ਦਾ ਸਰਦਾਰ
ਜਾਜਕ ਸੀ। ਉਸ ਨੇ ਆਖਿਆ, "ਤੁਸੀਂ ਲੋਕ ਕੁਝ ਵੀ ਨਹੀਂ ਜਾਣਦੇ।
50ਕੀ ਤੁਸੀਂ ਅਨੁਭਵ ਨਹੀਂ ਕਰਦੇ ਕਿ ਸਾਰੀ ਕੌਮ ਦੀ ਤਬਾਹੀ ਦੀ
ਬਜਾਏ ਲੋਕਾਂ ਲਈ ਇੱਕ ਆਦਮੀ ਦਾ ਮਾਰੇ ਜਾਣਾ ਚੰਗਾ ਹੈ।"
51ਕਯਾਫ਼ਾ ਨੇ ਇਹ ਆਪਣੇ ਆਪ ਨਹੀਂ ਆਖਿਆ ਸੀ। ਉਹ
ਉਸ ਸਾਲ ਸਰਦਾਰ ਜਾਜਕ ਸੀ ਇਸ ਲਈ ਉਸ ਨੇ ਭਵਿੱਖਬਾਣੀ
ਕੀਤੀ ਕਿ ਯਿਸੂ ਕੌਮ ਲਈ ਮਰਨ ਵਾਲਾ ਸੀ। 52ਹਾਂ, ਯਿਸੂ ਸਿਰਫ
ਯਹੂਦੀ ਕੌਮ ਲਈ ਨਹੀਂ ਮਰੇਗਾ, ਸਗੋਂ ਪਰਮੇਸ਼ੁਰ ਦੇ ਸਾਰੇ ਬੱਚਿਆਂ
ਵਾਸਤੇ ਜਿਹੜੇ ਕਿ ਸਾਰੀ ਦੁਨੀਆ ਵਿੱਚ ਖਿੰਡੇ ਹੋਏ ਹਨ ਉਨ੍ਹਾਂ ਲਈ
ਮਰੇਗਾ, ਤਾਂ ਕਿ ਉਹ ਉਨ੍ਹਾਂ ਨੂੰ ਇਕੱਠਿਆਂ ਲਿਆ ਸਕੇ।
53ਉਸ ਦਿਨ ਤੋਂ ਯਹੂਦੀ ਆਗੂਆਂ ਨੇ ਯਿਸੂ ਨੂੰ ਜਾਨੋਂ ਮਾਰਨ
ਦੀ ਵਿਉਂਤ ਬਣਾਈ। 54ਤਦ ਯਿਸੂ ਨੇ ਯਹੂਦੀਆਂ ਵਿੱਚ ਖੁਲ੍ਹੇਆਮ
ਘੁੰਮਣਾ ਬੰਦ ਕਰ ਦਿੱਤਾ। ਉਹ ਯਰੂਸ਼ਲਮ ਛੱਡ ਕੇ ਇਫ਼ਰਾਈਮ ਨਾਂ
ਦੇ ਇੱਕ ਨਗਰ ਨੂੰ ਚਲਾ ਗਿਆ ਜਿਹੜਾ ਉਜਾੜ ਦੇ ਨੇੜੇ ਸੀ। ਉੱਥੇ
ਕੁਝ ਦੇਰ ਉਹ ਆਪਣੇ ਚੇਲਿਆਂ ਨਾਲ ਰਿਹਾ।
55ਯਹੂਦੀਆਂ ਦਾ ਪਸਾਹ ਦਾ ਤਿਉਹਾਰ ਮਨਾਉਣ ਦਾ ਸਮਾਂ ਆ
ਰਿਹਾ ਸੀ। ਇਸ ਲਈ ਬਹੁਤ ਸਾਰੇ ਲੋਕ ਕਈ ਦੇਸ਼ਾਂ ਤੋਂ ਯਰੂਸ਼ਲਮ
ਆਪਣੇ ਆਪ ਨੂੰ ਪਵਿੱਤਰ ਕਰਨ ਲਈ ਆਏ। 56ਇਨ੍ਹਾਂ ਲੋਕਾਂ ਨੇ
ਯਿਸੂ ਨੂੰ ਲੱਭਣਾ ਸ਼ੁਰੂ ਕਰ ਦਿੱਤਾ। ਉਹ ਮੰਦਰ ਦੇ ਇਲਾਕੇ ਵਿੱਚ ਖੜ੍ਹੇ
ਹੋ ਗਏ ਅਤੇ ਇੱਕ ਦੂਜੇ ਨੂੰ ਪੁੱਛਿਆ, "ਕੀ ਉਹ ਇਸ ਤਿਉਹਾਰ ਤੇ
ਨਹੀਂ ਆ ਰਿਹਾ? ਤੁਸੀਂ ਕੀ ਸੋਚਦੇ ਹੋ?" 57ਪਰ ਪਰਧਾਨ ਜਾਜਕ
ਅਤੇ ਫ਼ਰੀਸੀਆਂ ਨੇ ਹੁਕਮ ਦਿੱਤਾ ਕਿ ਜੇ ਕੋਈ ਜਾਣਦਾ ਹੋਵੇ ਕਿ ਯਿਸੂ

ਕਿੱਥੇ ਹੈ ਉਸ ਨੂੰ ਉਨ੍ਹਾਂ ਨੂੰ ਦੱਸਣਾ ਜ਼ਰੂਰੀ ਹੈ ਤਾਂ ਜੋ ਪ੍ਰਧਾਨ ਜਾਜਕ
ਅਤੇ ਫ਼ਰੀਸੀ ਉਸ ਨੂੰ ਕੈਦ ਕਰ ਸਕਣ।

### ਯਿਸੂ ਬੈਤਅਨਿਯਾ ਵਿੱਚ ਆਪਣੇ ਦੋਸਤਾਂ ਨਾਲ

*(ਮੱਤੀ 26:6–13; ਮਰਕੁਸ 14:3–9)*

**12** **1**ਪਸਾਹ ਦੇ ਤਿਉਹਾਰ ਤੋਂ ਛੇ ਦਿਨ ਪਹਿਲਾਂ ਯਿਸੂ
ਬੈਤਅਨਿਯਾ ਨੂੰ ਆਇਆ। ਇਹ ਉਹ ਸ਼ਹਿਰ ਸੀ
ਜਿੱਥੇ ਲਾਜ਼ਰ ਰਹਿੰਦਾ ਸੀ। ਲਾਜ਼ਰ ਉਹ ਆਦਮੀ ਸੀ ਜਿਸ ਨੂੰ ਯਿਸੂ
ਨੇ ਮੌਤ ਤੋਂ ਜਿਵਾਲਿਆ ਸੀ। **2**ਉੱਥੇ ਉਨ੍ਹਾਂ ਨੇ ਯਿਸੂ ਵਾਸਤੇ ਰਾਤ ਦਾ
ਭੋਜਨ ਤਿਆਰ ਕੀਤਾ ਸੀ ਅਤੇ ਮਾਰਥਾ ਨੇ ਭੋਜਨ ਵਰਤਾਇਆ।
ਲਾਜ਼ਰ ਉਨ੍ਹਾਂ ਵਿੱਚੋਂ ਇੱਕ ਸੀ ਜੋ ਯਿਸੂ ਨਾਲ ਭੋਜਨ ਕਰ ਰਿਹਾ ਸੀ।
**3**ਮਰਿਯਮ ਨੇ ਨਰਦ ਦੀ ਜੜ੍ਹ ਤੋਂ ਬਣੇ ਮਹਿੰਗੇ ਅਤਰ ਦਾ ਅੱਧਾ ਸੇਰ
ਲਿਆ ਅਤੇ ਇਸ ਨੂੰ ਯਿਸੂ ਦੇ ਚਰਨਾਂ ਉੱਤੇ ਡੋਲ੍ਹਿਆ ਅਤੇ ਆਪਣੇ
ਵਾਲਾਂ ਨਾਲ ਉਸ ਦੇ ਪੈਰ ਪੂੰਝੇ। ਸਾਰਾ ਘਰ ਅਤਰ ਦੀ ਸੁਗੰਧ ਨਾਲ
ਭਰ ਗਿਆ।

**4**ਯਹੂਦਾ ਇਸਕਰਿਯੋਤੀ ਯਿਸੂ ਦੇ ਚੇਲਿਆਂ ਵਿੱਚੋਂ ਇੱਕ ਸੀ।
ਇਹ ਉਹ ਸੀ ਜਿਸ ਨੇ ਯਿਸੂ ਦੇ ਖਿਲਾਫ਼ ਹੋ ਜਾਣਾ ਸੀ। ਯਹੂਦਾ
ਨੇ ਆਖਿਆ, **5**"ਉਹ ਅਤਰ ਚਾਂਦੀ ਦੇ ਤਿੰਨ ਸੌ ਸਿੱਕਿਆਂ ਦੇ ਮੁੱਲ
ਦਾ ਸੀ। ਯਿਸੂ ਉੱਪਰ ਮਲਣ ਦੀ ਬਜਾਇ ਇਸ ਅਤਰ ਨੂੰ ਬਾਜ਼ਾਰ
ਵਿੱਚ ਵੇਚ ਕੇ ਗਰੀਬਾਂ ਦੀ ਮਦਦ ਕੀਤੀ ਜਾ ਸਕਦੀ ਸੀ।" **6**ਯਹੂਦਾ
ਨੇ ਇਹ ਗੱਲ ਇਸ ਲਈ ਨਹੀਂ ਆਖੀ ਸੀ ਕਿ ਉਹ ਗਰੀਬਾਂ ਬਾਰੇ
ਚਿੰਤਿਤ ਸੀ, ਪਰ ਇਸ ਲਈ ਕਿਉਂ ਜੋ ਉਹ ਚੋਰ ਸੀ। ਚੇਲਿਆਂ ਦੇ
ਸਮੂਹ ਲਈ ਧਨ ਵਾਲੀ ਗੁਥਲੀ ਉਸ ਕੋਲ ਹੀ ਹੁੰਦੀ ਸੀ, ਜਿਸ ਵਿੱਚੋਂ
ਉਹ ਜਦੋਂ ਚਾਹੁੰਦਾ ਚੋਰੀ ਕਰ ਲੈਂਦਾ ਸੀ।

**7**ਯਿਸੂ ਨੇ ਆਖਿਆ, "ਉਸ ਨੂੰ ਨਾ ਰੋਕੋ। ਉਸ ਨੂੰ ਇਹ ਮੇਰੇ
ਜਨਾਜ਼ੇ ਦੇ ਦਿਨ ਦੀ ਤਿਆਰੀ ਲਈ ਕਰਨ ਦਿਓ। **8**ਗਰੀਬ ਲੋਕ
ਹਮੇਸ਼ਾ ਤੁਹਾਡੇ ਨਾਲ ਹੋਣਗੇ, ਪਰ ਮੈਂ ਹਮੇਸ਼ਾ ਤੁਹਾਡੇ ਨਾਲ ਨਹੀਂ
ਹੋਵਾਂਗਾ।"

### ਲਾਜ਼ਰ ਨੂੰ ਮਾਰਨ ਦੀ ਵਿਉਂਤ

**9**ਬਹੁਤ ਸਾਰੇ ਯਹੂਦੀ ਜਾਣ ਗਏ ਕਿ ਯਿਸੂ ਬੈਤਅਨਿਯਾ ਵਿੱਚ ਸੀ
ਅਤੇ ਉਹ ਯਿਸੂ ਨੂੰ ਹੀ ਨਹੀਂ, ਸਗੋਂ ਲਾਜ਼ਰ ਨੂੰ ਵੀ ਵੇਖਣ ਆਏ।
ਲਾਜ਼ਰ ਨੂੰ ਯਿਸੂ ਨੇ ਮੌਤ ਤੋਂ ਜਿਵਾਲਿਆ ਸੀ। **10**ਤਦ ਪਰਧਾਨ
ਜਾਜਕਾਂ ਨੇ ਲਾਜ਼ਰ ਨੂੰ ਵੀ ਮਾਰਨ ਦੀ ਵਿਉਂਤ ਬਣਾਈ। **11**ਲਾਜ਼ਰ
ਦੇ ਕਾਰਣ ਬਹੁਤ ਸਾਰੇ ਯਹੂਦੀ ਆਪਣੇ ਆਗੂਆਂ ਨੂੰ ਛੱਡ ਕੇ ਯਿਸੂ
ਉੱਤੇ ਪਰਤੀਤ ਕਰਨ ਲੱਗ ਪਏ ਸਨ, ਇਸੇ ਲਈ ਯਹੂਦੀਆਂ ਦੇ
ਆਗੂ ਲਾਜ਼ਰ ਨੂੰ ਵੀ ਮਾਰ ਮੁਕਾਉਣਾ ਚਾਹੁੰਦੇ ਸਨ।

### ਯਿਸੂ ਦਾ ਯਰੂਸ਼ਲਮ ਵਿੱਚ ਦਾਖਲਾ

*(ਮੱਤੀ 21:1–11; ਮਰਕੁਸ 11:1–11; ਲੂਕਾ 19:28–40)*

**12**ਅਗਲੇ ਦਿਨ ਲੋਕਾਂ ਨੂੰ ਇਹ ਪਤਾ ਲੱਗਾ ਕਿ ਯਿਸੂ ਯਰੂਸ਼ਲਮ
ਨੂੰ ਆ ਰਿਹਾ ਸੀ। ਉੱਥੇ ਬਹੁਤ ਸਾਰੇ ਲੋਕ ਸਨ ਜਿਹੜੇ ਪਸਾਹ ਦੇ
ਤਿਉਹਾਰ ਤੇ ਆਏ ਸਨ। **13**ਉਹ ਖਜੂਰ ਦੀਆਂ ਟਹਿਣੀਆਂ ਲੈ ਕੇ
ਯਿਸੂ ਨੂੰ ਮਿਲਣ ਲਈ ਆਏ ਅਤੇ ਉੱਚੀ-ਉੱਚੀ ਆਖਣ ਲੱਗੇ,

> "'ਉਸ ਦੀ ਉਸਤਤ ਕਰੋ!' 'ਪਰਮੇਸ਼ੁਰ ਉਸ ਨੂੰ ਅਸੀਸ
> ਦੇਵੇ ਜੋ ਕੋਈ ਪ੍ਰਭੂ ਦੇ ਨਾਮ ਤੇ ਆਉਂਦਾ ਹੈ।'
> *ਜ਼ਬੂਰ 118:25–26*
>
> ਇਸਰਾਏਲ ਦੇ ਪਾਤਸ਼ਾਹ ਉੱਪਰ ਪਰਮੇਸ਼ੁਰ ਦੀ ਕਿਰਪਾ
> ਹੋਵੇ!"

**14**ਯਿਸੂ ਨੇ ਇੱਕ ਗੱਧੀ ਦਾ ਬੱਚਾ ਲੱਭਿਆ ਅਤੇ ਉਸ ਉੱਤੇ ਬੈਠ
ਗਿਆ। ਇਸ ਨਾਲ ਜੋ ਪੋਥੀ ਵਿੱਚ ਲਿਖਿਆ ਸੀ ਉਹ ਪੂਰਾ ਹੋਇਆ,

> 15 "ਸੀਯੋਨ ਦੀ ਬੇਟੀ ਨਾ ਡਰ! ਵੇਖ, ਤੇਰਾ ਪਾਤਸ਼ਾਹ ਇੱਕ
> ਗੱਧੀ ਦੇ ਬੱਚੇ ਤੇ ਸਵਾਰ ਹੋ ਕੇ ਆਉਂਦਾ ਹੈ।"
> *ਜ਼ਕਰਯਾਹ 9:9*

**16**ਯਿਸੂ ਦੇ ਚੇਲੇ ਉਸ ਵਕਤ ਇਹ ਨਾ ਸਮਝ ਸਕੇ ਕਿ ਉਹ ਇਹ
ਸਭ ਕੀ ਕਰ ਰਿਹਾ ਹੈ। ਪਰ ਜਦੋਂ ਯਿਸੂ ਮਹਿਮਾ ਨੂੰ ਪਹੁੰਚਿਆ ਤਾਂ
ਉਨ੍ਹਾਂ ਨੂੰ ਯਾਦ ਆਇਆ ਕਿ ਇਹ ਗੱਲਾਂ ਉਸ ਦੇ ਬਾਰੇ ਲਿਖੀਆਂ
ਹੋਈਆਂ ਸਨ ਅਤੇ ਉਨ੍ਹਾਂ ਨੇ ਇਹ ਕੰਮ ਉਸ ਲਈ ਕੀਤੇ ਸਨ।

**17**ਜਦੋਂ ਯਿਸੂ ਨੇ ਲਾਜ਼ਰ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤਾਂ ਉਸ
ਵਕਤ ਉਸ ਨਾਲ ਬਹੁਤ ਵੱਡੀ ਭੀੜ ਸੀ ਅਤੇ ਉਸ ਨੇ ਲਾਜ਼ਰ ਨੂੰ
ਸੱਦਿਆ ਕਿ ਕਬਰ 'ਚੋਂ ਬਾਹਰ ਨਿੱਕਲ ਆ। ਹੁਣ ਉਹ ਲੋਕ ਉਸ
ਬਾਰੇ ਜੋ ਉਨ੍ਹਾਂ ਨੇ ਵੇਖਿਆ ਅਤੇ ਸੁਣਿਆ ਸੀ, ਦੂਜਿਆਂ ਨੂੰ ਦੱਸ ਰਹੇ
ਸਨ। **18**ਬਹੁਤ ਸਾਰੇ ਲੋਕ ਯਿਸੂ ਨੂੰ ਮਿਲਣ ਲਈ ਆਏ ਕਿਉਂਕਿ
ਉਨ੍ਹਾਂ ਨੇ ਉਸ ਦੇ ਕੀਤੇ ਇਸ ਕਰਿਸ਼ਮੇ ਬਾਰੇ ਸੁਣਿਆ ਸੀ। **19**ਫਿਰ
ਫ਼ਰੀਸੀਆਂ ਨੇ ਆਪਸ ਵਿੱਚ ਕਹਿਣਾ ਸ਼ੁਰੂ ਕਰ ਦਿੱਤਾ, "ਵੇਖੋ,
ਸਾਡੀ ਯੋਜਨਾ ਵਿਅਰਥ ਹੋ ਗਈ ਹੈ, ਕਿਉਂਕਿ ਸਭ ਲੋਕ ਉਸ ਦਾ
ਅਨੁਸਰਣ ਕਰ ਰਹੇ ਹਨ!"

### ਯਿਸੂ ਦਾ ਜ਼ਿੰਦਗੀ ਅਤੇ ਮੌਤ ਬਾਰੇ ਉਪਦੇਸ਼

**20**ਉੱਥੇ ਉਨ੍ਹਾਂ ਵਿੱਚ ਕੁਝ ਯੂਨਾਨੀ ਲੋਕ ਵੀ ਸਨ ਜੋ ਪਸਾਹ ਦੇ
ਤਿਉਹਾਰ ਤੇ ਉਪਾਸਨਾ ਕਰਨ ਲਈ ਆਏ ਸਨ। **21**ਇਹ ਯੂਨਾਨੀ
ਲੋਕ ਫ਼ਿਲਿੱਪੁਸ ਕੋਲ ਆਏ ਜੋ ਗਲੀਲ ਅਤੇ ਬੈਤਸੈਦਾ ਤੋਂ ਸੀ। ਉਨ੍ਹਾਂ
ਨੇ ਉਸ ਨੂੰ ਅਰਜੋਈ ਕੀਤੀ, "ਜਨਾਬ! ਅਸੀਂ ਯਿਸੂ ਨੂੰ ਮਿਲਣਾ
ਚਾਹੁੰਦੇ ਹਾਂ।" **22**ਫ਼ਿਲਿੱਪੁਸ ਨੇ ਆ ਕੇ ਅੰਦ੍ਰਿਯਾਸ ਨੂੰ ਕਿਹਾ ਅਤੇ
ਅੰਦ੍ਰਿਯਾਸ ਅਤੇ ਫ਼ਿਲਿੱਪੁਸ ਨੇ ਆ ਕੇ ਯਿਸੂ ਨੂੰ ਕਿਹਾ।

**23**ਯਿਸੂ ਨੇ ਜਵਾਬ ਦਿੱਤਾ, "ਮਨੁੱਖ ਦੇ ਪੁੱਤਰ ਲਈ ਮਹਿਮਾਮਈ
ਹੋਣ ਦਾ ਵੇਲਾ ਆ ਗਿਆ ਹੈ। **24**ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ
ਜਦ ਤੱਕ ਕਣਕ ਦਾ ਦਾਣਾ ਭੂਮੀ ਵਿੱਚ ਪੈ ਕੇ ਨਾ ਮਰੇ ਇੱਕ ਦਾਣਾ
ਹੀ ਰਹਿੰਦਾ ਹੈ। ਪਰ ਜੇਕਰ ਇਹ ਮਰਦਾ ਹੈ ਤਾਂ ਇਹ ਬਹੁਤ ਸਾਰਾ
ਫਲ ਦਿੰਦਾ ਹੈ। **25**ਜਿਹੜਾ ਮਨੁੱਖ ਆਪਣੀ ਜਾਨ ਨੂੰ ਪਿਆਰ ਕਰਦਾ
ਹੈ ਉਹ ਇਸ ਨੂੰ ਗੁਆ ਲਵੇਗਾ। ਪਰ ਇਸ ਦੁਨੀਆ ਵਿੱਚ ਜਿਹੜਾ
ਮਨੁੱਖ ਆਪਣੀ ਜਾਨ ਨੂੰ ਪਿਆਰ ਨਹੀਂ ਕਰਦਾ ਇਸ ਨੂੰ ਸਦੀਪਕ
ਜੀਵਨ ਲਈ ਬਚਾ ਲਵੇਗਾ। **26**ਜਿਹੜਾ ਮਨੁੱਖ ਮੇਰੀ ਸੇਵਾ ਕਰਦਾ
ਹੈ, ਉਸ ਨੂੰ ਮੇਰੇ ਮਗਰ ਚੱਲਣਾ ਜ਼ਰੂਰੀ ਹੈ, ਤਦ ਮੇਰਾ ਉਹ ਸੇਵਕ
ਜਿੱਥੇ ਵੀ ਮੈਂ ਹਾਂ, ਉੱਥੇ ਮੇਰੇ ਨਾਲ ਹੋਵੇਗਾ। ਜਿਹੜਾ ਮੇਰੀ ਟਹਿਲ
ਕਰਦਾ ਹੈ, ਪਿਤਾ ਉਸ ਨੂੰ ਸਤਿਕਾਰਦਾ ਹੈ।

### ਯਿਸੂ ਦਾ ਆਪਣੀ ਮੌਤ ਬਾਰੇ ਜ਼ਾਹਰ ਕਰਨਾ

**27**"ਹੁਣ ਮੇਰਾ ਦਿਲ ਘਬਰਾਉਂਦਾ ਹੈ। ਮੈਨੂੰ ਕੀ ਕਹਿਣਾ ਚਾਹੀਦਾ
ਹੈ? ਕੀ ਮੈਂ ਇਹ ਕਰਾਂ, 'ਹੇ ਪਿਤਾ, ਮੈਨੂੰ ਇਸ ਮੁਸੀਬਤ ਦੀ ਘੜੀ ਤੋਂ
ਬਚਾ?' ਨਹੀਂ! ਇਸੇ ਲਈ ਮੈਂ ਇਸ ਸਮੇਂ ਤੱਕ ਆਇਆ ਹਾਂ। **28**ਹੇ
ਪਿਤਾ, ਆਪਣੇ ਨਾਮ ਨੂੰ ਮਹਿਮਾਮਈ ਬਣਾ!"

ਫਿਰ ਸਵਰਗ ਤੋਂ ਇੱਕ ਅਵਾਜ਼ ਆਈ, "ਮੈਂ ਮੇਰੇ ਨਾਮ ਨੂੰ
ਮਹਿਮਾਮਈ ਬਣਾਇਆ ਅਤੇ ਮੈਂ ਫਿਰ ਇਸ ਨੂੰ ਮਹਿਮਾਮਈ
ਬਣਾਵਾਂਗਾ।"

**29**ਜਿਹੜੇ ਲੋਕ ਉੱਥੇ ਖੜ੍ਹੇ ਸਨ ਉਨ੍ਹਾਂ ਨੇ ਇਹ ਅਵਾਜ਼ ਸੁਣੀ।
ਉਨ੍ਹਾਂ ਨੇ ਆਖਿਆ, "ਬੱਦਲ ਗਰਜਿਆ ਹੈ।"

ਪਰ ਕੁਝ ਲੋਕਾਂ ਨੇ ਆਖਿਆ, "ਇੱਕ ਦੂਤ ਨੇ ਉਸ ਨਾਲ ਗੱਲ
ਕੀਤੀ ਹੈ।"

**30**ਯਿਸੂ ਨੇ ਲੋਕਾਂ ਨੂੰ ਕਿਹਾ, "ਇਹ ਅਵਾਜ਼ ਮੇਰੀ ਖਾਤਰ ਨਹੀਂ
ਆਈ, ਸਗੋਂ ਤੁਹਾਡੀ ਖਾਤਰ ਆਈ ਹੈ। **31**ਹੁਣ ਦੁਨੀਆ ਦੇ ਨਿਆਂ
ਦਾ ਸਮਾਂ ਆ ਗਿਆ ਹੈ। ਹੁਣ ਇਸ ਦੁਨੀਆ ਦਾ ਹਾਕਮ ਬਾਹਰ
ਸੁੱਟਿਆ ਜਾਵੇਗਾ। **32**ਮੈਂ ਵੀ ਇਸ ਜਗਤ ਤੋਂ ਸਵਰਗ ਨੂੰ ਚੁੱਕਿਆ
ਜਾਵਾਂਗਾ ਅਤੇ ਜਦੋਂ ਇਹ ਵਾਪਰੇਗਾ ਤਾਂ ਸਾਰੇ ਲੋਕਾਂ ਨੂੰ ਉੱਪਰ
ਆਪਣੇ ਵੱਲ ਖਿੱਚਾਂਗਾ।" **33**ਇਹ ਆਖ ਕੇ ਯਿਸੂ ਸੂਚਿਤ ਕਰ
ਰਿਹਾ ਸੀ ਕਿ ਉਹ ਕਿਸ ਤਰ੍ਹਾਂ ਦੀ ਮੌਤ ਮਰੇਗਾ।

**34**ਲੋਕਾਂ ਨੇ ਕਿਹਾ, "ਸਾਡੀ ਸ਼ਰਾ ਤਾਂ ਆਖਦੀ ਹੈ ਕਿ ਮਸੀਹ
ਹਮੇਸ਼ਾ ਜੀਵੇਗਾ, ਤਾਂ ਫਿਰ ਤੂੰ ਇਹ ਕਿਉਂ ਆਖਦਾ ਹੈਂ ਕਿ 'ਮਨੁੱਖ
ਦਾ ਪੁੱਤਰ ਜ਼ਰੂਰ ਉੱਪਰ ਉਠਾਇਆ ਜਾਵੇਗਾ'? ਇਹ 'ਮਨੁੱਖ ਦਾ
ਪੁੱਤਰ' ਕੌਣ ਹੈ?"

**35**ਤਦ ਯਿਸੂ ਨੇ ਕਿਹਾ, "ਚਾਨਣ ਸਿਰਫ਼ ਕੁਝ ਹੀ ਪਲਾਂ ਲਈ
ਤੁਹਾਡੇ ਨਾਲ ਹੋਵੇਗਾ, ਇਸ ਲਈ ਚਾਨਣ ਵਿੱਚ ਤੁਰੋ ਅਤੇ ਹਨ੍ਹੇਰਾ
ਤੁਹਾਨੂੰ ਨਹੀਂ ਘੇਰੇਗਾ। ਜਿਹੜਾ ਮਨੁਖ ਹਨ੍ਹੇਰੇ ਵਿੱਚ ਚੱਲਦਾ ਹੈ ਉਸ
ਨੂੰ ਨਹੀਂ ਪਤਾ ਹੁੰਦਾ ਕਿ ਉਹ ਕਿੱਥੇ ਚੱਲ ਰਿਹਾ ਹੈ। **36**ਇਸ ਲਈ
ਜਦੋਂ ਚਾਨਣ ਤੁਹਾਡੇ ਕੋਲ ਹੈ ਤਾਂ ਚਾਨਣ ਵਿੱਚ ਵਿਸ਼ਵਾਸ ਕਰੋ, ਤਾਂ
ਜੋ ਤੁਸੀਂ ਚਾਨਣ ਦੇ ਪੁੱਤਰ ਹੋਵੋ।" ਇਹ ਸਭ ਕਹਿਣ ਤੋਂ ਬਾਅਦ
ਯਿਸੂ ਅਜਿਹੀ ਜਗ੍ਹਾ ਉੱਤੇ ਚਲਾ ਗਿਆ ਜਿੱਥੇ ਲੋਕ ਉਸ ਨੂੰ ਨਾ
ਲੱਭ ਸਕਣ।

## ਯਹੂਦੀਆਂ ਵੱਲੋਂ ਯਿਸੂ ਨੂੰ ਮੰਨਣ ਤੋਂ ਇਨਕਾਰ ਕਰਨਾ

**37**ਯਿਸੂ ਨੇ ਲੋਕਾਂ ਸਾਹਮਣੇ ਬਹੁਤ ਸਾਰੇ ਕਰਿਸ਼ਮੇ ਕੀਤੇ। ਲੋਕਾਂ ਨੇ
ਇਹ ਸਭ ਆਪਣੀ ਅੱਖੀਂ ਵੇਖਿਆ ਪਰ ਫਿਰ ਵੀ ਉਨ੍ਹਾਂ ਨੇ ਉਸ
ਉੱਪਰ ਨਿਹਚਾ ਨਹੀਂ ਕੀਤੀ।

**38**ਇਹ ਇਸ ਲਈ ਹੋਇਆ ਜੋ ਨਬੀ ਯਸਾਯਾਹ ਦੀ
ਭਵਿੱਖਬਾਣੀ ਸੱਚੀ ਹੋ ਸਕੇ:

> "ਹੇ ਪ੍ਰਭੂ ਸਾਡੇ ਸੰਦੇਸ਼ ਦਾ ਕਿਸ ਨੇ ਵਿਸ਼ਵਾਸ ਕੀਤਾ? ਪ੍ਰਭੂ
> ਦੀ ਸ਼ਕਤੀ ਕਿਸ ਨੇ ਵੇਖੀ?" *ਯਸਾਯਾਹ 53:1*

**39**ਲੋਕ ਇਸ ਕਾਰਣ ਵਿਸ਼ਵਾਸ ਨਾ ਕਰ ਸਕੇ, ਕਿਉਂਕਿ ਯਸਾਯਾਹ
ਇੱਕ ਹੋਰ ਮਿਸਾਲ ਵਿੱਚ ਆਖਦਾ ਹੈ,

**40** "ਪਰਮੇਸ਼ੁਰ ਨੇ ਉਨ੍ਹਾਂ ਦੀਆਂ ਅੱਖਾਂ ਅੰਨ੍ਹੀਆਂ ਕਰ ਦਿੱਤੀਆਂ
ਅਤੇ ਉਨ੍ਹਾਂ ਦੇ ਦਿਲ ਕਠੋਰ ਕਰ ਦਿੱਤੇ ਤਾਂ ਜੋ ਨਾ ਉਹ
ਆਪਣੀਆਂ ਅੱਖਾਂ ਨਾਲ ਵੇਖ ਸਕਣ, ਨਾ ਮਨ ਨਾਲ ਸਮਝ
ਸਕਣ ਅਤੇ ਮੇਰੇ ਕੋਲ ਮੁੜ ਆਉਣ ਤਾਂ ਜੋ ਮੈਂ ਉਨ੍ਹਾਂ ਨੂੰ
ਠੀਕ ਕਰ ਸਕਾਂ।" *ਯਸਾਯਾਹ 6:10*

**41**ਯਸਾਯਾਹ ਨੇ ਇਹ ਇਸ ਲਈ ਆਖਿਆ ਕਿਉਂਕਿ ਉਸ ਨੇ ਉਸ
ਦੀ ਮਹਿਮਾ ਵੇਖੀ ਸੀ। ਇਸ ਲਈ ਉਸ ਨੇ ਉਸ ਬਾਰੇ ਇਹ ਕਿਹਾ।

**42**ਪਰ ਬਹੁਤ ਸਾਰੇ ਲੋਕਾਂ ਨੇ ਯਿਸੂ ਉੱਤੇ ਵਿਸ਼ਵਾਸ ਕੀਤਾ ਅਤੇ
ਉਨ੍ਹਾਂ ਵਿੱਚੋਂ ਕਈ ਆਗੂ ਸਨ। ਪਰ ਕਿਉਂ ਜੋ ਉਹ ਫ਼ਰੀਸੀਆਂ ਕੋਲੋਂ
ਡਰਦੇ ਸਨ, ਇਸ ਲਈ ਉਨ੍ਹਾਂ ਨੇ ਖੁੱਲ੍ਹ ਕੇ ਨਾ ਆਖਿਆ ਕਿ ਉਹ
ਯਿਸੂ ਉੱਤੇ ਨਿਹਚਾ ਰੱਖਦੇ ਹਨ। ਉਨ੍ਹਾਂ ਨੂੰ ਇਹ ਡਰ ਸੀ ਕਿ ਉਹ
ਯਹੂਦੀ ਮੰਦਰ ਤੋਂ ਕੱਢ ਦਿੱਤੇ ਜਾਣਗੇ। **43**ਇਨ੍ਹਾਂ ਲੋਕਾਂ ਨੇ ਪਰਮੇਸ਼ੁਰ
ਦੀ ਉਸਤਤ ਨਾਲੋਂ ਵੱਧ ਲੋਕਾਂ ਦੀ ਉਸਤਤ ਨੂੰ ਪਿਆਰ ਕੀਤਾ।

## ਯਿਸੂ ਦੇ ਉਪਦੇਸ਼ਾਂ ਦੇ ਆਧਾਰ ਤੇ ਨਿਆਂ

**44**ਯਿਸੂ ਨੇ ਉੱਚੀ ਅਵਾਜ਼ ਵਿੱਚ ਕਿਹਾ, "ਜੋ ਵਿਅਕਤੀ ਮੇਰੇ ਉੱਤੇ
ਨਿਹਚਾ ਰੱਖਦਾ ਹੈ ਅਸਲ ਵਿੱਚ ਉਹ ਮੇਰੇ ਉੱਤੇ ਨਹੀਂ ਸਗੋਂ ਉਸ
ਉੱਤੇ ਨਿਹਚਾ ਰੱਖਦਾ ਹੈ ਜਿਸ ਨੇ ਮੈਨੂੰ ਭੇਜਿਆ ਹੈ। **45**ਜੋ ਵਿਅਕਤੀ
ਮੈਨੂੰ ਪ੍ਰਤੱਖ ਤੌਰ ਤੇ ਵੇਖਦਾ ਹੈ ਉਹ ਉਸ ਨੂੰ ਵੇਖਦਾ ਹੈ ਜਿਸ ਨੇ
ਮੈਨੂੰ ਭੇਜਿਆ ਹੈ। **46**ਮੈਂ ਚਾਨਣ ਹਾਂ ਅਤੇ ਮੈਂ ਇਸ ਦੁਨੀਆ ਉੱਤੇ
ਆਇਆ ਤਾਂ ਜੋ ਉਹ ਵਿਅਕਤੀ ਜਿਹੜਾ ਮੇਰੇ ਉੱਤੇ ਨਿਹਚਾ ਰੱਖਦਾ
ਹੈ, ਹਨੇਰੇ ਵਿੱਚ ਨਾ ਰਹੇ।



**47**"ਮੈਂ ਇਸ ਦੁਨੀਆ ਵਿੱਚ ਲੋਕਾਂ ਦਾ ਨਿਆਂ ਕਰਨ ਨਹੀਂ
ਆਇਆ, ਸਗੋਂ ਲੋਕਾਂ ਨੂੰ ਬਚਾਉਣ ਲਈ ਆਇਆ ਹਾਂ। ਇਸ
ਲਈ ਮੈਂ ਉਹ ਨਹੀਂ ਹਾਂ ਜੋ ਉਨ੍ਹਾਂ ਲੋਕਾਂ ਦਾ ਨਿਆਂ ਕਰਦਾ ਹੈ ਜੋ
ਮੇਰੀਆਂ ਸਿੱਖਿਆਵਾਂ ਸੁਣਦੇ ਹਨ ਅਤੇ ਉਨ੍ਹਾਂ ਨੂੰ ਨਹੀਂ ਮੰਨਦੇ।
**48**ਉਨ੍ਹਾਂ ਵਾਸਤੇ ਵੀ ਇੱਕ ਮੁਨਸਫ਼ ਹੈ ਜੋ ਮੇਰੇ ਉੱਤੇ ਵਿਸ਼ਵਾਸ ਕਰਨ
ਤੋਂ ਇਨਕਾਰ ਕਰਦਾ ਹੈ ਅਤੇ ਜੋ ਗੱਲਾਂ ਮੈਂ ਆਖਦਾ ਹਾਂ ਉਨ੍ਹਾਂ ਨੂੰ ਨਹੀਂ
ਕਬੂਲਦਾ। ਜਿਹੜਾ ਸੰਦੇਸ਼ ਮੈਂ ਦਿੱਤਾ ਉਹੀ ਅੰਤ ਦੇ ਦਿਨ ਉਨ੍ਹਾਂ ਦਾ
ਨਿਆਂ ਕਰੇਗਾ। **49**ਕਿਉਂਕਿ ਮੈਂ ਆਪਣੇ ਮਨੋਂ ਉਪਦੇਸ਼ ਨਹੀਂ ਦਿੱਤਾ,
ਸਗੋਂ ਜਿਸ ਪਿਤਾ ਨੇ ਮੈਨੂੰ ਭੇਜਿਆ ਉਸ ਨੇ ਮੈਨੂੰ ਹੁਕਮ ਦਿੱਤਾ ਕਿ
ਮੈਨੂੰ ਕੀ ਕਹਿਣਾ ਅਤੇ ਕੀ ਸਿਖਾਉਣਾ ਚਾਹੀਦਾ ਹੈ, **50**ਅਤੇ ਮੈਂ
ਜਾਣਦਾ ਹਾਂ ਕਿ ਪਰਮੇਸ਼ੁਰ ਦਾ ਹੁਕਮ ਸਦੀਪਕ ਜੀਵਨ ਲਿਆਉਂਦਾ
ਹੈ। ਇਸੇ ਲਈ ਜੋ ਸ਼ਬਦ ਮੈਂ ਬੋਲਦਾ ਅਤੇ ਜੋ ਉਪਦੇਸ਼ ਮੈਂ ਦਿੰਦਾ ਹਾਂ,
ਉਹ ਉਹੀ ਹਨ ਜੋ ਪਿਤਾ ਨੇ ਮੈਨੂੰ ਬੋਲਣ ਲਈ ਕਿਹਾ ਹੈ।"

## ਯਿਸੂ ਆਪਣੇ ਚੇਲਿਆਂ ਦੇ ਪੈਰ ਧੋਂਦਾ ਹੈ

**13** **1**ਇਹ ਸਮਾਂ ਤਕਰੀਬਨ ਯਹੂਦੀਆਂ ਦੇ ਪਸਾਹ ਦੇ
ਤਿਉਹਾਰ ਦਾ ਸੀ ਅਤੇ ਯਿਸੂ ਜਾਣਦਾ ਸੀ ਕਿ ਇਹ
ਉਸ ਦਾ ਜਗਤ ਨੂੰ ਛੱਡਣ ਦਾ ਅਤੇ ਆਪਣੇ ਪਿਤਾ ਕੋਲ ਜਾਣ ਦਾ
ਸਮਾਂ ਸੀ। ਜਿਹੜੇ ਲੋਕ ਇਸ ਜਗਤ ਵਿੱਚ ਉਸ ਦੇ ਨੇੜੇ ਸਨ ਯਿਸੂ
ਨੇ ਹਮੇਸ਼ਾ ਉਨ੍ਹਾਂ ਨੂੰ ਪਿਆਰ ਕੀਤਾ ਸੀ ਅਤੇ ਉਸ ਨੇ ਅਜਿਹੇ ਲੋਕਾਂ
ਨੂੰ ਅੰਤ ਤੀਕ ਪਿਆਰ ਕੀਤਾ।

**2**ਯਿਸੂ ਅਤੇ ਉਸ ਦੇ ਚੇਲੇ ਰਾਤ ਦਾ ਭੋਜਨ ਕਰ ਰਹੇ ਸਨ।
ਸ਼ਤਾਨ ਪਹਿਲਾਂ ਹੀ ਸ਼ਮਊਨ ਦੇ ਪੁੱਤਰ ਯਹੂਦਾ ਇਸਕਰਿਯੋਤੀ
ਨੂੰ ਯਿਸੂ ਨੂੰ ਧੋਖਾ ਦੇਣ ਲਈ ਪ੍ਰੇਰਿਤ ਕਰ ਚੁੱਕਿਆ ਸੀ। **3**ਯਿਸੂ
ਜਾਣਦਾ ਸੀ ਕਿ ਪਿਤਾ ਨੇ ਉਸ ਨੂੰ ਸਭ ਕਾਸੇ ਉੱਤੇ ਅਧਿਕਾਰ ਦਿੱਤਾ
ਹੋਇਆ ਸੀ। ਉਹ ਇਹ ਵੀ ਜਾਣਦਾ ਸੀ ਕਿ ਉਹ ਪਰਮੇਸ਼ੁਰ ਤੋਂ
ਆਇਆ ਸੀ ਅਤੇ ਉਹ ਉਸ ਕੋਲ ਹੀ ਵਾਪਸ ਜਾਣ ਵਾਲਾ ਸੀ।
**4**ਜਦੋਂ ਉਹ ਭੋਜਨ ਕਰ ਰਹੇ ਸਨ ਤਾਂ ਯਿਸੂ ਉੱਠ ਖਲੋਤਾ ਅਤੇ
ਆਪਣਾ ਚੋਗਾ ਲਾਹ ਦਿੱਤਾ ਅਤੇ ਤੌਲੀਆ ਲੈ ਕੇ ਆਪਣੇ ਲੱਕ
ਦੁਆਲੇ ਲਪੇਟ ਲਿਆ। **5**ਫਿਰ ਉਸ ਨੇ ਇੱਕ ਭਾਂਡੇ ਵਿੱਚ ਪਾਣੀ
ਲਿਆ ਅਤੇ ਆਪਣੇ ਚੇਲਿਆਂ ਦੇ ਪੈਰ ਧੋਣੇ ਸ਼ੁਰੂ ਕਰ ਦਿੱਤੇ। ਉਸ
ਦੇ ਲੱਕ ਨਾਲ ਜਿਹੜਾ ਤੌਲੀਆ ਸੀ ਉਸ ਨਾਲ ਉਸ ਨੇ ਉਨ੍ਹਾਂ ਦੇ
ਪੈਰ ਪੂੰਝੇ।

6ਜਦੋਂ ਯਿਸੂ ਸ਼ਮਊਨ ਪਤਰਸ ਕੋਲ ਆਇਆ ਤਾਂ ਪਤਰਸ ਨੇ
ਯਿਸੂ ਨੂੰ ਕਿਹਾ, “ਪ੍ਰਭੂ, ਕੀ ਤੁਸੀਂ ਮੇਰੇ ਪੈਰ ਧੋਵੋਗੇ।”
7ਯਿਸੂ ਨੇ ਆਖਿਆ, “ਤੂੰ ਹੁਣੇ ਨਹੀਂ ਸਮਝੇਂਗਾ ਕਿ ਮੈਂ ਕੀ ਕਰ
ਰਿਹਾ ਹਾਂ, ਸਗੋਂ ਤੂੰ ਬਾਅਦ ਵਿੱਚ ਸਮਝੇਂਗਾ।”
8ਪਤਰਸ ਨੇ ਕਿਹਾ, “ਤੂੰ ਕਦੇ ਵੀ ਮੇਰੇ ਪੈਰ ਨਹੀਂ ਧੋਵੇਂਗਾ।”
ਯਿਸੂ ਨੇ ਆਖਿਆ, “ਜੇਕਰ ਮੈਂ ਤੇਰੇ ਪੈਰ ਨਾ ਧੋਵਾਂ ਫਿਰ ਤੂੰ ਮੇਰੇ
ਲੋਕਾਂ ਵਿੱਚੋਂ ਇੱਕ ਨਹੀਂ ਹੋਵੇਂਗਾ।”
9ਸ਼ਮਊਨ ਪਤਰਸ ਨੇ ਉੱਤਰ ਦਿੱਤਾ, “ਪ੍ਰਭੂ, ਫੇਰ ਸਿਰਫ਼ ਮੇਰੇ ਪੈਰ
ਹੀ ਨਹੀਂ, ਸਗੋਂ ਹੱਥ ਅਤੇ ਸਿਰ ਵੀ ਧੋ ਦੇ!”
10ਯਿਸੂ ਨੇ ਆਖਿਆ, “ਉਹ ਵਿਅਕਤੀ ਜਿਸ ਨੇ ਆਪਣਾ ਸਾਰਾ
ਸਰੀਰ ਧੋਤਾ ਹੈ, ਸਾਫ਼ ਹੈ ਅਤੇ ਸਿਰਫ਼ ਉਸ ਦੇ ਪੈਰ ਧੋਤੇ ਜਾਣੇ
ਚਾਹੀਦੇ ਹਨ। ਤੁਸੀਂ ਸਾਫ਼ ਹੋ, ਪਰ ਤੁਹਾਡੇ ਵਿੱਚੋਂ ਸਾਰੇ ਸਾਫ਼ ਨਹੀਂ
ਹਨ।” 11ਯਿਸੂ ਜਾਣਦਾ ਸੀ ਕਿ ਉਸ ਦੇ ਵਿਰੁੱਧ ਕੌਣ ਹੋਵੇਗਾ, ਇਸ
ਲਈ ਉਸ ਨੇ ਕਿਹਾ: “ਤੁਹਾਡੇ ਵਿੱਚੋਂ ਹਰ ਕੋਈ ਸਾਫ਼ ਨਹੀਂ ਹੈ।”
12ਜਦੋਂ ਯਿਸੂ ਉਨ੍ਹਾਂ ਦੇ ਪੈਰ ਧੋ ਹਟਿਆ ਤਾਂ ਉਹ ਫਿਰ ਆਪਣਾ
ਚੋਗਾ ਪਾ ਕੇ ਮੇਜ਼ ਉੱਤੇ ਆਣ ਬੈਠਾ ਅਤੇ ਪੁੱਛਣ ਲੱਗਾ, “ਕੀ ਤੁਸੀਂ
ਸਮਝਦੇ ਹੋ ਕਿ ਮੈਂ ਤੁਹਾਡੇ ਲਈ ਕੀ ਕੀਤਾ ਹੈ? 13ਤੁਸੀਂ ਮੈਨੂੰ ‘ਗੁਰੂ’
ਅਤੇ ‘ਪ੍ਰਭੂ’ ਸੱਦਦੇ ਹੋ ਅਤੇ ਇਹ ਸਹੀ ਹੈ, ਕਿਉਂਕਿ ਮੈਂ ਉਹੀ ਹਾਂ।
14ਮੈਂ ਤੁਹਾਡਾ ਪ੍ਰਭੂ ਵੀ ਹਾਂ ਅਤੇ ਗੁਰੂ ਵੀ। ਪਰ ਮੈਂ ਤੁਹਾਡੇ ਪੈਰ ਇੱਕ
ਸੇਵਕ ਵਾਂਗ ਧੋਤੇ ਹਨ, ਇਸ ਲਈ ਤੁਹਾਨੂੰ ਵੀ ਇੱਕ ਦੂਜੇ ਦੇ ਪੈਰ
ਧੋਣੇ ਚਾਹੀਦੇ ਹਨ। 15ਮੈਂ ਇਹ ਤੁਹਾਡੇ ਲਈ ਇੱਕ ਮਿਸਾਲ ਦੇਣ
ਵਾਸਤੇ ਕੀਤਾ ਹੈ, ਤਾਂ ਜੋ ਤੁਸੀਂ ਵੀ ਉਵੇਂ ਕਰ ਸਕੋ ਜਿਵੇਂ ਮੈਂ ਤੁਹਾਡੇ
ਨਾਲ ਕੀਤਾ ਹੈ। 16ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਇੱਕ ਸੇਵਕ
ਆਪਣੇ ਸੁਆਮੀ ਤੋਂ ਵੱਡਾ ਨਹੀਂ ਹੁੰਦਾ ਅਤੇ ਨਾ ਉਹ ਜੋ ਕੰਮ ਕਰਨ
ਲਈ ਭੇਜੇ ਗਏ ਹਨ ਆਪਣੇ ਭੇਜਣ ਵਾਲੇ ਤੋਂ ਵੱਡੇ ਹਨ। 17ਜੇਕਰ
ਤੁਸੀਂ ਇਹ ਗੱਲਾਂ ਜਾਣਦੇ ਹੋ ਤਾਂ ਜਦੋਂ ਤੁਸੀਂ ਇਹ ਕਰੋਗੇ ਤਾਂ ਖੁਸ਼
ਹੋਵੋਗੇ।
18“ਮੈਂ ਤੁਹਾਡੇ ਸਾਰਿਆਂ ਬਾਰੇ ਨਹੀਂ ਆਖਦਾ। ਮੈਂ ਉਨ੍ਹਾਂ ਨੂੰ ਜਾਣਦਾ
ਹਾਂ ਜਿਨ੍ਹਾਂ ਨੂੰ ਮੈਂ ਚੁਣਿਆ ਹੈ, ਪਰ ਜੋ ਪੋਥੀ ਵਿੱਚ ਲਿਖਿਆ ਗਿਆ ਹੈ
ਪੂਰਾ ਹੋਣਾ ਚਾਹੀਦਾ ਹੈ: ‘ਉਹ ਇੱਕ ਜਿਸ ਨੇ ਮੇਰੇ ਨਾਲ ਖਾਧਾ ਮੇਰੇ
ਵਿਰੁੱਧ ਹੋ ਗਿਆ ਹੈ।’ 19ਮੈਂ ਇਹ ਸਭ ਕੁਝ ਵਾਪਰਨ ਤੋਂ ਪਹਿਲਾਂ ਹੀ
ਤੁਹਾਨੂੰ ਹੁਣ ਦੱਸ ਰਿਹਾ ਹਾਂ। ਜਦੋਂ ਉਹ ਵਾਪਰੇਗਾ, ਤਦ ਤੁਸੀਂ ਨਿਹਚਾ
ਕਰੋਗੇ ਕਿ ਮੈਂ ਉਹੋ ਹਾਂ। 20ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜੋ ਮੇਰੇ
ਭੇਜੇ ਹੋਏ ਵਿਅਕਤੀ ਨੂੰ ਕਬੂਲਦਾ ਹੈ ਸੋ ਮੈਨੂੰ ਕਬੂਲਦਾ ਹੈ ਅਤੇ ਉਹ
ਜੋ ਮੈਨੂੰ ਕਬੂਲਦਾ ਹੈ ਸੋ ਮੇਰੇ ਭੇਜਣ ਵਾਲੇ ਨੂੰ ਕਬੂਲਦਾ ਹੈ।”

## ਯਿਸੂ ਦਾ ਆਪਣੇ ਵਿਰੋਧੀ ਬਾਰੇ ਦੱਸਣਾ

*(ਮੱਤੀ 26:20–25; ਮਰਕੁਸ 14:17–21;
ਲੂਕਾ 22:21–23)*

21ਯਿਸੂ ਇਹ ਗੱਲਾਂ ਆਖਦੇ ਹੋਏ ਬੜਾ ਦੁਖੀ ਹੋਇਆ ਅਤੇ ਉਸ ਨੇ
ਸਾਫ ਤੌਰ ਤੇ ਆਖਿਆ, “ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਤੁਹਾਡੇ ਵਿੱਚੋਂ
ਇੱਕ ਮੈਨੂੰ ਫੜਵਾਏਗਾ।”
22ਯਿਸੂ ਦੇ ਚੇਲੇ ਉਲਝਣ ਵਿੱਚ ਪੈ ਗਏ ਅਤੇ ਉਨ੍ਹਾਂ ਨੇ ਇੱਕ ਦੂਜੇ
ਵੱਲ ਵੇਖਿਆ। ਉਨ੍ਹਾਂ ਨੂੰ ਇਹ ਸਮਝ ਨਾ ਆਇਆ ਕਿ ਯਿਸੂ ਕਿਸ
ਮਨੁੱਖ ਦੇ ਬਾਰੇ ਗੱਲ ਕਰ ਰਿਹਾ ਸੀ। 23ਉਨ੍ਹਾਂ ਵਿੱਚੋਂ ਇੱਕ ਚੇਲਾ ਯਿਸੂ
ਦੇ ਬਹੁਤ ਨਜ਼ਦੀਕ ਸੀ ਜਿਸ ਨੂੰ ਯਿਸੂ ਪਿਆਰ ਕਰਦਾ ਸੀ ਅਤੇ ਉਹ
ਯਿਸੂ ਦੀ ਛਾਤੀ ਦੇ ਸਹਾਰੇ ਨਾਲ ਬੈਠਾ ਸੀ। 24ਇਸ ਲਈ ਸ਼ਮਊਨ
ਪਤਰਸ ਨੇ ਉਸ ਚੇਲੇ ਨੂੰ ਇਸ਼ਾਰਾ ਕੀਤਾ ਕਿ ਯਿਸੂ ਨੂੰ ਪੁੱਛ ਕਿ ਉਹ
ਕਿਸ ਬਾਰੇ ਬੋਲ ਰਿਹਾ ਸੀ।
25ਉਹ ਚੇਲਾ ਯਿਸੂ ਦੇ ਹੋਰ ਕਰੀਬ ਹੋਇਆ ਅਤੇ ਉਸ ਨੂੰ
ਆਖਣ ਲੱਗਾ, “ਹੇ ਪ੍ਰਭੂ, ਕੌਣ ਹੈ ਜੋ ਤੈਨੂੰ ਤੇਰੇ ਵੈਰੀਆਂ ਦੇ ਹੱਥ
ਫੜਵਾਏਗਾ?”
26ਯਿਸੂ ਨੇ ਆਖਿਆ, “ਜਿਸ ਲਈ ਮੈਂ ਰੋਟੀ ਕਟੋਰੇ ਵਿੱਚ
ਡਬੋਵਾਂਗਾ ਅਤੇ ਉਸ ਨੂੰ ਦੇਵਾਂਗਾ ਉਹੀ ਹੈ ਜੋ ਮੈਨੂੰ ਮੇਰੇ ਵੈਰੀਆਂ
ਦੇ ਹੱਥ ਫੜਵਾਏਗਾ।” ਸੋ ਯਿਸੂ ਨੇ ਰੋਟੀ ਲੈ ਕੇ ਇਸ ਨੂੰ ਕਟੋਰੇ
ਵਿੱਚ ਡਬੋਇਆ ਅਤੇ ਸ਼ਮਊਨ ਦੇ ਪੁੱਤਰ ਯਹੂਦਾ ਇਸਕਰਿਯੋਤੀ
ਨੂੰ ਦਿੱਤਾ। 27ਜਿਵੇਂ ਹੀ ਯਹੂਦਾ ਨੇ ਰੋਟੀ ਲਈ ਤਾਂ ਸ਼ਤਾਨ ਉਸ ਵਿੱਚ
ਪ੍ਰਵੇਸ਼ ਕਰ ਗਿਆ। ਯਿਸੂ ਨੇ ਯਹੂਦਾ ਨੂੰ ਕਿਹਾ, “ਜੋ ਤੂੰ ਕਰਨਾ ਹੈ
ਛੇਤੀ ਕਰ।” 28ਮੇਜ਼ ਤੇ ਬੈਠਿਆਂ ਵਿੱਚੋਂ ਕੋਈ ਵੀ ਮਨੁੱਖ ਨਾ ਸਮਝ
ਸਕਿਆ ਕਿ ਯਿਸੂ ਕੀ ਆਖ ਰਿਹਾ ਹੈ ਅਤੇ ਉਸ ਨੇ ਇਹ ਗੱਲ
ਯਹੂਦਾ ਨੂੰ ਕਿਉਂ ਕਹੀ। 29ਯਹੂਦਾ ਕੋਲ ਧਨ ਵਾਲੀ ਗੁਥਲੀ ਰਹਿੰਦੀ
ਸੀ। ਉਨ੍ਹਾਂ ਵਿੱਚੋਂ ਕੁਝ ਨੇ ਸਮਝਿਆ ਕਿ ਯਿਸੂ ਨੇ ਉਸ ਨੂੰ ਉਹ ਚੀਜ਼ਾਂ
ਖਰੀਦਣ ਲਈ ਕਿਹਾ ਹੈ ਜਿਨ੍ਹਾਂ ਦੀ ਤਿਉਹਾਰ ਲਈ ਜ਼ਰੂਰਤ ਹੈ, ਜਾਂ
ਉਸ ਨੂੰ ਗਰੀਬਾਂ ਨੂੰ ਕੁਝ ਦੇਣ ਲਈ ਕਿਹਾ ਹੈ।
30ਤਦ ਯਹੂਦਾ ਰੋਟੀ ਲੈ ਕੇ ਝੱਟ ਬਾਹਰ ਨਿੱਕਲ ਗਿਆ। ਇਹ
ਰਾਤ ਦਾ ਵੇਲਾ ਸੀ।

## ਯਿਸੂ ਦਾ ਆਪਣੀ ਮੌਤ ਬਾਰੇ ਦੱਸਣਾ

31ਜਦੋਂ ਯਹੂਦਾ ਚਲਾ ਗਿਆ ਤਾਂ ਯਿਸੂ ਨੇ ਆਖਿਆ, “ਹੁਣ ਮਨੁੱਖ ਦਾ
ਪੁੱਤਰ ਆਪਣੀ ਮਹਿਮਾ ਪਾਉਂਦਾ ਹੈ ਅਤੇ ਪਰਮੇਸ਼ੁਰ ਆਪਣੀ ਮਹਿਮਾ
ਮਨੁੱਖ ਦੇ ਪੁੱਤਰ ਰਾਹੀਂ ਪਾਉਂਦਾ ਹੈ। 32ਜੇਕਰ ਪਰਮੇਸ਼ੁਰ ਉਸ ਰਾਹੀਂ
ਮਹਿਮਾ ਪ੍ਰਾਪਤ ਕਰਦਾ ਹੈ, ਤਾਂ ਉਹ ਮਨੁੱਖ ਦੇ ਪੁੱਤਰ ਨੂੰ ਆਪਣੇ ਰਾਹੀਂ
ਮਹਿਮਾ ਦੇਵੇਗਾ, ਅਤੇ ਉਹ ਜਲਦੀ ਹੀ ਉਸ ਨੂੰ ਮਹਿਮਾ ਦੇਵੇਗਾ।”
33ਯਿਸੂ ਨੇ ਕਿਹਾ, “ਮੇਰੇ ਬੱਚਿਓ, ਮੈਂ ਹੋਰ ਥੋੜ੍ਹਾ ਜਿਹਾ ਚਿਰ ਤੁਹਾਡੇ
ਨਾਲ ਰਹਾਂਗਾ। ਫੇਰ ਤੁਸੀਂ ਮੈਨੂੰ ਲੱਭੋਗੇ, ਪਰ ਜਿਵੇਂ ਕਿ ਮੈਂ ਯਹੂਦੀਆਂ
ਨੂੰ ਕਿਹਾ ਸੀ ਮੈਂ ਹੁਣ ਤੁਹਾਨੂੰ ਵੀ ਕਹਿੰਦਾ ਹਾਂ ਕਿ ਤੁਸੀਂ ਉਸ ਜਗ੍ਹਾ
ਨਹੀਂ ਆ ਸਕਦੇ ਜਿੱਥੇ ਮੈਂ ਜਾ ਰਿਹਾ ਹਾਂ।
34“ਮੈਂ ਤੁਹਾਨੂੰ ਇੱਕ ਨਵਾਂ ਹੁਕਮ ਦਿੰਦਾ ਹਾਂ ਅਤੇ ਉਹ ਇਹ ਹੈ ਕਿ
ਤੁਸੀਂ ਇੱਕ ਦੂਜੇ ਨੂੰ ਪਿਆਰ ਕਰੋ। ਇੱਕ ਦੂਜੇ ਨੂੰ ਉਸੇ ਤਰ੍ਹਾਂ ਪਿਆਰ
ਕਰੋ ਜਿਵੇਂ ਮੈਂ ਤੁਹਾਨੂੰ ਪਿਆਰ ਕੀਤਾ। 35ਜੇ ਤੁਸੀਂ ਇੱਕ ਦੂਜੇ ਨੂੰ
ਪਿਆਰ ਕਰੋਗੇ ਤਾਂ ਸਾਰੇ ਲੋਕ ਜਾਣ ਲੈਣਗੇ ਕਿ ਤੁਸੀਂ ਮੇਰੇ ਚੇਲੇ ਹੋ।”

## ਯਿਸੂ ਦਾ ਇਹ ਕਹਿਣਾ ਕਿ ਪਤਰਸ ਉਸ ਨੂੰ ਪਛਾਨਣ ਤੋਂ ਇਨਕਾਰ ਕਰੇਗਾ

*(ਮੱਤੀ 26:31–35; ਮਰਕੁਸ 14:27–31;
ਲੂਕਾ 22:31–34)*

36ਸ਼ਮਊਨ ਪਤਰਸ ਨੇ ਯਿਸੂ ਨੂੰ ਕਿਹਾ, “ਪ੍ਰਭੂ ਤੂੰ ਕਿੱਥੇ ਜਾ ਰਿਹਾ
ਹੈਂ?”
ਯਿਸੂ ਨੇ ਆਖਿਆ, “ਜਿੱਥੇ ਮੈਂ ਜਾ ਰਿਹਾ ਹਾਂ ਉੱਥੇ ਹੁਣ ਤੂੰ ਮੇਰੇ
ਮਗਰ ਨਹੀਂ ਆ ਸਕਦਾ, ਪਰ ਬਾਅਦ ਵਿੱਚ ਤੂੰ ਆਵੇਂਗਾ।”
37ਪਤਰਸ ਨੇ ਕਿਹਾ, “ਪ੍ਰਭੂ, ਹੁਣ ਮੈਂ ਤੇਰੇ ਮਗਰ ਕਿਉਂ ਨਹੀਂ ਆ
ਸਕਦਾ? ਮੈਂ ਤੇਰੇ ਲਈ ਮਰਨ ਨੂੰ ਤਿਆਰ ਹਾਂ।”
38ਯਿਸੂ ਨੇ ਆਖਿਆ, “ਕੀ ਤੂੰ ਸੱਚਮੁੱਚ ਮੇਰੇ ਲਈ ਆਪਣੇ ਆਪ
ਨੂੰ ਕੁਰਬਾਨ ਕਰ ਦੇਵੇਂਗਾ? ਮੈਂ ਤੈਨੂੰ ਸੱਚ ਆਖਦਾ ਹਾਂ ਕਿ ਜਿੰਨਾ ਚਿਰ

ਤੂੰ ਤਿੰਨ ਵਾਰੀ ਮੈਨੂੰ ਪਛਾਨਣ ਤੋਂ ਇਨਕਾਰ ਨਾ ਕਰੇਂ, ਕੁੱਕੜ ਬਾਂਗ ਨਹੀਂ ਦੇਵੇਗਾ।"

### ਯਿਸੂ ਦਾ ਆਪਣੇ ਚੇਲਿਆਂ ਨੂੰ ਦਿਲਾਸਾ ਦੇਣਾ

**14** [1]ਯਿਸੂ ਨੇ ਆਖਿਆ, "ਤੁਹਾਡਾ ਦਿਲ ਨਾ ਘਬਰਾਏ,
ਪਰਮੇਸ਼ੁਰ ਉੱਤੇ ਭਰੋਸਾ ਕਰੋ ਅਤੇ ਮੇਰੇ ਉੱਤੇ ਭਰੋਸਾ
ਕਰੋ। [2]ਮੇਰੇ ਪਿਤਾ ਦੇ ਘਰ ਵਿੱਚ ਬਹੁਤ ਕਮਰੇ ਹਨ। ਜੇਕਰ ਇਹ ਸੱਚ
ਨਾ ਹੁੰਦਾ ਤਾਂ ਮੈਂ ਤੁਹਾਨੂੰ ਨਾ ਕਿਹਾ ਹੁੰਦਾ। ਮੈਂ ਉੱਥੇ ਤੁਹਾਡੇ ਲਈ ਜਗ੍ਹਾ
ਤਿਆਰ ਕਰਨ ਲਈ ਜਾ ਰਿਹਾ ਹਾਂ। [3]ਉੱਥੇ ਜਾਣ ਅਤੇ ਤੁਹਾਡੇ ਲਈ
ਜਗ੍ਹਾ ਤਿਆਰ ਕਰਨ ਤੋਂ ਬਾਅਦ ਮੈਂ ਵਾਪਸ ਆਵਾਂਗਾ ਅਤੇ ਤੁਹਾਨੂੰ
ਆਪਣੇ ਨਾਲ ਰਹਿਣ ਲਈ ਲੈ ਜਾਵਾਂਗਾ। [4]ਜਿੱਥੇ ਮੈਂ ਜਾ ਰਿਹਾ ਹਾਂ
ਤੁਸੀਂ ਉੱਥੋਂ ਦਾ ਰਾਹ ਜਾਣਦੇ ਹੋ।"
[5]ਥੋਮਾ ਨੇ ਉਸ ਨੂੰ ਕਿਹਾ, "ਪ੍ਰਭੂ ਜੀ ਜੇ ਸਾਨੂੰ ਇਹੀ ਪਤਾ ਨਹੀਂ ਕਿ
ਤੂੰ ਕਿੱਥੇ ਜਾ ਰਿਹਾ ਹੈ, ਫਿਰ ਅਸੀਂ ਰਸਤਾ ਕਿੱਥੋਂ ਜਾਣ ਸਕਦੇ ਹਾਂ?"
[6]ਯਿਸੂ ਨੇ ਆਖਿਆ, "ਮੈਂ ਹੀ ਰਾਹ, ਸੱਚਾਈ ਅਤੇ ਜੀਵਨ ਹਾਂ।
ਮੇਰੇ ਰਾਹੀਂ ਆਉਣ ਤੋਂ ਬਿਨਾ ਕੋਈ ਪਿਤਾ ਕੋਲ ਨਹੀਂ ਆ ਸਕਦਾ।
[7]ਜੇਕਰ ਤੁਸੀਂ ਮੈਨੂੰ ਜਾਣਦੇ ਤਾਂ ਤੁਸੀਂ ਪਿਤਾ ਨੂੰ ਵੀ ਜਾਣਦੇ। ਪਰ ਹੁਣ
ਤੋਂ ਤੁਸੀਂ ਪਿਤਾ ਨੂੰ ਜਾਣਦੇ ਹੋ, ਤੁਸੀਂ ਉਸ ਨੂੰ ਵੇਖਿਆ ਹੈ।"
[8]ਫਿਲਿੱਪੁਸ ਨੇ ਯਿਸੂ ਨੂੰ ਆਖਿਆ, "ਹੇ ਪ੍ਰਭੂ! ਸਾਨੂੰ ਪਿਤਾ ਦੇ
ਦਰਸ਼ਣ ਕਰਾ ਅਤੇ ਸਾਡੇ ਲਈ ਇਹੀ ਕਾਫ਼ੀ ਹੈ।"
[9]ਯਿਸੂ ਨੇ ਆਖਿਆ, "ਫਿਲਿੱਪੁਸ ਮੈਂ ਲੰਬੇ ਸਮੇਂ ਲਈ ਤੇਰੇ ਨਾਲ
ਸੀ, ਪਰ ਹਾਲੇ ਵੀ ਤੂੰ ਮੈਨੂੰ ਨਹੀਂ ਜਾਣਦਾ? ਜਿਸ ਮਨੁੱਖ ਨੇ ਮੈਨੂੰ
ਵੇਖਿਆ ਹੈ ਉਸ ਨੇ ਪਿਤਾ ਨੂੰ ਵੀ ਵੇਖਿਆ ਹੈ। ਫਿਰ ਤੂੰ ਇਹ ਕਹਿੰਦਾ
ਹੈਂ, 'ਸਾਨੂੰ ਪਿਤਾ ਦੇ ਦਰਸ਼ਣ ਕਰਾ?' [10]ਕੀ ਤੂੰ ਵਿਸ਼ਵਾਸ ਨਹੀਂ ਕਰਦਾ
ਕਿ ਪਿਤਾ ਮੇਰੇ ਵਿੱਚ ਹੈ ਅਤੇ ਮੈਂ ਪਿਤਾ ਵਿੱਚ? ਜਿਹੜੀਆਂ ਗੱਲਾਂ ਮੈਂ
ਤੈਨੂੰ ਦੱਸ ਰਿਹਾ ਹਾਂ ਮੇਰੇ ਵੱਲੋਂ ਨਹੀਂ ਆ ਰਹੀਆਂ। ਪਿਤਾ ਜੋ ਮੇਰੇ
ਅੰਦਰ ਨਿਵਾਸ ਕਰਦਾ ਹੈ, ਆਪਣੇ ਕੰਮ ਕਰ ਰਿਹਾ ਹੈ। [11]ਮੇਰੇ ਉੱਤੇ
ਵਿਸ਼ਵਾਸ ਕਰ ਜਦੋਂ ਮੈਂ ਇਹ ਆਖਦਾ ਹਾਂ ਕਿ ਪਿਤਾ ਮੇਰੇ ਵਿੱਚ ਹੈ
ਅਤੇ ਮੈਂ ਪਿਤਾ ਵਿੱਚ ਹਾਂ, ਨਹੀਂ ਤਾਂ ਮੇਰੀਆਂ ਕਰਾਮਾਤਾਂ ਕਾਰਣ ਹੀ
ਮੇਰੇ ਉੱਤੇ ਵਿਸ਼ਵਾਸ ਕਰ।
[12]"ਮੈਂ ਤੈਨੂੰ ਸੱਚ ਆਖਦਾ ਹਾਂ ਕਿ ਜਿਹੜਾ ਮੇਰੇ ਉੱਤੇ ਨਿਹਚਾ
ਰੱਖੇਗਾ ਉਹ ਵੀ ਮੇਰੇ ਜਿਹੇ ਕੰਮ ਕਰੇਗਾ। ਸਿਰਫ ਇਹੀ ਨਹੀਂ, ਉਹ
ਇਨ੍ਹਾਂ ਕੰਮਾਂ ਤੋਂ ਵੀ ਵੱਧ ਮਹਾਨ ਕੰਮ ਕਰੇਗਾ ਕਿਉਂਕਿ ਮੈਂ ਵਾਪਸ
ਪਿਤਾ ਕੋਲ ਜਾ ਰਿਹਾ ਹਾਂ। [13]ਜੇਕਰ ਤੁਸੀਂ ਮੇਰੇ ਨਾਂ ਤੇ ਕੁਝ ਮੰਗੋਗੇ, ਤਾਂ
ਮੈਂ ਦੇਵਾਂਗਾ। ਫਿਰ ਪੁੱਤਰ ਰਾਹੀਂ ਪਿਤਾ ਦੀ ਮਹਿਮਾ ਹੋਵੇਗੀ। [14]ਜੇਕਰ
ਤੁਸੀਂ ਮੇਰੇ ਨਾਂ ਉੱਤੇ ਕੁਝ ਮੰਗੋਗੇ, ਮੈਂ ਉਹ ਦੇਵਾਂਗਾ।

### ਪਵਿੱਤਰ ਆਤਮਾ ਦਾ ਬਚਨ

[15]"ਜੇਕਰ ਤੁਸੀਂ ਮੈਨੂੰ ਪਿਆਰ ਕਰਦੇ ਹੋ ਤਾਂ ਤੁਸੀਂ ਮੇਰੇ ਹੁਕਮਾਂ
ਦੀ ਪਾਲਣਾ ਕਰੋਗੇ, [16]ਅਤੇ ਮੈਂ ਪਿਤਾ ਕੋਲੋਂ ਮੰਗਾਂਗਾ ਅਤੇ ਉਹ
ਹਮੇਸ਼ਾ ਤੁਹਾਡੇ ਨਾਲ ਰਹਿਣ ਵਾਸਤੇ ਦੂਸਰਾ ਸਹਾਇਕ ਦੇਵੇਗਾ।
[17]ਸਹਾਇਕ ਸੱਚਾਈ ਦਾ ਆਤਮਾ ਹੈ। ਇਹ ਦੁਨੀਆ ਉਸ ਨੂੰ ਪ੍ਰਾਪਤ
ਨਹੀਂ ਕਰ ਸਕਦੀ, ਕਿਉਂਕਿ ਜਗਤ ਨੇ ਨਾ ਉਸ ਨੂੰ ਵੇਖਿਆ ਹੈ ਤੇ ਨਾ
ਹੀ ਉਸ ਨੂੰ ਜਾਣਦਾ ਹੈ। ਪਰ ਤੁਸੀਂ ਉਸ ਨੂੰ ਜਾਣਦੇ ਹੋ। ਉਹ ਤੁਹਾਡੇ
ਨਾਲ ਰਹਿੰਦਾ ਹੈ ਅਤੇ ਉਹ ਤੁਹਾਡੇ ਅੰਦਰ ਹੋਵੇਗਾ।
[18]"ਮੈਂ ਤੁਹਾਨੂੰ ਅਨਾਥ ਬਾਲਕਾਂ ਵਾਂਗ ਇਕੱਲਾ ਛੱਡ ਕੇ ਨਹੀਂ
ਜਾਵਾਂਗਾ। ਮੈਂ ਵਾਪਸ ਤੁਹਾਡੇ ਕੋਲ ਮੁੜਾਂਗਾ। [19]ਬਹੁਤ ਹੀ ਜਲਦੀ
ਇਸ ਜਗਤ ਦੇ ਲੋਕ ਮੈਨੂੰ ਨਹੀਂ ਵੇਖਣਗੇ, ਪਰ ਤੁਸੀਂ ਵੇਖੋਗੇ। ਮੈਂ
ਜਿਉਂਦਾ ਹਾਂ, ਇਸ ਲਈ ਤੁਸੀਂ ਵੀ ਜੀਓਗੇ। [20]ਉਸ ਦਿਨ ਤੁਸੀਂ
ਜਾਣੋਗੇ ਕਿ ਮੈਂ ਪਿਤਾ ਵਿੱਚ ਹਾਂ ਅਤੇ ਤੁਸੀਂ ਜਾਣ ਜਾਓਗੇ ਕਿ ਤੁਸੀਂ
ਮੇਰੇ ਵਿੱਚ ਅਤੇ ਮੈਂ ਤੁਹਾਡੇ ਵਿੱਚ ਹਾਂ। [21]ਜੇਕਰ ਕੋਈ ਵਿਅਕਤੀ ਮੇਰੇ
ਹੁਕਮਾਂ ਨੂੰ ਜਾਣ ਕੇ ਉਨ੍ਹਾਂ ਦੀ ਪਾਲਣਾ ਕਰਦਾ ਹੈ, ਤਾਂ ਉਹ ਉਹੀ ਹੈ
ਜੋ ਸੱਚੀਂ ਮੈਨੂੰ ਪਿਆਰ ਕਰਦਾ ਹੈ। ਮੇਰਾ ਪਿਤਾ ਵੀ ਉਸ ਵਿਅਕਤੀ
ਨੂੰ ਪਿਆਰ ਕਰੇਗਾ। ਜਿਹੜਾ ਮਨੁੱਖ ਮੈਨੂੰ ਪਿਆਰ ਕਰਦਾ ਹੈ ਮੈਂ ਵੀ
ਉਸ ਮਨੁੱਖ ਨਾਲ ਪਿਆਰ ਕਰਦਾ ਹਾਂ ਅਤੇ ਆਪਣਾ-ਆਪ ਉਸ
ਲਈ ਪਰਗਟ ਕਰਾਂਗਾ?"
[22]ਤਦ ਯਹੂਦਾ (ਇਹ ਯਹੂਦਾ ਇਸਕਰਿਯੋਤੀ ਨਹੀਂ) ਨੇ
ਆਖਿਆ, "ਪ੍ਰਭੂ ਤੂੰ ਆਪਣੇ ਆਪ ਨੂੰ ਸਾਡੇ ਉੱਤੇ ਕਿਉਂ ਪਰਗਟ
ਕਰਨ ਜਾ ਰਿਹਾ ਹੈਂ ਤੇ ਜਗਤ ਉੱਤੇ ਕਿਉਂ ਪਰਗਟ ਨਹੀਂ ਕਰਦਾ?"
[23]ਯਿਸੂ ਨੇ ਆਖਿਆ, "ਜੇਕਰ ਕੋਈ ਵਿਅਕਤੀ ਮੈਨੂੰ ਪਿਆਰ
ਕਰਦਾ ਹੈ ਤਾਂ ਉਹ ਮੇਰੇ ਉਪਦੇਸ਼ ਦਾ ਵੀ ਅਨੁਸਰਣ ਕਰੇਗਾ ਅਤੇ
ਮੇਰਾ ਪਿਤਾ ਉਸ ਵਿਅਕਤੀ ਨੂੰ ਪਿਆਰ ਕਰੇਗਾ। ਮੈਂ ਅਤੇ ਮੇਰਾ ਪਿਤਾ
ਉਸ ਕੋਲ ਆਵਾਂਗੇ ਅਤੇ ਉਸ ਦੇ ਨਾਲ ਰਹਾਂਗੇ। [24]ਪਰ ਜਿਹੜਾ
ਵਿਅਕਤੀ ਮੈਨੂੰ ਪਿਆਰ ਨਹੀਂ ਕਰਦਾ ਉਹ ਮੇਰੇ ਉਪਦੇਸ਼ ਨੂੰ ਵੀ ਨਹੀਂ
ਮੰਨਦਾ। ਜਿਹੜੇ ਉਪਦੇਸ਼ ਮੈਂ ਤੁਹਾਨੂੰ ਦਿੰਦਾ ਹਾਂ ਉਹ ਮੇਰੇ ਆਪਣੇ
ਨਹੀਂ ਹਨ, ਸਗੋਂ ਇਹ ਮੇਰੇ ਪਿਤਾ ਦੇ ਹਨ ਜਿਸ ਨੇ ਮੈਨੂੰ ਭੇਜਿਆ ਹੈ।
[25]"ਇਹ ਸੱਭ ਗੱਲਾਂ ਮੈਂ ਤੁਹਾਨੂੰ ਉਦੋਂ ਦੱਸ ਚੁੱਕਾ ਹਾਂ ਜਦੋਂ ਮੈਂ ਹਾਲੇ
ਤੁਹਾਡੇ ਨਾਲ ਸੀ। [26]ਪਰ ਸਹਾਇਕ ਪਵਿੱਤਰ ਆਤਮਾ ਹੈ, ਜਿਸ ਨੂੰ
ਪਿਤਾ ਮੇਰੇ ਨਾਂ ਉੱਤੇ ਭੇਜੇਗਾ। ਉਹ ਤੁਹਾਨੂੰ ਸਭ ਕੁਝ ਸਿਖਾਵੇਗਾ ਅਤੇ
ਉਹ ਤੁਹਾਨੂੰ ਉਹ ਸਭ ਚੇਤੇ ਕਰਾਵੇਗਾ ਜੋ ਕੁਝ ਮੈਂ ਤੁਹਾਨੂੰ ਕਿਹਾ ਹੈ।
[27]"ਮੈਂ ਤੁਹਾਨੂੰ ਸ਼ਾਂਤੀ ਦੇ ਜਾਂਦਾ ਹਾਂ। ਮੈਂ ਆਪਣੀ ਸ਼ਾਂਤੀ ਤੁਹਾਨੂੰ
ਦਿੰਦਾ ਹਾਂ। ਮੈਂ ਤੁਹਾਨੂੰ ਸੰਸਾਰ ਤੋਂ ਵੱਖਰੀ ਕਿਸਮ ਦੀ ਸ਼ਾਂਤੀ ਦਿੰਦਾ
ਹਾਂ, ਇਸ ਲਈ ਤੁਹਾਡੇ ਦਿਲ ਦੁਖੀ ਅਤੇ ਘਬਰਾਏ ਹੋਏ ਨਹੀਂ ਹੋਣੇ
ਚਾਹੀਦੇ। [28]ਜੋ ਮੈਂ ਤੁਹਾਨੂੰ ਕਿਹਾ ਤੁਸੀਂ ਸੁਣਿਆ। ਮੈਂ ਤੁਹਾਨੂੰ ਕਿਹਾ,
'ਮੈਂ ਜਾ ਰਿਹਾ ਹਾਂ, ਪਰ ਮੈਂ ਤੁਹਾਡੇ ਕੋਲ ਫਿਰ ਵਾਪਸ ਆਵਾਂਗਾ।'
ਜੇਕਰ ਤੁਸੀਂ ਮੇਰੇ ਨਾਲ ਪਿਆਰ ਕਰਦੇ ਤਾਂ ਫਿਰ ਤੁਹਾਨੂੰ ਅਨੰਦ ਹੋਣਾ
ਚਾਹੀਦਾ ਸੀ ਕਿ ਮੈਂ ਪਿਤਾ ਕੋਲ ਜਾ ਰਿਹਾ ਹਾਂ, ਕਿਉਂਕਿ ਮੇਰਾ ਪਿਤਾ
ਮੇਰੇ ਤੋਂ ਮਹਾਨ ਹੈ। [29]ਇਹ ਵਾਪਰਨ ਤੋਂ ਪਹਿਲਾਂ ਮੈਂ ਤੁਹਾਨੂੰ ਇਸ
ਲਈ ਦੱਸਿਆ ਹੈ ਤਾਂ ਜੋ ਜਦੋਂ ਇਹ ਵਾਪਰੇ ਤਾਂ ਤੁਸੀਂ ਵਿਸ਼ਵਾਸ ਕਰੋ।
[30]"ਮੈਂ ਲੰਬੇ ਸਮੇਂ ਤੱਕ ਤੁਹਾਡੇ ਨਾਲ ਨਹੀਂ ਬੋਲਾਂਗਾ। ਇਸ
ਦੁਨੀਆ ਦਾ ਹਾਕਮ ਆ ਰਿਹਾ ਹੈ। ਉਸ ਦਾ ਮੇਰੇ ਉੱਪਰ ਕੋਈ
ਇਖਤਿਆਰ ਨਹੀਂ ਹੈ। [31]ਪਰ ਜਗਤ ਨੂੰ ਪਤਾ ਹੋਣਾ ਜ਼ਰੂਰੀ ਹੈ ਕਿ
ਮੈਂ ਪਿਤਾ ਨੂੰ ਪਿਆਰ ਕਰਦਾ ਹਾਂ। ਇਸ ਲਈ ਮੈਂ ਉਵੇਂ ਹੀ ਕਰਾਂਗਾ
ਜਿਵੇਂ ਪਿਤਾ ਨੇ ਮੈਨੂੰ ਹੁਕਮ ਦਿੱਤਾ ਹੈ।
"ਉੱਠੋ, ਅਸੀਂ ਹੁਣ ਇੱਥੋਂ ਚੱਲੀਏ।"

### ਯਿਸੂ ਅੰਗੂਰ ਦੀ ਵੇਲ ਹੈ

**15** [1]ਯਿਸੂ ਨੇ ਆਖਿਆ, "ਮੈਂ ਅੰਗੂਰ ਦੀ ਸੱਚੀ ਵੇਲ ਹਾਂ,
ਮੇਰਾ ਪਿਤਾ ਬਾਗਵਾਨ ਹੈ। [2]ਹਰ ਉਹ ਟਹਿਣੀ ਜਿਹੜੀ
ਫਲ ਨਹੀਂ ਦਿੰਦੀ, ਉਹ ਕੱਟ ਸੁੱਟਦਾ ਹੈ। ਉਹ ਹਰ ਉਸ ਟਹਿਣੀ ਨੂੰ
ਚੰਗੀ ਤਰ੍ਹਾਂ ਛਾਂਗਦਾ ਹੈ ਜਿਹੜੀ ਫਲ ਦਿੰਦੀ ਹੈ ਅਤੇ ਉਸ ਨੂੰ ਸਾਫ਼
ਕਰਦਾ ਹੈ ਤਾਂ ਜੋ ਉਹ ਹੋਰ ਵਧੇਰੇ ਫਲ ਪੈਦਾ ਕਰੇ। [3]ਤੁਸੀਂ ਪਹਿਲਾਂ
ਹੀ ਮੇਰੇ ਦਿੱਤੇ ਹੋਏ ਉਪਦੇਸ਼ ਦੁਆਰਾ ਸਾਫ਼ ਹੋ ਚੁੱਕੇ ਹੋ। [4]ਮੇਰੇ ਵਿੱਚ
ਸਥਿਰ ਰਹੋ ਅਤੇ ਮੈਂ ਤੁਹਾਡੇ ਵਿੱਚ ਸਥਿਰ ਰਹਾਂਗਾ। ਕੋਈ ਵੀ ਟਹਿਣੀ

ਆਪਣੇ ਆਪ ਫਲ ਨਹੀਂ ਦੇ ਸਕਦੀ। ਇਸੇ ਤਰ੍ਹਾਂ, ਜੇਕਰ ਤੁਸੀਂ
ਮੇਰੇ ਵਿੱਚ ਸਥਿਰ ਨਹੀਂ ਰਹੋਗੇ ਤਾਂ ਤੁਸੀਂ ਫਲ ਪੈਦਾ ਕਰਨ ਦੇ ਯੋਗ
ਨਹੀਂ ਹੋਵੋਗੇ।
**5**"ਅੰਗੂਰਾਂ ਦੀ ਵੇਲ ਮੈਂ ਹਾਂ ਅਤੇ ਤੁਸੀਂ ਉਸ ਦੀਆਂ ਟਹਿਣੀਆਂ
ਹੋ। ਜੇਕਰ ਕੋਈ ਮਨੁੱਖ ਮੇਰੇ ਵਿੱਚ ਰਹਿੰਦਾ ਹੈ, ਮੈਂ ਉਸ ਵਿੱਚ ਹੋਵਾਂਗਾ
ਅਤੇ ਉਹ ਮਨੁੱਖ ਅਨੇਕਾਂ ਫਲ ਦੇਵੇਗਾ, ਪਰ ਮੈਥੋਂ ਬਗੈਰ ਤੁਸੀਂ ਕੁਝ
ਵੀ ਨਹੀਂ ਕਰ ਸਕਦੇ। **6**ਜੇਕਰ ਕੋਈ ਮੇਰੇ ਵਿੱਚ ਸਥਿਰ ਨਹੀਂ ਰਹਿੰਦਾ,
ਉਹ ਇੱਕ ਟਹਿਣੀ ਦੀ ਤਰ੍ਹਾਂ ਬਾਹਰ ਸੁੱਟਿਆ ਜਾਂਦਾ ਅਤੇ ਸੁੱਕ ਜਾਂਦਾ
ਹੈ। ਅਜਿਹੀਆਂ ਟਹਿਣੀਆਂ ਨੂੰ ਲੋਕੀਂ ਅੱਗ ਵਿੱਚ ਸੁੱਟ ਦਿੰਦੇ ਹਨ।
**7**ਜੇਕਰ ਤੁਸੀਂ ਮੇਰੇ ਵਿੱਚ ਰਹੋ ਅਤੇ ਮੇਰੀਆਂ ਸਿੱਖਿਆਵਾਂ ਤੁਹਾਡੇ
ਵਿੱਚ ਰਹਿਣ, ਤਾਂ ਤੁਸੀਂ ਜੋ ਚਾਹੋ ਸੋ ਮੰਗੋ ਅਤੇ ਉਹ ਦਿੱਤਾ ਜਾਵੇਗਾ।
**8**ਤੁਹਾਨੂੰ ਵਧੇਰੇ ਫਲ ਪੈਦਾ ਕਰਨਾ ਅਤੇ ਸਾਬਤ ਕਰਨਾ ਜ਼ਰੂਰੀ ਹੈ ਕਿ
ਤੁਸੀਂ ਮੇਰੇ ਚੇਲੇ ਹੋ। ਇਸ ਰਾਹੀਂ ਮੇਰੇ ਪਿਤਾ ਦੀ ਮਹਿਮਾ ਹੋਵੇਗੀ।
**9**"ਜਿਵੇਂ ਮੇਰਾ ਪਿਤਾ ਮੈਨੂੰ ਪਿਆਰ ਕਰਦਾ ਹੈ, ਉਸੇ ਤਰ੍ਹਾਂ ਮੈਂ ਤੁਹਾਨੂੰ
ਪਿਆਰ ਕੀਤਾ। ਇਸ ਲਈ ਤੁਸੀਂ ਮੇਰੇ ਪਿਆਰ 'ਚ ਸਥਿਰ ਰਹੋ।
**10**ਮੈਂ ਆਪਣੇ ਪਿਤਾ ਦੇ ਹੁਕਮਾਂ ਦਾ ਪਾਲਣ ਕੀਤਾ ਹੈ ਅਤੇ ਮੈਂ ਉਸ ਦੇ
ਪਿਆਰ ਵਿੱਚ ਸਥਿਰ ਰਿਹਾ। ਇਸੇ ਤਰ੍ਹਾਂ ਜੇਕਰ ਤੁਸੀਂ ਵੀ ਮੇਰੇ ਹੁਕਮਾਂ
ਦਾ ਪਾਲਣ ਕਰੋਗੇ ਤਾਂ ਤੁਸੀਂ ਮੇਰੇ ਪਿਆਰ ਵਿੱਚ ਸਥਿਰ ਰਹੋਗੇ।
**11**ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਕਹੀਆਂ ਹਨ ਤਾਂ ਜੋ ਮੇਰੀ ਖੁਸ਼ੀ
ਤੁਹਾਡੇ ਵਿੱਚ ਸਥਿਰ ਰਹਿ ਸਕੇ ਅਤੇ ਤੁਹਾਡੀ ਖੁਸ਼ੀ ਸੰਪੂਰਣ ਖੁਸ਼ੀ
ਹੋ ਸਕੇ। **12**ਤੁਹਾਡੇ ਲਈ ਮੇਰਾ ਇਹ ਹੁਕਮ ਹੈ ਕਿ ਜਿਵੇਂ ਮੈਂ ਤੁਹਾਨੂੰ
ਪਿਆਰ ਕੀਤਾ ਹੈ ਤੁਸੀਂ ਵੀ ਇੱਕ ਦੂਜੇ ਨੂੰ ਪਿਆਰ ਕਰੋ। **13**ਆਪਣੇ
ਦੋਸਤਾਂ ਲਈ ਜਾਨ ਦੇ ਕੇ ਲੋਕ ਮਹਾਨ ਪਿਆਰ ਨੂੰ ਦਿਖਾ ਸਕਦੇ
ਹਨ। **14**ਤੁਸੀਂ ਤਾਂ ਹੀ ਮੇਰੇ ਮਿੱਤਰ ਹੋ ਜੇਕਰ ਤੁਸੀਂ ਉਹ ਗੱਲਾਂ ਕਰੋ
ਜਿਨ੍ਹਾਂ ਦਾ ਮੈਂ ਤੁਹਾਨੂੰ ਹੁਕਮ ਦਿੰਦਾ ਹਾਂ। **15**ਮੈਂ ਤੁਹਾਨੂੰ ਹੁਣ ਤੋਂ ਦਾਸ
ਕਹਿ ਕੇ ਨਹੀਂ ਬੁਲਾਉਂਦਾ, ਕਿਉਂਕਿ ਦਾਸ ਨਹੀਂ ਜਾਣਦਾ ਕਿ ਉਸ ਦਾ
ਮਾਲਕ ਕੀ ਕਰ ਰਿਹਾ ਹੈ, ਪਰ ਹੁਣ ਤੋਂ ਮੈਂ ਤੁਹਾਨੂੰ ਆਪਣਾ ਮਿੱਤਰ
ਬੁਲਾਵਾਂਗਾ। ਕਿਉਂਕਿ ਜੋ ਕੁਝ ਮੈਂ ਆਪਣੇ ਪਿਤਾ ਕੋਲੋਂ ਸੁਣਿਆ ਹੈ,
ਤੁਹਾਨੂੰ ਦੱਸ ਦਿੱਤਾ ਹੈ।
**16**"ਤੁਸੀਂ ਮੈਨੂੰ ਨਹੀਂ ਚੁਣਿਆ, ਪਰ ਮੈਂ ਤੁਹਾਨੂੰ ਚੁਣਿਆ ਹੈ। ਮੈਂ
ਤੁਹਾਨੂੰ ਭੇਜਿਆ ਤਾਂਕਿ ਤੁਸੀਂ ਜਾਓ ਅਤੇ ਫਲ ਪੈਦਾ ਕਰੋ। ਮੇਰੀ
ਇੱਛਾ ਇਹ ਹੈ ਕਿ ਤੁਹਾਡਾ ਫਲ ਹਮੇਸ਼ਾ ਤੁਹਾਡੇ ਜੀਵਨ ਵਿੱਚ ਰਹੇ,
ਤਾਂਕਿ ਜੋ ਕੁਝ ਵੀ ਤੁਸੀਂ ਮੇਰੇ ਨਾਮ ਵਿੱਚ ਮੰਗੋ ਪਿਤਾ ਤੁਹਾਨੂੰ ਦੇ ਸਕੇ।
**17**ਇੱਕ ਦੂਜੇ ਨਾਲ ਪ੍ਰੇਮ ਕਰੋ, ਇਹੀ ਮੇਰਾ ਤੁਹਾਨੂੰ ਹੁਕਮ ਹੈ।

## ਯਿਸੂ ਦਾ ਆਪਣੇ ਚੇਲਿਆਂ ਨੂੰ ਹੁਸ਼ਿਆਰ ਕਰਨਾ

**18**"ਜੇਕਰ ਦੁਨੀਆ ਤੁਹਾਨੂੰ ਨਫ਼ਰਤ ਕਰਦੀ ਹੈ ਤਾਂ ਤੁਹਾਨੂੰ ਯਾਦ
ਰੱਖਣਾ ਚਾਹੀਦਾ ਹੈ ਕਿ ਪਹਿਲਾਂ ਦੁਨੀਆ ਨੇ ਮੈਨੂੰ ਵੀ ਨਫ਼ਰਤ
ਕੀਤੀ ਸੀ। **19**ਜੇਕਰ ਤੁਸੀਂ ਦੁਨੀਆ ਦੇ ਹੁੰਦੇ ਤਾਂ ਦੁਨੀਆ ਤੁਹਾਨੂੰ
ਆਪਣਿਆਂ ਵਾਂਗ ਪਿਆਰ ਕਰਦੀ। ਪਰ ਤੁਸੀਂ ਦੁਨੀਆ ਦੇ ਨਹੀਂ
ਹੋ ਕਿਉਂਕਿ ਮੈਂ ਤੁਹਾਨੂੰ ਇਸ ਦੁਨੀਆ ਵਿੱਚੋਂ ਚੁਣਿਆ ਹੈ, ਅਤੇ ਇਸੇ
ਕਾਰਣ ਦੁਨੀਆ ਨੇ ਤੁਹਾਨੂੰ ਨਫ਼ਰਤ ਕੀਤੀ।
**20**"ਯਾਦ ਕਰੋ ਮੈਂ ਤੁਹਾਨੂੰ ਕੀ ਕਿਹਾ ਸੀ: ਇੱਕ ਦਾਸ ਆਪਣੇ
ਮਾਲਕ ਨਾਲੋਂ ਵੱਡਾ ਨਹੀਂ ਹੁੰਦਾ। ਜੇਕਰ ਲੋਕਾਂ ਨੇ ਮੈਨੂੰ ਕਸ਼ਟ ਦਿੱਤੇ
ਹਨ, ਤਾਂ ਉਹ ਤੁਹਾਨੂੰ ਵੀ ਤਸੀਹੇ ਦੇਣਗੇ। ਜੇਕਰ ਉਨ੍ਹਾਂ ਨੇ ਮੇਰੇ
ਉਪਦੇਸ਼ ਨੂੰ ਮੰਨਿਆ ਤਾਂ ਉਹ ਤੁਹਾਡੇ ਉਪਦੇਸ਼ ਦੀ ਵੀ ਪਾਲਣਾ
ਕਰਨਗੇ। **21**ਪਰ ਇਹ ਸਭ ਕੁਝ ਮੇਰੇ ਨਾਮ ਦੇ ਕਾਰਣ ਲੋਕ ਤੁਹਾਡੇ
ਨਾਲ ਕਰਨਗੇ, ਕਿਉਂਕਿ ਉਹ ਉਸ ਨੂੰ ਨਹੀਂ ਜਾਣਦੇ ਜਿਸ ਨੇ ਮੈਨੂੰ
ਭੇਜਿਆ ਹੈ। **22**ਜੇਕਰ ਮੈਂ ਨਾ ਆਇਆ ਹੁੰਦਾ ਅਤੇ ਇਸ ਦੁਨੀਆ
ਦੇ ਲੋਕਾਂ ਨਾਲ ਗੱਲ ਨਾ ਕੀਤੀ ਹੁੰਦੀ, ਤਾਂ ਉਹ ਪਾਪਾਂ ਦੇ ਦੋਸ਼ੀ ਨਾ
ਹੁੰਦੇ। ਹੁਣ ਮੈਂ ਉਨ੍ਹਾਂ ਨੂੰ ਦੱਸ ਦਿੱਤਾ ਹੈ, ਅਤੇ ਹੁਣ ਉਨ੍ਹਾਂ ਕੋਲ ਆਪਣੇ
ਪਾਪਾਂ ਲਈ ਕੋਈ ਬਹਾਨਾ ਨਹੀਂ ਹੈ।
**23**"ਉਹ ਵਿਅਕਤੀ ਜੋ ਮੈਨੂੰ ਨਫ਼ਰਤ ਕਰਦਾ ਹੈ ਉਹ ਮੇਰੇ ਪਿਤਾ ਨੂੰ
ਵੀ ਨਫ਼ਰਤ ਕਰਦਾ ਹੈ। **24**ਉਨ੍ਹਾਂ ਵਿਚਕਾਰ ਮੈਂ ਉਹ ਕੰਮ ਕੀਤੇ ਹਨ
ਜੋ ਕਿਸੇ ਨੇ ਵੀ ਨਹੀਂ ਕੀਤੇ। ਜੇਕਰ ਮੈਂ ਉਹ ਕੰਮ ਨਾ ਕੀਤੇ ਹੁੰਦੇ ਤਾਂ
ਉਹ ਪਾਪਾਂ ਦੇ ਦੋਸ਼ੀ ਨਾ ਹੁੰਦੇ, ਪਰ ਹੁਣ ਉਨ੍ਹਾਂ ਨੇ ਇਹ ਕੰਮ ਵੇਖੇ ਹਨ
ਜੋ ਮੈਂ ਕੀਤੇ ਹਨ। ਪਰ ਹਾਲੇ ਵੀ ਉਹ ਮੈਨੂੰ, ਇੱਥੋਂ ਤੱਕ ਕਿ ਮੇਰੇ ਪਿਤਾ
ਨੂੰ ਵੀ ਨਫ਼ਰਤ ਕਰਦੇ ਹਨ। **25**ਪਰ ਇਹ ਇਸ ਲਈ ਹੋਇਆ ਹੈ
ਕਿਉਂਕਿ ਜੋ ਭਵਿੱਖਬਾਣੀ ਉਨ੍ਹਾਂ ਦੀ ਸ਼ਰਾ ਵਿੱਚ ਲਿਖੀ ਹੋਈ ਸੀ, ਪੂਰੀ
ਹੋ ਜਾਵੇ। 'ਉਨ੍ਹਾਂ ਨੇ ਬਿਨਾ ਕਾਰਣ ਮੈਨੂੰ ਨਫ਼ਰਤ ਕੀਤੀ।'[a]
**26**"ਮੈਂ ਤੁਹਾਨੂੰ ਪਿਤਾ ਵੱਲੋਂ ਸਹਾਇਕ ਭੇਜਾਂਗਾ। ਉਹ ਸਹਾਇਕ
ਸੱਚਾਈ ਦਾ ਆਤਮਾ ਹੈ ਜੋ ਪਿਤਾ ਤੋਂ ਆਉਂਦਾ ਹੈ। ਜਦੋਂ ਉਹ ਆਵੇਗਾ
ਤਾਂ ਉਹ ਮੇਰੇ ਪੱਖ ਵਿੱਚ ਗਵਾਹੀ ਦੇਵੇਗਾ, **27**ਅਤੇ ਤੁਸੀਂ ਵੀ ਲੋਕਾਂ ਨੂੰ
ਮੇਰੇ ਬਾਰੇ ਗਵਾਹੀ ਦਿਓਗੇ ਕਿਉਂਕਿ ਤੁਸੀਂ ਮੁੱਢ ਤੋਂ ਮੇਰੇ ਨਾਲ ਸੀ।

**16** **1**"ਮੈਂ ਤੁਹਾਨੂੰ ਇਹ ਗੱਲਾਂ ਇਸ ਲਈ ਦੱਸੀਆਂ ਹਨ ਤਾਂ
ਜੋ ਤੁਹਾਡਾ ਵਿਸ਼ਵਾਸ ਦ੍ਰਿੜ ਰਹਿ ਸਕੇ। **2**ਲੋਕ ਤੁਹਾਨੂੰ
ਯਹੂਦੀ ਮੰਦਰਾਂ ਤੋਂ ਬਾਹਰ ਕੱਢਣਗੇ। ਹਾਂ, ਵਕਤ ਆ ਰਿਹਾ ਹੈ ਜਦੋਂ
ਲੋਕ ਇਹ ਸੋਚਣਗੇ ਕਿ ਤੁਹਾਨੂੰ ਮਾਰ ਦੇਣਾ ਹੀ ਪਰਮੇਸ਼ੁਰ ਦੀ ਸੇਵਾ
ਹੈ। **3**ਉਹ ਇਹ ਗੱਲਾਂ ਇਸ ਲਈ ਕਰਨਗੇ ਕਿਉਂਕਿ ਉਨ੍ਹਾਂ ਨਾ ਪਿਤਾ
ਨੂੰ, ਨਾ ਮੈਨੂੰ ਜਾਣਿਆ। **4**ਮੈਂ ਤੁਹਾਨੂੰ ਇਹ ਸਭ ਗੱਲਾਂ ਹੁਣ ਕਹੀਆਂ
ਹਨ, ਤਾਂ ਜੋ ਜਦੋਂ ਇਨ੍ਹਾਂ ਗੱਲਾਂ ਦੇ ਪੂਰਣ ਹੋਣ ਦਾ ਸਮਾਂ ਆਵੇ ਤਾਂ ਤੁਸੀਂ
ਯਾਦ ਕਰੋ ਕਿ ਮੈਂ ਤੁਹਾਨੂੰ ਇਨ੍ਹਾਂ ਗੱਲਾਂ ਬਾਰੇ ਚੇਤਾਵਨੀ ਦਿੱਤੀ ਸੀ।

## ਪਵਿੱਤਰ ਆਤਮਾ ਦੇ ਕੰਮ

"ਇਹ ਗੱਲਾਂ ਮੈਂ ਤੁਹਾਨੂੰ ਮੁੱਢੋਂ ਹੀ ਨਹੀਂ ਸੀ ਦੱਸੀਆਂ ਕਿਉਂਕਿ ਮੈਂ
ਤੁਹਾਡੇ ਨਾਲ ਸੀ। **5**ਪਰ ਹੁਣ ਮੈਂ ਉਸ ਕੋਲ ਜਾ ਰਿਹਾ ਹਾਂ ਜਿਸ ਨੇ
ਮੈਨੂੰ ਘੱਲਿਆ ਸੀ ਪਰ ਤੁਹਾਡੇ ਵਿੱਚੋਂ ਕੋਈ ਮੈਨੂੰ ਨਹੀਂ ਪੁੱਛਦਾ ਕਿ ਤੂੰ
ਕਿੱਥੇ ਜਾ ਰਿਹਾ ਹੈਂ। **6**ਤੁਹਾਡੇ ਦਿਲ ਦੁੱਖ ਨਾਲ ਭਰਪੂਰ ਹਨ ਕਿਉਂਕਿ
ਮੈਂ ਤੁਹਾਨੂੰ ਅਜਿਹੀਆਂ ਗੱਲਾਂ ਦੱਸੀਆਂ ਹਨ। **7**ਪਰ ਮੈਂ ਤੁਹਾਨੂੰ ਸੱਚ
ਆਖਦਾ ਹਾਂ ਕਿ ਮੇਰਾ ਜਾਣਾ ਹੀ ਤੁਹਾਡੇ ਲਈ ਚੰਗਾ ਹੈ, ਕਿਉਂਕਿ
ਜਦੋਂ ਮੈਂ ਚਲਾ ਜਾਵਾਂਗਾ ਤਾਂ ਮੈਂ ਤੁਹਾਡੇ ਲਈ ਸਹਾਇਕ ਭੇਜਾਂਗਾ।
ਪਰ ਜੇਕਰ ਮੈਂ ਨਾ ਜਾਵਾਂ, ਤਾਂ ਸਹਾਇਕ ਤੁਹਾਡੇ ਕੋਲ ਨਹੀਂ ਆਵੇਗਾ।
**8**"ਜਦੋਂ ਸਹਾਇਕ ਆਵੇਗਾ ਤਾਂ ਉਹ ਇਸ ਦੁਨੀਆ ਦੇ ਲੋਕਾਂ
ਨੂੰ ਸਾਬਤ ਕਰੇਗਾ ਕਿ ਉਹ ਪਾਪ, ਧਾਰਮਿਕਤਾ ਅਤੇ ਨਿਆਂ ਬਾਰੇ
ਗਲਤ ਹਨ। **9**ਕਿਉਂਕਿ ਉਹ ਮੇਰੇ ਵਿੱਚ ਵਿਸ਼ਵਾਸ ਨਹੀਂ ਰੱਖਦੇ।
ਉਹ ਸਹਾਇਕ ਸਾਬਤ ਕਰੇਗਾ ਕਿ ਲੋਕ ਪਾਪ ਦੇ ਸੰਬੰਧ ਵਿੱਚ ਦੋਸ਼ੀ
ਹਨ। **10**ਉਹ ਉਨ੍ਹਾਂ ਨੂੰ ਧਾਰਮਿਕਤਾ ਦੇ ਸੰਬੰਧ ਵਿੱਚ ਗਲਤ ਸਾਬਤ
ਕਰੇਗਾ। ਕਿਉਂਕਿ ਮੈਂ ਵਾਪਸ ਆਪਣੇ ਪਿਤਾ ਕੋਲ ਜਾ ਰਿਹਾ ਹਾਂ, ਫੇਰ
ਤੁਸੀਂ ਮੈਨੂੰ ਵਧੇਰੇ ਨਹੀਂ ਵੇਖ ਸਕੋਗੇ। **11**ਸਹਾਇਕ ਇਸ ਦੁਨੀਆ
ਦੇ ਲੋਕਾਂ ਨੂੰ ਨਿਆਂ ਦੇ ਸੰਬੰਧ ਵਿੱਚ ਗਲਤ ਸਾਬਤ ਕਰੇਗਾ, ਕਿਉਂਕਿ
ਇਸ ਦੁਨੀਆ ਦੇ ਹਾਕਮ (ਸ਼ਤਾਨ) ਦਾ ਨਿਆਂ ਪਹਿਲਾਂ ਹੀ ਹੋ ਚੁੱਕਾ
ਹੈ।

[a] *15:25* '**ਉਨ੍ਹਾਂ ਨੇ...ਨਫ਼ਰਤ ਕੀਤੀ**' ਉਹ ਸ਼ਬਦ ਜ਼ਬੂਰ 35:19 ਜਾਂ ਜ਼ਬੂਰ 69:4 ਵਿੱਚੋਂ ਹੋ ਸਕਦੇ ਹਨ।

12"ਮੇਰੇ ਕੋਲ ਤੁਹਾਨੂੰ ਦੱਸਣ ਲਈ ਹੋਰ ਵੀ ਬਹੁਤ ਕੁਝ ਹੈ, ਪਰ
ਇਸ ਵੇਲੇ ਤੁਹਾਡੇ ਲਈ ਉਸ ਨੂੰ ਸਵੀਕਾਰ ਕਰਨਾ ਮੁਸ਼ਕਲ ਹੈ।
13ਪਰ ਜਦੋਂ ਸੱਚਾਈ ਦਾ ਆਤਮਾ ਆਵੇਗਾ ਤਾਂ ਉਹ ਸਾਰੀ ਸੱਚਾਈ
ਵਿੱਚ ਤੁਹਾਡੀ ਅਗਵਾਈ ਕਰੇਗਾ। ਆਤਮਾ ਆਪਣੇ ਸ਼ਬਦ ਨਹੀਂ
ਬੋਲੇਗਾ। ਉਹ ਉਹੀ ਦੱਸੇਗਾ ਜੋ ਉਹ ਸੁਣਦਾ ਹੈ ਅਤੇ ਉਹ ਤੁਹਾਨੂੰ
ਦੱਸੇਗਾ ਕਿ ਕੀ ਵਾਪਰੇਗਾ। 14ਸੱਚਾਈ ਦਾ ਆਤਮਾ ਮੈਨੂੰ ਮਹਿਮਾ
ਦੇਵੇਗਾ। ਕਿਵੇਂ? ਉਹ ਮੇਰੇ ਕੋਲੋਂ ਗੱਲਾਂ ਲੈ ਕੇ ਤੁਹਾਡੇ ਉੱਤੇ ਪਰਗਟ
ਕਰੇਗਾ। 15ਉਹ ਸਭ ਕੁਝ ਜੋ ਪਿਤਾ ਨਾਲ ਸੰਬੰਧਤ ਹੈ, ਮੇਰਾ ਹੈ।
ਇਹੀ ਕਾਰਣ ਹੈ ਕਿ ਮੈਂ ਤੁਹਾਨੂੰ ਕਿਹਾ ਹੈ ਕਿ ਆਤਮਾ ਮੇਰੇ ਕੋਲੋਂ ਗੱਲਾਂ
ਲਵੇਗਾ ਅਤੇ ਉਨ੍ਹਾਂ ਨੂੰ ਤੁਹਾਡੇ ਅੱਗੇ ਪਰਗਟ ਕਰੇਗਾ।

### ਉਦਾਸੀ ਖੁਸ਼ੀ ਵਿੱਚ ਬਦਲੀ ਜਾਵੇਗੀ

16"ਥੋੜੀ ਦੇਰ ਬਾਅਦ ਤੁਸੀਂ ਮੈਨੂੰ ਨਹੀਂ ਵੇਖੋਗੇ। ਉਸ ਤੋਂ ਕੁਝ ਦੇਰ
ਬਾਅਦ ਤੁਸੀਂ ਮੈਨੂੰ ਫੇਰ ਵੇਖੋਗੇ।"
17ਕੁਝ ਚੇਲਿਆਂ ਨੇ ਆਪਸ ਵਿੱਚ ਕਿਹਾ, "ਯਿਸੂ ਦਾ ਇਸ ਤੋਂ ਕੀ
ਭਾਵ ਹੈ ਜਦੋਂ ਉਹ ਕਹਿੰਦਾ ਕਿ, 'ਕੁਝ ਦੇਰ ਲਈ ਤੁਸੀਂ ਮੈਨੂੰ ਨਹੀਂ
ਵੇਖੋਗੇ ਅਤੇ ਕੁਝ ਦੇਰ ਬਾਅਦ ਫੇਰ ਤੁਸੀਂ ਮੈਨੂੰ ਵੇਖੋਗੇ?' ਅਤੇ ਇਸ
ਤੋਂ ਕੀ ਭਾਵ ਹੈ ਜਦੋਂ ਉਹ ਕਹਿੰਦਾ, 'ਕਿਉਂਕਿ ਮੈਂ ਆਪਣੇ ਪਿਤਾ ਕੋਲ
ਜਾ ਰਿਹਾ ਹਾਂ?'" 18ਉਨ੍ਹਾਂ ਨੇ ਪੁੱਛਿਆ, "'ਥੋੜੀ ਦੇਰ' ਤੋਂ ਉਸ ਦਾ
ਕੀ ਭਾਵ ਹੈ? ਜੋ ਉਹ (ਯਿਸੂ) ਆਖਦਾ ਹੈ ਅਸੀਂ ਨਹੀਂ ਸਮਝੇ।"
19ਯਿਸੂ ਨੇ ਵੇਖਿਆ ਕਿ ਚੇਲੇ ਉਸ ਨੂੰ ਇਸ ਬਾਬਤ ਕੁਝ ਪੁੱਛਣਾ
ਚਾਹੁੰਦੇ ਹਨ ਤਾਂ ਯਿਸੂ ਨੇ ਚੇਲਿਆਂ ਨੂੰ ਆਖਿਆ, "ਕੀ ਤੁਸੀਂ ਮੈਨੂੰ
ਇਸ ਬਾਰੇ ਪੁੱਛ ਰਹੇ ਹੋ ਜੋ ਮੈਂ ਆਖਿਆ ਕਿ, 'ਥੋੜੀ ਬਾਅਦ, ਤੁਸੀਂ
ਮੈਨੂੰ ਨਹੀਂ ਵੇਖੋਗੇ ਅਤੇ ਥੋੜੇ ਜਿਹੇ ਚਿਰ ਬਾਅਦ ਤੁਸੀਂ ਮੈਨੂੰ ਫੇਰ
ਵੇਖੋਗੇ?' 20ਮੈਂ ਤੁਹਾਨੂੰ ਸੱਚ ਦੱਸ ਰਿਹਾ ਹਾਂ ਕਿ ਤੁਸੀਂ ਰੋਵੋਗੇ ਅਤੇ
ਉਦਾਸ ਹੋਵੋਗੇ ਪਰ ਦੁਨੀਆ ਖੁਸ਼ ਹੋਵੇਗੀ। ਤੁਸੀਂ ਉਦਾਸ ਹੋਵੋਗੇ
ਪਰ ਤੁਹਾਡੀ ਉਦਾਸੀ ਖੁਸ਼ੀ ਵਿੱਚ ਬਦਲ ਜਾਵੇਗੀ।
21"ਜਦੋਂ ਇੱਕ ਔਰਤ ਬੱਚੇ ਨੂੰ ਜਨਮ ਦਿੰਦੀ ਹੈ, ਉਹ ਦਰਦ
ਮਹਿਸੂਸ ਕਰਦੀ ਹੈ ਕਿਉਂਕਿ ਉਸ ਦਾ ਬੱਚੇ ਨੂੰ ਜਨਮ ਦੇਣ ਦਾ ਸਮਾਂ
ਆ ਚੁੱਕਾ ਹੈ। ਪਰ ਬੱਚੇ ਨੂੰ ਜਨਮ ਦੇਣ ਤੋਂ ਬਾਅਦ ਉਹ ਇਸ ਖੁਸ਼ੀ
ਕਾਰਣ ਕਿ ਇਸ ਦੁਨੀਆ ਵਿੱਚ ਇੱਕ ਨਵਾਂ ਬਾਲਕ ਜਨਮਿਆ
ਹੈ, ਸਾਰੀਆਂ ਪੀੜਾਂ ਭੁੱਲ ਜਾਂਦੀ ਹੈ। 22ਤੁਹਾਡੇ ਨਾਲ ਵੀ ਇਵੇਂ ਹੀ
ਹੈ। ਹੁਣ ਤੁਸੀਂ ਉਦਾਸ ਹੋ, ਪਰ ਜਦੋਂ ਮੈਂ ਤੁਹਾਨੂੰ ਫੇਰ ਵੇਖਾਂਗਾ ਤਾਂ
ਤੁਸੀਂ ਖੁਸ਼ ਹੋਵੋਗੇ ਅਤੇ ਉਹ ਖੁਸ਼ੀ ਤੁਹਾਥੋਂ ਕੋਈ ਨਹੀਂ ਖੋਹ ਸਕਦਾ,
23ਅਤੇ ਉਸ ਦਿਨ ਤੁਸੀਂ ਮੇਰੇ ਤੋਂ ਕੋਈ ਸਵਾਲ ਨਹੀਂ ਕਰੋਗੇ। ਮੈਂ
ਤੁਹਾਨੂੰ ਸੱਚ ਕਹਿੰਦਾ ਹਾਂ ਕਿ ਜੋ ਕੁਝ ਵੀ ਤੁਸੀਂ ਪਿਤਾ ਤੋਂ ਮੇਰੇ ਨਾਂ ਤੇ
ਮੰਗੋਗੇ ਉਹ ਤੁਹਾਨੂੰ ਦੇਵੇਗਾ। 24ਅਜੇ ਤੱਕ ਤੁਸੀਂ ਮੇਰੇ ਨਾਂ ਵਿੱਚ
ਕੁਝ ਨਹੀਂ ਮੰਗਿਆ। ਮੰਗੋ ਤਾਂ ਤੁਹਾਨੂੰ ਮਿਲੇਗਾ ਅਤੇ ਤੁਹਾਡੀ ਖੁਸ਼ੀ
ਭਰਪੂਰ ਹੋਵੇਗੀ।

### ਜਗਤ ਉੱਤੇ ਤੁਹਾਡੀ ਜਿੱਤ

25"ਮੈਂ ਤੁਹਾਨੂੰ ਇਹ ਗੱਲਾਂ ਦੱਸਣ ਲਈ ਸੰਕੇਤਕ ਭਾਸ਼ਾ ਇਸਤੇਮਾਲ
ਕੀਤੀ ਹੈ। ਪਰ ਉਹ ਸਮਾਂ ਆਵੇਗਾ ਜਦ ਮੈਂ ਤੁਹਾਨੂੰ ਕੁਝ ਵੀ ਦੱਸਣ
ਲਈ ਸੰਕੇਤਕ ਟਿੱਪਣੀ ਦਾ[a] ਇਸਤੇਮਾਲ ਨਹੀਂ ਕਰਾਂਗਾ। ਸਗੋਂ ਮੈਂ
ਤੁਹਾਨੂੰ ਆਪਣੇ ਪਿਤਾ ਬਾਰੇ ਬੜੇ ਸਪੱਸ਼ਟ ਸ਼ਬਦਾਂ ਵਿੱਚ ਦੱਸਾਂਗਾ।
26ਉਸ ਦਿਨ ਤੁਸੀਂ ਮੇਰੇ ਨਾਂ ਵਿੱਚ ਮੰਗੋਗੇ ਅਤੇ ਮੈਂ ਤੁਹਾਨੂੰ ਕਹਿੰਦਾ
ਹਾਂ ਕਿ ਮੇਰੇ ਲਈ ਇਹ ਜ਼ਰੂਰੀ ਨਹੀਂ ਹੋਵੇਗਾ ਕਿ ਮੈਂ ਤੁਹਾਡੇ ਲਈ
ਪਿਤਾ ਅੱਗੇ ਬੇਨਤੀ ਕਰਾਂ। 27ਨਹੀਂ, ਪਿਤਾ ਆਪਣੇ ਆਪ ਹੀ ਤੁਹਾਨੂੰ
ਪਿਆਰ ਕਰਦਾ ਹੈ, ਕਿਉਂਕਿ ਤੁਸੀਂ ਮੈਨੂੰ ਪਿਆਰ ਕੀਤਾ ਹੈ। ਉਹ
ਤੁਹਾਨੂੰ ਵੀ ਪਿਆਰ ਕਰਦਾ ਹੈ, ਕਿਉਂਕਿ ਤੁਸੀਂ ਵਿਸ਼ਵਾਸ ਕਰਦੇ ਹੋ
ਕਿ ਮੈਂ ਪਰਮੇਸ਼ੁਰ ਵੱਲੋਂ ਆਇਆ ਹਾਂ। 28ਮੈਂ ਪਿਤਾ ਵੱਲੋਂ ਇਸ ਜਗਤ
ਵਿੱਚ ਆਇਆ ਹਾਂ ਅਤੇ ਹੁਣ ਮੈਂ ਇਹ ਦੁਨੀਆ ਛੱਡ ਕੇ ਆਪਣੇ
ਪਿਤਾ ਕੋਲ ਵਾਪਸ ਜਾ ਰਿਹਾ ਹਾਂ।"
29ਤਦ ਯਿਸੂ ਦੇ ਚੇਲਿਆਂ ਨੇ ਆਖਿਆ, "ਵੇਖ, ਹੁਣ ਤੂੰ ਸਪੱਸ਼ਟ
ਬੋਲ ਰਿਹਾ ਹੈਂ ਅਤੇ ਤੂੰ ਸੰਕੇਤਕ ਟਿੱਪਣੀ ਇਸਤੇਮਾਲ ਨਹੀਂ ਕਰ
ਰਿਹਾ। 30ਹੁਣ ਅਸੀਂ ਜਾਣਦੇ ਹਾਂ ਕਿ ਤੈਨੂੰ ਸਭ ਕੁਝ ਪਤਾ ਹੈ, ਤੂੰ ਕਿਸੇ
ਦੇ ਸਵਾਲ ਕੀਤੇ ਬਗੈਰ ਹੀ ਜਵਾਬ ਦੇ ਸਕਦਾ ਹੈਂ। ਇਸੇ ਲਈ, ਸਾਨੂੰ
ਵਿਸ਼ਵਾਸ ਹੈ ਕਿ ਤੂੰ ਪਰਮੇਸ਼ੁਰ ਵੱਲੋਂ ਆਇਆ ਹੈਂ।"
31ਯਿਸੂ ਨੇ ਆਖਿਆ, "ਤਾਂ ਕੀ ਹੁਣ ਤੁਸੀਂ ਵਿਸ਼ਵਾਸ ਕਰਦੇ ਹੋ?
32ਧਿਆਨ ਨਾਲ ਸੁਣੋ, ਇੱਕ ਸਮਾਂ ਆਵੇਗਾ ਜਦੋਂ ਤੁਸੀਂ ਸਭ ਖਿੰਡ
ਜਾਓਗੇ ਅਤੇ ਆਪਣੇ ਘਰੀਂ ਮੁੜ ਜਾਓਗੇ ਅਤੇ ਤੁਸੀਂ ਮੈਨੂੰ ਇਕੱਲਾ
ਛੱਡ ਦਿਓਗੇ। ਉਹ ਸਮਾਂ ਹੁਣ ਆ ਹੀ ਚੁੱਕਿਆ ਹੈ। ਪਰ ਤਾਂ ਵੀ ਮੈਂ
ਇਕੱਲਾ ਨਹੀਂ ਹੋਵਾਂਗਾ, ਕਿਉਂਕਿ ਪਿਤਾ ਮੇਰੇ ਨਾਲ ਹੈ।
33"ਮੈਂ ਇਹ ਗੱਲਾਂ ਤੁਹਾਨੂੰ ਇਸ ਲਈ ਆਖੀਆਂ ਹਨ ਤਾਂ ਜੋ
ਤੁਸੀਂ ਮੇਰੇ ਰਾਹੀਂ ਸ਼ਾਂਤੀ ਪਾ ਸਕੋ। ਇਸ ਦੁਨੀਆ ਵਿੱਚ ਤੁਸੀਂ ਕਸ਼ਟ
ਝੱਲੋਗੇ, ਪਰ ਹੌਸਲਾ ਰੱਖੋ ਮੈਂ ਜਗਤ ਨੂੰ ਜਿੱਤ ਲਿਆ ਹੈ।"

### ਯਿਸੂ ਦਾ ਆਪਣੇ ਚੇਲਿਆਂ ਲਈ ਪ੍ਰਾਰਥਨਾ ਕਰਨਾ

**17** 1ਇਹ ਸਾਰੀਆਂ ਗੱਲਾਂ ਆਖ ਕੇ ਯਿਸੂ ਨੇ ਅਕਾਸ਼ ਵੱਲ
ਤੱਕਿਆ ਅਤੇ ਪ੍ਰਾਰਥਨਾ ਕੀਤੀ, "ਹੇ ਪਿਤਾ, ਸਮਾਂ ਆ
ਗਿਆ ਹੈ। ਆਪਣੇ ਪੁੱਤਰ ਨੂੰ ਮਹਿਮਾ ਦੇ ਤਾਂ ਜੋ ਪੁੱਤਰ ਤੈਨੂੰ ਮਹਿਮਾ
ਦੇ ਸਕੇ। 2ਤੂੰ ਪੁੱਤਰ ਨੂੰ ਸਾਰੇ ਲੋਕਾਂ ਉੱਪਰ ਅਧਿਕਾਰ ਦਿੱਤਾ ਤਾਂ ਜੋ
ਉਹ ਉਨ੍ਹਾਂ ਸਭਨਾਂ ਨੂੰ ਜੋ ਤੇਰੇ ਦੁਆਰਾ ਉਸ ਨੂੰ ਦਿੱਤੇ ਗਏ ਹਨ,
ਸਦੀਪਕ ਜੀਵਨ ਦੇਵੇ। 3ਸਦੀਪਕ ਜੀਵਨ ਇਹ ਹੈ ਕਿ: ਉਹ ਸੱਚੇ
ਪਰਮੇਸ਼ੁਰ ਅਤੇ ਯਿਸੂ ਮਸੀਹ ਨੂੰ ਜਿਸ ਨੂੰ ਤੂੰ ਭੇਜਿਆ ਹੈ, ਜਾਣਨ।
4ਮੈਂ ਉਹ ਕੰਮ ਪੂਰਾ ਕਰ ਦਿੱਤਾ ਹੈ ਜੋ ਤੂੰ ਮੈਨੂੰ ਕਰਨ ਲਈ ਕਿਹਾ
ਅਤੇ ਮੈਂ ਤੈਨੂੰ ਧਰਤੀ ਉੱਤੇ ਮਹਿਮਾਮਈ ਕੀਤਾ ਹੈ। 5ਹੇ ਪਿਤਾ, ਹੁਣ
ਤੂੰ ਆਪਣੀ ਹਜ਼ੂਰੀ ਵਿੱਚ ਮੈਨੂੰ ਮਹਿਮਾਮਈ ਕਰ। ਉਸ ਮਹਿਮਾ ਨਾਲ
ਜਿਹੜੀ ਇਸ ਦੁਨੀਆ ਦੀ ਸਿਰਜਣਾ ਤੋਂ ਪਹਿਲਾਂ ਮੇਰੇ ਕੋਲ ਸੀ।
6"ਤੂੰ ਮੈਨੂੰ ਇਸ ਵਿੱਚੋਂ ਕੁਝ ਮਨੁੱਖ ਦਿੱਤੇ ਤੇ ਮੈਂ ਉਨ੍ਹਾਂ ਨੂੰ ਤੇਰੇ
ਬਾਰੇ ਦੱਸਿਆ ਕਿ ਤੂੰ ਕੌਣ ਹੈਂ। ਉਹ ਤੇਰੇ ਨਾਲ ਸੰਬੰਧਤ ਹਨ, ਪਰ
ਤੂੰ ਉਨ੍ਹਾਂ ਨੂੰ ਮੈਨੂੰ ਦਿੱਤਾ ਅਤੇ ਉਨ੍ਹਾਂ ਤੇਰੇ ਬਚਨਾਂ ਦੀ ਪਾਲਣਾ ਕੀਤੀ।
7ਹੁਣ ਉਹ ਜਾਣਦੇ ਹਨ ਕਿ ਜੋ ਕੁਝ ਵੀ ਤੂੰ ਮੈਨੂੰ ਬਖਸ਼ਿਆ ਹੈ, ਤੈਥੋਂ
ਹੀ ਆਇਆ ਹੈ। 8ਮੈਂ ਉਨ੍ਹਾਂ ਨੂੰ ਉਹ ਉਪਦੇਸ਼ ਦਿੱਤੇ ਜੋ ਤੂੰ ਮੈਨੂੰ
ਦਿੱਤੇ ਹਨ ਅਤੇ ਉਨ੍ਹਾਂ ਨੇ ਉਹ ਕਬੂਲ ਕੀਤੇ। ਉਨ੍ਹਾਂ ਨੇ ਸੱਚਮੁੱਚ ਇਹ
ਨਿਹਚਾ ਕੀਤੀ ਕਿ ਉਹ ਉਪਦੇਸ਼ ਤੇਰੇ ਤੋਂ ਆਏ ਹਨ ਅਤੇ ਉਨ੍ਹਾਂ ਨੇ
ਵਿਸ਼ਵਾਸ ਕੀਤਾ ਕਿ ਤੂੰ ਹੀ ਮੈਨੂੰ ਭੇਜਿਆ ਹੈ। 9ਹੁਣ ਮੈਂ ਉਨ੍ਹਾਂ ਲਈ
ਪ੍ਰਾਰਥਨਾ ਕਰਦਾ ਹਾਂ। ਮੈਂ ਜਗਤ ਦੇ ਲੋਕਾਂ ਲਈ ਪ੍ਰਾਰਥਨਾ ਨਹੀਂ ਕਰ
ਰਿਹਾ, ਸਗੋਂ ਉਨ੍ਹਾਂ ਲਈ ਪ੍ਰਾਰਥਨਾ ਕਰ ਰਿਹਾ ਹਾਂ ਜੋ ਤੂੰ ਮੈਨੂੰ ਦਿੱਤੇ
ਹਨ ਕਿਉਂਕਿ ਉਹ ਤੇਰੇ ਹੀ ਹਨ। 10ਜੋ ਕੁਝ ਵੀ ਮੇਰੇ ਕੋਲ ਹੈ ਸਭ
ਤੇਰਾ ਹੈ, ਅਤੇ ਜੋ ਕੁਝ ਤੇਰਾ ਹੈ ਸੋ ਮੇਰਾ ਹੈ। ਅਤੇ ਮੈਂ ਉਨ੍ਹਾਂ ਰਾਹੀਂ
ਮਹਿਮਾਮਈ ਹੋਇਆ ਹਾਂ।

[a] *16:25* **ਸੰਕੇਤਕ ਭਾਸ਼ਾ...ਸੰਕੇਤਕ ਟਿੱਪਣੀ ਦਾ** ਕਿਸੇ ਵੀ ਗੱਲ ਨੂੰ ਬੁਝਾਰਤਾਂ ਵਿੱਚ ਆਖਣਾ।

11“ਹੁਣ ਮੈਂ ਤੇਰੇ ਕੋਲ ਆ ਰਿਹਾ ਹਾਂ, ਹੁਣ ਮੈਂ ਇਸ ਜਗਤ ਵਿੱਚ
ਨਹੀਂ ਰੁਕਣਾ ਪਰ ਇਹ ਮਨੁੱਖ ਅਜੇ ਇੱਥੇ ਹੀ ਹਨ। ਪਵਿੱਤਰ
ਪਿਤਾ! ਇਨ੍ਹਾਂ ਦੀ ਰੱਖਿਆ ਕਰੀਂ। ਆਪਣੇ ਨਾਂ ਦੀ ਸ਼ਕਤੀ ਨਾਲ
ਜੋ ਤੂੰ ਮੈਨੂੰ ਦਿੱਤਾ, ਉਨ੍ਹਾਂ ਦੀ ਰੱਖਿਆ ਕਰੀਂ। ਤਾਂ ਜੋ ਉਹ ਇੱਕਮੁੱਠ
ਰਹਿ ਸਕਣ, ਜਿਵੇਂ ਤੂੰ ਅਤੇ ਮੈਂ ਹਾਂ। 12ਜਦੋਂ ਮੈਂ ਉਨ੍ਹਾਂ ਨਾਲ ਸੀ, ਮੈਂ
ਉਨ੍ਹਾਂ ਨੂੰ ਸੁਰੱਖਿਅਤ ਰੱਖਿਆ। ਮੈਂ ਉਨ੍ਹਾਂ ਨੂੰ ਤੇਰੇ ਨਾਮ ਦੀ ਸ਼ਕਤੀ
ਦੁਆਰਾ ਸੁਰੱਖਿਅਤ ਰੱਖਿਆ। ਤੇਰੇ ਦਿੱਤੇ ਹੋਏ ਨਾਂ ਦੁਆਰਾ ਮੈਂ
ਉਨ੍ਹਾਂ ਦੀ ਰੱਖਿਆ ਕੀਤੀ। ਉਨ੍ਹਾਂ ਵਿੱਚੋਂ ਕੋਈ ਵੀ ਨਹੀਂ ਗੁਆਚਿਆ,
ਉਸ ਇੱਕ ਤੋਂ ਇਲਾਵਾ ਜਿਹੜਾ ਤਬਾਹੀ ਨੂੰ ਸੌਂਪਿਆ ਗਿਆ ਸੀ।
ਉਹ ਗੁਆਚ ਗਿਆ, ਕਿਉਂਕਿ ਪੋਥੀ ਵਿੱਚ ਇਉਂ ਵਾਪਰਨ ਬਾਰੇ
ਲਿਖਿਆ ਸੀ।



13“ਹੁਣ ਮੈਂ ਤੇਰੇ ਕੋਲ ਆ ਰਿਹਾ ਹਾਂ। ਮੈਂ ਇਨ੍ਹਾਂ ਗੱਲਾਂ ਲਈ ਇਸ
ਵਾਸਤੇ ਪ੍ਰਾਰਥਨਾ ਕਰ ਰਿਹਾ ਹਾਂ ਜਦ ਕਿ ਅਜੇ ਮੈਂ ਇਸ ਦੁਨੀਆ
ਵਿੱਚ ਹੀ ਹਾਂ, ਤਾਂ ਜੋ ਉਹ ਆਪਣੇ ਅੰਦਰ ਮੇਰੀ ਪੂਰੀ ਖੁਸ਼ੀ ਰੱਖ
ਸਕਣ। 14ਮੈਂ ਉਨ੍ਹਾਂ ਨੂੰ ਤੇਰਾ ਉਪਦੇਸ਼ ਦਿੱਤਾ ਹੈ ਅਤੇ ਦੁਨੀਆ
ਨੇ ਇਨ੍ਹਾਂ ਆਦਮੀਆਂ ਨੂੰ ਨਫ਼ਰਤ ਕੀਤੀ ਹੈ। ਜਿਵੇਂ ਕਿ ਮੈਂ ਇਸ
ਦੁਨੀਆ ਦਾ ਨਹੀਂ ਹਾਂ, ਉਹ ਵੀ ਇਸ ਦੁਨੀਆ ਨਾਲ ਸੰਬੰਧਤ ਨਹੀਂ
ਹਨ।

15“ਮੈਂ ਤੈਥੋਂ ਇਹ ਨਹੀਂ ਮੰਗਦਾ ਕਿ ਤੂੰ ਉਨ੍ਹਾਂ ਨੂੰ ਇਸ ਜਗਤ ਤੋਂ
ਬਾਹਰ ਕੱਢ ਲਵੇਂ, ਪਰ ਮੈਂ ਤੇਰੇ ਕੋਲੋਂ ਦੁਸ਼ਟ ਤੋਂ ਉਨ੍ਹਾਂ ਦੀ ਰੱਖਿਆ
ਕਰਨ ਦੀ ਮੰਗ ਕਰਦਾ ਹਾਂ। 16ਉਹ ਵੀ ਇਸ ਦੁਨੀਆ ਨਾਲ
ਸੰਬੰਧਤ ਨਹੀਂ ਹਨ ਜਿਵੇਂ ਕਿ ਮੈਂ ਇਸ ਦੁਨੀਆ ਨਾਲ ਸੰਬੰਧਤ ਨਹੀਂ
ਹਾਂ। 17ਉਨ੍ਹਾਂ ਨੂੰ ਸੱਚ ਦੁਆਰਾ ਆਪਣੀ ਸੇਵਾ ਲਈ ਤਿਆਰ ਕਰ।
ਤੇਰੀਆਂ ਸਿੱਖਿਆਵਾਂ ਸੱਚ ਹਨ। 18ਜਿਵੇਂ ਕਿ ਤੂੰ ਮੈਨੂੰ ਦੁਨੀਆ ਵਿੱਚ
ਭੇਜਿਆ ਹੈ, ਮੈਂ ਵੀ ਉਨ੍ਹਾਂ ਨੂੰ ਦੁਨੀਆ ਵਿੱਚ ਭੇਜਿਆ ਹੈ। 19ਮੈਂ ਸੇਵਾ
ਕਰਨ ਲਈ ਆਪਣੇ ਆਪ ਨੂੰ ਤਿਆਰ ਕੀਤਾ ਹੈ, ਤਾਂ ਜੋ ਉਹ ਵੀ
ਆਪਣੇ ਆਪ ਨੂੰ ਸੇਵਾ ਲਈ ਸੱਚਮੁੱਚ ਤਿਆਰ ਕਰ ਸਕਣ।

20“ਮੈਂ ਇਨ੍ਹਾਂ ਮਨੁੱਖਾਂ ਲਈ ਪ੍ਰਾਰਥਨਾ ਕਰਦਾ ਹਾਂ ਅਤੇ ਮੈਂ
ਉਨ੍ਹਾਂ ਸਾਰੇ ਲੋਕਾਂ ਲਈ ਵੀ ਪ੍ਰਾਰਥਨਾ ਕਰਦਾ ਹਾਂ ਜੋ ਇਨ੍ਹਾਂ ਲੋਕਾਂ
ਦੀਆਂ ਸਿੱਖਿਆਵਾਂ ਸਦਕਾ ਮੇਰੇ ਉੱਤੇ ਨਿਹਚਾ ਕਰਨਗੇ। 21ਪਿਤਾ,
ਮੈਂ ਪ੍ਰਾਰਥਨਾ ਕਰਦਾ ਹਾਂ ਕਿ ਲੋਕ ਮੇਰੇ ਉੱਤੇ ਨਿਹਚਾ ਕਰਨ। ਉਹ
ਇੱਕਜੁਟ ਹੋ ਕੇ ਰਹਿਣ। ਤੂੰ ਮੇਰੇ ਵਿੱਚ ਹੈਂ ਤੇ ਮੈਂ ਤੇਰੇ ਵਿੱਚ ਅਤੇ
ਮੈਂ ਪ੍ਰਾਰਥਨਾ ਕਰਦਾ ਹਾਂ ਕਿ ਇਹ ਲੋਕ ਵੀ ਸਾਡੇ ਵਿੱਚ ਇੱਕ ਹੋ ਕੇ
ਰਹਿਣ। ਇਸ ਤਰ੍ਹਾਂ ਦੁਨੀਆ ਵਿਸ਼ਵਾਸ ਕਰੇਗੀ ਕਿ ਤੂੰ ਮੈਨੂੰ ਭੇਜਿਆ
ਹੈ। 22ਮੈਂ ਉਨ੍ਹਾਂ ਨੂੰ ਉਹ ਮਹਿਮਾ ਦਿੱਤੀ ਹੈ ਜੋ ਤੂੰ ਮੈਨੂੰ ਦਿੱਤੀ, ਤਾਂ ਜੋ
ਉਹ ਇੱਕ ਹੋ ਸਕਣ ਜਿਵੇਂ ਤੂੰ ਅਤੇ ਮੈਂ ਇੱਕ ਹਾਂ। 23ਮੈਂ ਉਨ੍ਹਾਂ ਵਿੱਚ
ਨਿਵਾਸ ਕਰਾਂਗਾ ਅਤੇ ਤੂੰ ਮੇਰੇ ਵਿੱਚ। ਇਸ ਤਰੀਕੇ ਨਾਲ ਇਹ ਸਭ
ਸੰਪੂਰਣ ਏਕਤਾ ਵਿੱਚ ਰਹਿਣਗੇ ਅਤੇ ਫਿਰ ਦੁਨੀਆ ਜਾਣ ਜਾਵੇਗੀ
ਕਿ ਤੂੰ ਹੀ ਹੈਂ ਜਿਸ ਨੇ ਮੈਨੂੰ ਭੇਜਿਆ ਹੈ, ਅਤੇ ਤੂੰ ਉਨ੍ਹਾਂ ਨੂੰ ਪਿਆਰ
ਕੀਤਾ ਹੈ ਜਿਵੇਂ ਤੂੰ ਮੈਨੂੰ ਪਿਆਰ ਕਰਦਾ ਹੈਂ।

24“ਪਿਤਾ, ਮੈਂ ਚਾਹੁੰਦਾ ਹਾਂ ਕਿ ਜਿਹੜੇ ਲੋਕ ਤੂੰ ਮੈਨੂੰ ਦਿੱਤੇ ਹਨ,
ਜਿੱਥੇ ਮੈਂ ਹਾਂ ਉਹ ਵੀ ਉੱਥੇ ਹੋਣ, ਤਾਂ ਜੋ ਉਹ ਮਹਿਮਾ ਵੇਖ ਸਕਣ ਜੋ
ਤੂੰ ਮੈਨੂੰ ਦਿੱਤੀ ਹੈ। ਤੂੰ ਮੈਨੂੰ ਇਸ ਜਗਤ ਦੀ ਸਿਰਜਣਾ ਤੋਂ ਵੀ ਪਹਿਲਾਂ
ਪਿਆਰ ਕੀਤਾ। 25ਧਰਮੀ ਪਿਤਾ, ਦੁਨੀਆ ਤੈਨੂੰ ਨਹੀਂ ਜਾਣਦੀ ਪਰ
ਮੈਂ ਤੈਨੂੰ ਜਾਣਦਾ ਹਾਂ, ਅਤੇ ਇਹ ਲੋਕ ਜਾਣਦੇ ਹਨ ਕਿ ਤੂੰ ਹੀ ਮੈਨੂੰ
ਭੇਜਣ ਵਾਲਾ ਹੈਂ। 26ਮੈਂ ਉਨ੍ਹਾਂ ਨੂੰ ਵਿਖਾਇਆ ਕਿ ਤੂੰ ਕਿਸ ਤਰ੍ਹਾਂ ਦਾ
ਹੈਂ ਅਤੇ ਮੈਂ ਅਜੇ ਫੇਰ ਉਨ੍ਹਾਂ ਨੂੰ ਵਿਖਾਵਾਂਗਾ ਕਿ ਜਿਹੜਾ ਪਿਆਰ
ਤੈਨੂੰ ਮੇਰੇ ਵਿੱਚ ਹੈ, ਉਹੀ ਪਿਆਰ ਉਨ੍ਹਾਂ ਵਿੱਚ ਹੋਵੇ ਅਤੇ ਮੈਂ ਉਨ੍ਹਾਂ
ਵਿੱਚ ਹੋਵਾਂਗਾ।”

## ਯਿਸੂ ਦਾ ਬੰਦੀ ਬਣਾਇਆ ਜਾਣਾ

*(ਮੱਤੀ 26:47–56; ਮਰਕੁਸ 14:43–50;*
*ਲੂਕਾ 22:47–53)*

**18** 1ਜਦੋਂ ਯਿਸੂ ਪ੍ਰਾਰਥਨਾ ਕਰ ਹਟਿਆ ਤਾਂ ਉਹ ਆਪਣੇ
ਚੇਲਿਆਂ ਨਾਲ ਉੱਥੋਂ ਚਲਾ ਗਿਆ। ਉਹ ਕਿਦਰੋਨ ਦੀ
ਘਾਟੀ ਦੇ ਦੂਸਰੇ ਪਾਸੇ ਚਲੇ ਗਏ। ਉੱਥੇ ਜ਼ੈਤੂਨ ਦੇ ਰੁੱਖਾਂ ਦਾ ਬਾਗ
ਸੀ ਅਤੇ ਯਿਸੂ ਅਤੇ ਉਸ ਦੇ ਚੇਲੇ ਉੱਥੇ ਗਏ।

2ਯਹੂਦਾ ਯਿਸੂ ਦਾ ਫੜਵਾਉਣ ਵਾਲਾ ਉਸ ਥਾਂ ਤੋਂ ਵਾਕਫ਼
ਸੀ, ਕਿਉਂਕਿ ਯਿਸੂ ਅਕਸਰ ਆਪਣੇ ਚੇਲਿਆਂ ਨਾਲ ਉੱਥੇ ਜਾਂਦਾ
ਹੁੰਦਾ ਸੀ। 3ਫਿਰ ਯਹੂਦਾ ਸਿਪਾਹੀਆਂ ਦਾ ਇੱਕ ਜੱਥਾ ਲੈ ਕੇ ਉੱਥੇ
ਆਇਆ, ਇਹੀ ਨਹੀਂ ਸਗੋਂ ਉਹ ਆਪਣੇ ਨਾਲ ਪਰਧਾਨ ਜਾਜਕਾਂ
ਅਤੇ ਫ਼ਰੀਸੀਆਂ ਕੋਲੋਂ ਕੁਝ ਪਿਆਦੇ ਵੀ ਲੈ ਕੇ ਆਇਆ। ਉਨ੍ਹਾਂ ਦੇ
ਹੱਥਾਂ ਵਿੱਚ ਦੀਵੇ, ਮਸ਼ਾਲਾਂ ਅਤੇ ਹਥਿਆਰ ਸਨ।

4ਯਿਸੂ ਜਾਣਦਾ ਸੀ ਕਿ ਉਸ ਨਾਲ ਕੀ ਹੋਣ ਵਾਲਾ ਹੈ। ਯਿਸੂ
ਅਗਾਂਹ ਆਇਆ ਅਤੇ ਆਖਿਆ, “ਤੁਸੀਂ ਕਿਸ ਨੂੰ ਲੱਭ ਰਹੇ
ਹੋ?”

5ਆਦਮੀਆਂ ਨੇ ਆਖਿਆ, “ਨਾਸਰਤ ਦੇ ਯਿਸੂ ਨੂੰ।”

ਯਿਸੂ ਨੇ ਆਖਿਆ, “ਮੈਂ ਹੀ ਯਿਸੂ ਹਾਂ।” ਯਹੂਦਾ ਯਿਸੂ ਨੂੰ
ਫ਼ੜਵਾਉਣ ਵਾਲਾ ਵੀ ਉਨ੍ਹਾਂ ਦੇ ਨਾਲ ਖੜ੍ਹਾ ਸੀ। 6ਜਦੋਂ ਉਸ ਨੇ
ਉਨ੍ਹਾਂ ਲੋਕਾਂ ਨੂੰ ਆਖਿਆ, “ਮੈਂ ਯਿਸੂ ਹਾਂ” ਤਾਂ ਉਹ ਆਦਮੀ ਪਿੱਛਾਂਹ
ਹਟੇ ਤੇ ਭੁੰਜੇ ਡਿੱਗ ਪਏ।

7ਯਿਸੂ ਨੇ ਉਨ੍ਹਾਂ ਨੂੰ ਮੁੜ ਪੁੱਛਿਆ, “ਤੁਸੀਂ ਕਿਸ ਦੀ ਤਲਾਸ਼ ਕਰ
ਰਹੇ ਹੋ?”

ਆਦਮੀਆਂ ਨੇ ਆਖਿਆ, “ਨਾਸਰਤ ਦੇ ਯਿਸੂ ਦੀ।”

8ਯਿਸੂ ਨੇ ਕਿਹਾ, “ਮੈਂ ਤੁਹਾਨੂੰ ਆਖਿਆ ਤਾਂ ਹੈ ਕਿ ਮੈਂ ਹੀ ਯਿਸੂ
ਹਾਂ, ਇਸ ਲਈ ਜੇਕਰ ਤੁਸੀਂ ਮੈਨੂੰ ਤਲਾਸ਼ ਰਹੇ ਹੋ ਤਾਂ ਇਨ੍ਹਾਂ ਲੋਕਾਂ ਨੂੰ
ਜਾਣ ਦਿਓ।” 9ਇਹ ਯਿਸੂ ਦੇ ਇਸ ਬਚਨ ਨੂੰ ਪੂਰਨ ਕਰਨ ਲਈ
ਵਾਪਰਿਆ, “ਮੈਂ ਉਨ੍ਹਾਂ ਵਿੱਚੋਂ ਕੋਈ ਨਹੀਂ ਗੁਆਇਆ ਜਿਨ੍ਹਾਂ ਨੂੰ ਤੂੰ
ਮੈਨੂੰ ਦਿੱਤਾ ਹੈ।”

10ਫਿਰ ਸ਼ਮਊਨ ਪਤਰਸ ਕੋਲ ਜਿਹੜੀ ਤਲਵਾਰ ਸੀ ਉਸ ਨੇ
ਬਾਹਰ ਕੱਢੀ ਅਤੇ ਸਰਦਾਰ ਜਾਜਕ ਦੇ ਦਾਸ ਤੇ ਚਲਾਈ ਅਤੇ ਉਸ
ਦਾ ਸੱਜਾ ਕੰਨ ਵੱਢ ਦਿੱਤਾ। (ਉਸ ਨੌਕਰ ਦਾ ਨਾਂ ਮਲਖੁਸ ਸੀ।)
11ਤਦ ਯਿਸੂ ਨੇ ਪਤਰਸ ਨੂੰ ਕਿਹਾ, “ਆਪਣੀ ਤਲਵਾਰ ਵਾਪਸ
ਮਿਆਨ ਵਿੱਚ ਪਾ। ਕੀ ਮੈਨੂੰ ਇਹ ਦੁੱਖਾਂ ਦਾ ਪਿਆਲਾ ਜਿਹੜਾ ਮੇਰੇ
ਪਿਤਾ ਨੇ ਮੈਨੂੰ ਦਿੱਤਾ ਹੈ, ਨਹੀਂ ਪੀਣਾ ਚਾਹੀਦਾ?”

## ਯਿਸੂ ਨੂੰ ਅੰਨਾਸ ਸਾਹਮਣੇ ਪੇਸ਼ ਕੀਤਾ ਜਾਣਾ

*(ਮੱਤੀ 26:57–58; ਮਰਕੁਸ 14:53–54; ਲੂਕਾ 22:54)*

12ਉਸਤੋਂ ਬਾਅਦ ਸੈਨਾ ਅਧਿਕਾਰੀ ਅਤੇ ਯਹੂਦੀ ਪਹਿਰੇਦਾਰਾਂ ਨੇ
ਯਿਸੂ ਨੂੰ ਫ਼ੜ ਕੇ ਬੰਨ੍ਹ ਲਿਆ। 13ਬੰਨ੍ਹ ਕੇ ਉਸ ਨੂੰ ਅੰਨਾਸ ਅੱਗੇ
ਲਿਆਂਦਾ ਗਿਆ। ਅੰਨਾਸ ਕਯਾਫ਼ਾ ਦਾ ਸੌਹਰਾ ਲੱਗਦਾ ਸੀ। ਅਤੇ
ਉਸ ਵਰ੍ਹੇ ਕਯਾਫ਼ਾ ਸਰਦਾਰ ਜਾਜਕ ਸੀ। 14ਕਯਾਫ਼ਾ ਉਹ ਸੀ ਜਿਸਨੇ
ਯਹੂਦੀਆਂ ਨੂੰ ਸਲਾਹ ਦਿੱਤੀ ਸੀ ਕਿ ਸਾਰੇ ਲੋਕਾਂ ਲਈ ਇੱਕ ਮਨੁੱਖ
ਦਾ ਮਰਨਾ ਚੰਗਾ ਹੈ।

### ਪਤਰਸ ਦਾ ਯਿਸੂ ਬਾਰੇ ਜਾਣਨ ਤੋਂ ਇਨਕਾਰ ਕਰਨਾ

*(ਮੱਤੀ 26:69–70; ਮਰਕੁਸ 14:66–68;*
*ਲੂਕਾ 22:55–57)*

**15**ਸ਼ਮਊਨ ਪਤਰਸ ਅਤੇ ਇੱਕ ਹੋਰ ਚੇਲਾ ਯਿਸੂ ਦੇ ਮਗਰ ਹੋ
ਤੁਰਿਆ। ਉਹ ਚੇਲਾ ਸਰਦਾਰ ਜਾਜਕ ਦਾ ਵਾਕਫ਼ ਸੀ ਅਤੇ ਯਿਸੂ
ਦੇ ਨਾਲ ਸਰਦਾਰ ਜਾਜਕ ਦੇ ਵਿਹੜੇ ਤੀਕ ਗਿਆ। **16**ਪਰ ਪਤਰਸ
ਬਾਹਰ ਦਰਵਾਜ਼ੇ ਕੋਲ ਠਹਿਰ ਗਿਆ, ਜਦ ਕਿ ਦੂਜਾ ਚੇਲਾ ਜਿਹੜਾ
ਸਰਦਾਰ ਜਾਜਕ ਨੂੰ ਜਾਣਦਾ ਸੀ, ਦਰਵਾਜ਼ੇ ਕੋਲ ਆਇਆ ਅਤੇ
ਇੱਕ ਨੌਕਰਾਣੀ ਨੂੰ ਮਿਲਿਆ ਜਿਹੜੀ ਦਰਬਾਨਣ ਸੀ। ਤਦ ਉਹ
ਪਤਰਸ ਨੂੰ ਅੰਦਰ ਲਿਆਇਆ। **17**ਉਸ ਨੌਕਰਾਣੀ ਨੇ ਦਰਵਾਜ਼ੇ
ਤੇ ਪਤਰਸ ਨੂੰ ਕਿਹਾ, "ਕੀ ਤੂੰ ਉਸ ਆਦਮੀ ਦੇ ਚੇਲਿਆਂ ਵਿੱਚੋਂ
ਇੱਕ ਹੈਂ?"

ਪਤਰਸ ਨੇ ਜਵਾਬ ਦਿੱਤਾ, "ਨਹੀਂ, ਮੈਂ ਨਹੀਂ ਹਾਂ!"

**18**ਇਹ ਸਰਦੀ ਦਾ ਮੌਸਮ ਸੀ ਅਤੇ ਨੌਕਰਾਂ ਅਤੇ ਪਹਿਰੇਦਾਰਾਂ ਨੇ
ਬਾਹਰ ਅੱਗ ਬਾਲੀ ਹੋਈ ਸੀ ਤੇ ਉਹ ਅੱਗ ਦੇ ਆਲੇ-ਦੁਆਲੇ ਖੜ੍ਹੇ
ਹੋ ਕੇ ਸੇਕ ਰਹੇ ਸਨ। ਪਤਰਸ ਵੀ ਇਨ੍ਹਾਂ ਲੋਕਾਂ ਵਿੱਚ ਖੜ੍ਹਾ ਅੱਗ
ਸੇਕ ਰਿਹਾ ਸੀ।

### ਸਰਦਾਰ ਜਾਜਕ ਵੱਲੋਂ ਯਿਸੂ ਨੂੰ ਸਵਾਲ

*(ਮੱਤੀ 26:59–66; ਮਰਕੁਸ 14:55–64;*
*ਲੂਕਾ 22:66–71)*

**19**ਸਰਦਾਰ ਜਾਜਕ ਨੇ ਯਿਸੂ ਨੂੰ ਉਸ ਦੇ ਚੇਲਿਆਂ ਬਾਰੇ ਅਤੇ
ਜੋ ਉਪਦੇਸ਼ ਉਸ ਨੇ ਸਮਝਾਏ ਸਨ, ਉਨ੍ਹਾਂ ਬਾਰੇ ਪ੍ਰਸ਼ਨ ਕੀਤੇ।
**20**ਯਿਸੂ ਨੇ ਆਖਿਆ, "ਮੈਂ ਹਮੇਸ਼ਾ ਲੋਕਾਂ ਨੂੰ ਖੁਲ੍ਹੇਆਮ ਬੋਲਿਆ
ਹਾਂ। ਮੈਂ ਹਮੇਸ਼ਾ ਸਮਾਜ ਅਤੇ ਯਹੂਦੀ ਮੰਦਰਾਂ ਵਿੱਚ ਹੀ ਉਪਦੇਸ਼
ਦਿੱਤੇ ਹਨ ਜਿੱਥੇ ਸਾਰੇ ਯਹੂਦੀ ਇੱਕਤਰ ਹੁੰਦੇ ਹਨ। ਮੈਂ ਕਦੇ ਕਿਸੇ
ਨੂੰ ਗੁਪਤ ਤੌਰ ਤੇ ਸਿੱਖਿਆ ਨਹੀਂ ਦਿੱਤੀ। **21**ਫਿਰ ਤੂੰ ਮੈਨੂੰ ਅਜਿਹੇ
ਸਵਾਲ ਕਿਉਂ ਕਰ ਰਿਹਾ ਹੈਂ? ਉਨ੍ਹਾਂ ਲੋਕਾਂ ਨੂੰ ਪੁੱਛ ਜਿਨ੍ਹਾਂ ਨੇ ਮੇਰੀਆਂ
ਸਿੱਖਿਆਵਾਂ ਸੁਣੀਆਂ ਹਨ। ਉਹ ਜਾਣਦੇ ਹਨ ਕਿ ਮੈਂ ਕੀ ਆਖਿਆ
ਹੈ।"

**22**ਜਦੋਂ ਯਿਸੂ ਨੇ ਇਹ ਆਖਿਆ ਤਾਂ ਉਸ ਕੋਲ ਖੜ੍ਹੇ ਪਹਿਰੇਦਾਰਾਂ
ਵਿੱਚੋਂ ਇੱਕ ਨੇ ਉਸ ਨੂੰ ਮਾਰਿਆ ਤੇ ਆਖਿਆ, "ਤੈਨੂੰ ਸਰਦਾਰ
ਜਾਜਕ ਨੂੰ ਇਸ ਤਰ੍ਹਾਂ ਨਹੀਂ ਬੋਲਣਾ ਚਾਹੀਦਾ!"

**23**ਯਿਸੂ ਨੇ ਆਖਿਆ, "ਜੇਕਰ ਮੈਂ ਗਲਤ ਬੋਲਿਆ ਹਾਂ ਤਾਂ ਲੋਕਾਂ
ਸਾਹਮਣੇ ਦੱਸ ਮੈਂ ਕੀ ਗਲਤ ਬੋਲਿਆ ਹੈ। ਪਰ ਜੇਕਰ ਮੈਂ ਸਹੀ
ਬੋਲਿਆ ਹਾਂ, ਤਾਂ ਤੂੰ ਮੈਨੂੰ ਕਿਉਂ ਮਾਰਦਾ ਹੈਂ?"

**24**ਫਿਰ ਅੰਨਾਸ ਨੇ ਯਿਸੂ ਨੂੰ ਸਰਦਾਰ ਜਾਜਕ ਕਯਾਫ਼ਾ ਕੋਲ ਭੇਜ
ਦਿੱਤਾ। ਯਿਸੂ ਨੂੰ ਉਨ੍ਹਾਂ ਅਜੇ ਵੀ ਬੰਨ੍ਹਿਆ ਹੋਇਆ ਸੀ।

### ਪਤਰਸ ਦਾ ਫੇਰ ਝੂਠ ਬੋਲਣਾ

*(ਮੱਤੀ 26:71–75; ਮਰਕੁਸ 14:69–72;*
*ਲੂਕਾ 22:58–62)*

**25**ਸ਼ਮਊਨ ਪਤਰਸ ਅੱਗ ਕੋਲ ਖੜ੍ਹਾ ਸੀ ਅਤੇ ਆਪਣੇ ਆਪ ਨੂੰ
ਨਿੱਘਾ ਕਰ ਰਿਹਾ ਸੀ। ਦੂਜੇ ਆਦਮੀਆਂ ਨੇ ਪਤਰਸ ਨੂੰ ਕਿਹਾ, "ਕੀ
ਤੂੰ ਵੀ ਉਸ ਦੇ ਚੇਲਿਆਂ ਵਿੱਚੋਂ ਇੱਕ ਹੈਂ?"

ਪਰ ਪਤਰਸ ਨੇ ਹਾਮੀ ਨਾ ਭਰੀ। ਉਸ ਨੇ ਕਿਹਾ, "ਨਹੀਂ, ਮੈਂ
ਨਹੀਂ ਹਾਂ।"

**26**ਸਰਦਾਰ ਜਾਜਕ ਦੇ ਸੇਵਕਾਂ ਵਿੱਚੋਂ ਇੱਕ ਉੱਥੇ ਸੀ ਅਤੇ ਇਹ
ਆਦਮੀ ਉਸ ਮਨੁੱਖ ਦਾ ਸੰਬੰਧੀ ਸੀ ਜਿਸ ਦਾ ਪਤਰਸ ਨੇ ਕੰਨ
ਵੱਢਿਆ ਸੀ। ਤਦ ਉਸ ਸੇਵਕ ਨੇ ਕਿਹਾ, "ਕੀ ਮੈਂ ਤੈਨੂੰ ਉਸ ਆਦਮੀ
(ਯਿਸੂ) ਨਾਲ ਬਾਗ ਵਿੱਚ ਨਹੀਂ ਵੇਖਿਆ?"

**27**ਪਰ ਫਿਰ ਪਤਰਸ ਨੇ ਆਖਿਆ, "ਨਹੀਂ, ਮੈਂ ਉਸ ਦੇ ਨਾਲ ਨਹੀਂ
ਸਾਂ!" ਅਤੇ ਉਸੇ ਵੇਲੇ ਕੁੱਕੜ ਨੇ ਬਾਂਗ ਦਿੱਤੀ।

### ਯਿਸੂ ਨੂੰ ਪਿਲਾਤੁਸ ਕੋਲ ਲਿਜਾਇਆ ਜਾਣਾ

*(ਮੱਤੀ 27:1–2, 11–31; ਮਰਕੁਸ 15:1–20;*
*ਲੂਕਾ 23:1–25)*

**28**ਤਦ ਯਹੂਦੀ ਯਿਸੂ ਨੂੰ ਕਯਾਫ਼ਾ ਦੀ ਕਚਿਹਰੀ 'ਚੋਂ ਕੱਢ ਕੇ
ਰਾਜਪਾਲ ਦੇ ਮਹਿਲ ਵਿੱਚ ਲੈ ਗਏ। ਅਜੇ ਬਹੁਤ ਸਵੇਰਾ ਸੀ ਅਤੇ
ਯਹੂਦੀ ਕਚਿਹਰੀ ਦੇ ਅੰਦਰ ਨਾ ਗਏ। ਉਹ ਆਪਣੇ ਆਪ ਨੂੰ ਭ੍ਰਿਸ਼ਟ
ਨਹੀਂ ਸੀ ਕਰਨਾ ਚਾਹੁੰਦੇ, ਕਿਉਂਕਿ ਉਹ ਪਸਾਹ ਦੇ ਤਿਉਹਾਰ ਦਾ
ਭੋਜਨ ਕਰਨਾ ਚਾਹੁੰਦੇ ਸਨ। **29**ਇਸ ਲਈ ਪਿਲਾਤੁਸ ਉਨ੍ਹਾਂ ਕੋਲ
ਬਾਹਰ ਆਇਆ ਅਤੇ ਪੁੱਛਿਆ, "ਤੁਸੀਂ ਇਸ ਮਨੁੱਖ ਦੇ ਸਿਰ ਕੀ
ਦੋਸ਼ ਲਗਾਉਂਦੇ ਹੋ?"

**30**ਯਹੂਦੀਆਂ ਨੇ ਕਿਹਾ, "ਇਹ ਇੱਕ ਬੁਰਾ ਆਦਮੀ ਹੈ, ਇਸ
ਲਈ ਅਸੀਂ ਇਸ ਨੂੰ ਤੇਰੇ ਕੋਲ ਲੈ ਕੇ ਆਏ ਹਾਂ।"

**31**ਪਿਲਾਤੁਸ ਨੇ ਯਹੂਦੀਆਂ ਨੂੰ ਆਖਿਆ, "ਤੁਸੀਂ ਯਹੂਦੀ ਆਪਣੇ
ਆਪ ਹੀ ਇਸ ਨੂੰ ਲੈ ਜਾਓ ਅਤੇ ਆਪਣੀ ਸ਼ਰਾ ਅਨੁਸਾਰ ਇਸ
ਦਾ ਨਿਆਂ ਕਰੋ।"

ਯਹੂਦੀਆਂ ਨੇ ਜਵਾਬ ਦਿੱਤਾ, "ਸਾਨੂੰ ਕਿਸੇ ਨੂੰ ਮੌਤ ਦੀ ਸਜ਼ਾ ਦੇਣ
ਦੀ ਆਗਿਆ ਨਹੀਂ ਹੈ।" **32**(ਜਿਵੇਂ ਯਿਸੂ ਨੇ ਆਪਣੀ ਮੌਤ ਬਾਰੇ
ਕਿਹਾ ਸੀ ਕਿ ਉਹ ਕਿਸ ਤਰ੍ਹਾਂ ਮਰੇਗਾ, ਇਹ ਉਸੇ ਨੂੰ ਪੂਰਨ ਕਰਨ
ਲਈ ਵਾਪਰਿਆ।)

**33**ਪਿਲਾਤੁਸ ਮਹਿਲ ਅੰਦਰ ਵਾਪਸ ਚਲਾ ਗਿਆ ਅਤੇ ਉੱਥੇ
ਯਿਸੂ ਨੂੰ ਉਸ ਨੇ ਆਪਣੇ ਕੋਲ ਬੁਲਾਇਆ ਅਤੇ ਪੁੱਛਿਆ, "ਕੀ ਤੂੰ
ਯਹੂਦੀਆਂ ਦਾ ਰਾਜਾ ਹੈਂ?"

**34**ਯਿਸੂ ਨੇ ਆਖਿਆ, "ਕੀ ਤੂੰ ਇਹ ਆਪਣੇ ਆਪ ਪੁੱਛ ਰਿਹਾ ਹੈ
ਜਾਂ ਦੂਜੇ ਲੋਕਾਂ ਨੇ ਤੈਨੂੰ ਮੇਰੇ ਬਾਰੇ ਕੁਝ ਆਖਿਆ ਹੈ?"

**35**ਪਿਲਾਤੁਸ ਨੇ ਕਿਹਾ, "ਮੈਂ ਯਹੂਦੀ ਨਹੀਂ ਹਾਂ। ਤੇਰੇ ਆਪਣੇ ਹੀ
ਲੋਕ ਅਤੇ ਪਰਧਾਨ ਜਾਜਕ ਤੈਨੂੰ ਮੇਰੇ ਕੋਲ ਲਿਆਏ ਹਨ। ਤੂੰ ਕੀ
ਗਲਤ ਕੀਤਾ ਹੈ?"

**36**ਯਿਸੂ ਨੇ ਆਖਿਆ, "ਮੇਰਾ ਰਾਜ ਇਸ ਦੁਨੀਆ ਦਾ ਨਹੀਂ ਹੈ।
ਜੇਕਰ ਇਹ ਇਸ ਦੁਨੀਆ ਦਾ ਹੁੰਦਾ ਤਾਂ ਮੇਰੇ ਸੇਵਕ ਉਨ੍ਹਾਂ ਨਾਲ
ਲੜਦੇ ਅਤੇ ਮੈਂ ਯਹੂਦੀਆਂ ਦੇ ਹਵਾਲੇ ਨਾ ਕੀਤਾ ਜਾਂਦਾ। ਪਰ ਮੇਰਾ
ਰਾਜ ਕਿਸੇ ਹੋਰ ਥਾਂ ਦਾ ਹੈ, ਇੱਥੋਂ ਦਾ ਨਹੀਂ।"

**37**ਪਿਲਾਤੁਸ ਨੇ ਆਖਿਆ, "ਇਸ ਦਾ ਮਤਲਬ ਤੂੰ ਇੱਕ ਰਾਜਾ
ਹੈਂ?"

ਯਿਸੂ ਨੇ ਆਖਿਆ, "ਤੂੰ ਜੋ ਆਖਿਆ ਉਹ ਸੱਚ ਹੈ। ਮੈਂ ਇੱਕ
ਰਾਜਾ ਹਾਂ। ਮੈਂ ਇਸੇ ਲਈ ਜਨਮ ਲਿਆ ਅਤੇ ਇਸੇ ਕਾਰਣ ਦੁਨੀਆ
ਤੇ ਆਇਆ ਤਾਂ ਜੋ ਮੈਂ ਸੱਚਾਈ ਦੀ ਗਵਾਹੀ ਦੇ ਸਕਾਂ, ਅਤੇ ਹਰ
ਮਨੁੱਖ ਜੋ ਸੱਚਾਈ ਨਾਲ ਸੰਬੰਧਤ ਹੈ ਉਹ ਮੇਰੀ ਅਵਾਜ਼ ਸੁਣਦਾ ਹੈ।"

**38**ਪਿਲਾਤੁਸ ਨੇ ਕਿਹਾ, "ਸੱਚਾਈ ਕੀ ਹੈ?" ਇਹ ਆਖਣ ਤੋਂ
ਬਾਅਦ ਉਹ ਫੇਰ ਯਹੂਦੀਆਂ ਕੋਲ ਗਿਆ ਅਤੇ ਉਨ੍ਹਾਂ ਨੂੰ ਆਖਿਆ,
"ਇਸ ਆਦਮੀ ਤੇ ਲਾਉਣ ਵਾਸਤੇ ਮੈਨੂੰ ਕੋਈ ਦੋਸ਼ ਨਹੀਂ ਲੱਭਿਆ।

39ਪਰ ਇਹ ਤੁਹਾਡਾ ਰਿਵਾਜ਼ ਹੈ ਕਿ ਮੈਂ ਤੁਹਾਡੇ ਲਈ ਪਸਾਹ ਦੇ
ਤਿਉਹਾਰ ਦੇ ਸਮੇਂ ਇੱਕ ਕੈਦੀ ਨੂੰ ਮੁਕਤ ਕਰ ਸਕਦਾ ਹਾਂ। ਸੋ ਕੀ
ਤੁਸੀਂ ਚਾਹੁੰਦੇ ਹੋ ਕਿ ਮੈਂ ਤੁਹਾਡੇ ਲਈ ਯਹੂਦੀਆਂ ਦੇ ਰਾਜੇ ਨੂੰ ਮੁਕਤ
ਕਰ ਦੇਵਾਂ?"
40ਤਦ ਯਹੂਦੀ ਉੱਚੀ ਅਵਾਜ਼ ਵਿੱਚ ਬੋਲੇ, "ਨਹੀਂ, ਉਸ ਨੂੰ ਨਹੀਂ,
ਪਰ ਤੂੰ ਬਰੱਬਾਸ ਨੂੰ ਮੁਕਤ ਕਰ ਦੇ!" ਬਰੱਬਾਸ ਇੱਕ ਡਾਕੂ ਸੀ।

**19** 1ਫਿਰ ਪਿਲਾਤੁਸ ਨੇ ਯਿਸੂ ਨੂੰ ਫੜ ਕੇ ਕੋੜੇ ਮਾਰਨ
ਦਾ ਹੁਕਮ ਦਿੱਤਾ। 2ਸਿਪਾਹੀਆਂ ਨੇ ਕੰਡਿਆਂ ਦਾ ਤਾਜ
ਗੁੰਦ ਕੇ ਉਸ ਦੇ ਸਿਰ ਤੇ ਪਾਇਆ ਅਤੇ ਉਸ ਨੂੰ ਬੈਂਗਣੀ ਚੋਗਾ
ਪਹਿਨਾਇਆ। 3ਸਿਪਾਹੀ ਵਾਰੀ-ਵਾਰੀ ਆ ਕੇ ਉਸ ਨੂੰ ਠੱਠਾ ਕਰਨ
ਲੱਗੇ, "ਹੇ ਯਹੂਦੀਆਂ ਦੇ ਰਾਜਾ, ਨਮਸਕਾਰ।" ਇਸ ਦੇ ਨਾਲ ਹੀ
ਉਹ ਉਸ ਦੇ ਮੂੰਹ ਤੇ ਚਪੇੜਾਂ ਵੀ ਮਾਰਦੇ।
4ਪਿਲਾਤੁਸ ਨੇ ਫਿਰ ਬਾਹਰ ਆ ਕੇ ਯਹੂਦੀਆਂ ਨੂੰ ਆਖਿਆ,
"ਵੇਖੋ, ਮੈਂ ਉਸ ਨੂੰ ਬਾਹਰ ਤੁਹਾਡੇ ਕੋਲ ਲਿਆ ਰਿਹਾ ਹਾਂ। ਤੁਹਾਨੂੰ
ਪਤਾ ਹੋਣਾ ਚਾਹੀਦਾ ਹੈ ਕਿ ਮੈਨੂੰ ਉਸ ਤੇ ਦੋਸ਼ ਲਾਉਣ ਵਾਸਤੇ ਕੁਝ
ਨਹੀਂ ਲੱਭਿਆ।" 5ਫਿਰ ਯਿਸੂ ਨੂੰ ਬਾਹਰ ਲਿਆਂਦਾ ਗਿਆ ਅਤੇ
ਉਸ ਦੇ ਸਿਰ ਤੇ ਕੰਡਿਆਂ ਦਾ ਤਾਜ ਅਤੇ ਸਰੀਰ ਦੁਆਲੇ ਬੈਂਗਣੀ
ਚੋਗਾ ਪਾਇਆ ਹੋਇਆ ਸੀ। ਪਿਲਾਤੁਸ ਨੇ ਯਹੂਦੀਆਂ ਨੂੰ ਕਿਹਾ,
"ਵੇਖੋ, ਇਸ ਮਨੁੱਖ ਨੂੰ, ਇਹ ਹੈ।"
6ਜਦੋਂ ਪਰਧਾਨ ਜਾਜਕਾਂ ਅਤੇ ਯਹੂਦੀ ਪਹਿਰੇਦਾਰਾਂ ਨੇ ਇਹ
ਵੇਖਿਆ ਤਾਂ ਉਨ੍ਹਾਂ ਰੌਲਾ ਪਾਇਆ, "ਇਸ ਨੂੰ ਸਲੀਬ ਦਿਓ! ਸਲੀਬ
ਦਿਓ!"
ਪਰ ਪਿਲਾਤੁਸ ਨੇ ਕਿਹਾ, "ਤੁਸੀਂ ਆਪੇ ਇਸ ਨੂੰ ਲੈ ਜੋ ਅਤੇ
ਸਲੀਬ ਦੇ ਦਿਓ, ਪਰ ਮੈਨੂੰ ਇਸ ਤੇ ਦੋਸ਼ ਲਾਉਣ ਲਈ ਕੁਝ ਵੀ
ਨਹੀਂ ਲੱਭਿਆ।"
7ਯਹੂਦੀਆਂ ਨੇ ਆਖਿਆ, "ਸਾਡੇ ਕੋਲ ਸ਼ਰਾ ਹੈ ਅਤੇ ਇਸ ਦੇ
ਅਨੁਸਾਰ ਇਹ ਮਰਨ ਯੋਗ ਹੈ, ਕਿਉਂਕਿ ਇਸ ਨੇ ਇਹ ਆਖਿਆ
ਹੈ ਕਿ ਮੈਂ ਪਰਮੇਸ਼ੁਰ ਦਾ ਪੁੱਤਰ ਹੈ।"
8ਜਦ ਪਿਲਾਤੁਸ ਨੇ ਇਹ ਗੱਲ ਸੁਣੀ ਤਦ ਉਹ ਹੋਰ ਵੀ ਡਰ
ਗਿਆ। 9ਉਹ ਮੁੜ ਮਹਿਲ ਦੇ ਅੰਦਰ ਗਿਆ ਅਤੇ ਯਿਸੂ ਨੂੰ
ਆਖਿਆ, "ਤੂੰ ਕਿੱਥੋਂ ਆਇਆ ਹੈਂ?" ਪਰ ਯਿਸੂ ਨੇ ਉਸ ਨੂੰ ਕੋਈ
ਜਵਾਬ ਨਾ ਦਿੱਤਾ। 10ਪਿਲਾਤੁਸ ਨੇ ਕਿਹਾ, "ਕੀ ਤੂੰ ਮੇਰੇ ਨਾਲ ਬੋਲਣ
ਤੋਂ ਇਨਕਾਰੀ ਹੈਂ? ਕੀ ਤੂੰ ਨਹੀਂ ਜਾਣਦਾ ਕਿ ਮੇਰੇ ਕੋਲ ਅਧਿਕਾਰ
ਹੈ ਕਿ ਮੈਂ ਭਾਵੇਂ ਤੈਨੂੰ ਛੱਡ ਦੇਵਾਂ ਤੇ ਭਾਵੇਂ ਸਲੀਬ ਤੇ ਮਾਰ ਦੇਵਾਂ?"
11ਯਿਸੂ ਨੇ ਆਖਿਆ, "ਇਹ ਅਧਿਕਾਰ ਜੋ ਤੈਨੂੰ ਮੇਰੇ ਉੱਤੇ ਹੈ
ਪਰਮੇਸ਼ੁਰ ਦੁਆਰਾ ਦਿੱਤਾ ਹੋਇਆ ਹੈ। ਇਸ ਲਈ ਜਿਸ ਆਦਮੀ
ਨੇ ਮੈਨੂੰ ਤੇਰੇ ਹੱਥੀ ਫੜਵਾਇਆ ਹੈ ਉਹ ਵੱਧ ਪਾਪ ਦਾ ਦੋਸ਼ੀ ਹੈ।"
12ਇਸ ਤੋਂ ਬਾਅਦ ਪਿਲਾਤੁਸ ਨੇ ਯਿਸੂ ਨੂੰ ਆਜ਼ਾਦ ਕਰਨ ਦੀ
ਬਹੁਤ ਕੋਸ਼ਿਸ਼ ਕੀਤੀ, ਪਰ ਯਹੂਦੀ ਰੌਲਾ ਪਾ ਰਹੇ ਸਨ, "ਜੋ ਕੋਈ ਵੀ
ਇਸ ਨੂੰ ਪਾਤਸ਼ਾਹ ਠਹਿਰਾਵੇਗਾ, ਉਹ ਕੈਸਰ ਦੇ ਖਿਲਾਫ਼ ਹੈ। ਇਸ
ਲਈ ਜੇਕਰ ਤੂੰ ਇਸ ਆਦਮੀ ਨੂੰ ਛੱਡੇਂਗਾ ਤਾਂ ਇਸ ਦਾ ਮਤਲਬ ਤੂੰ
ਕੈਸਰ ਦਾ ਮਿੱਤਰ ਨਹੀਂ ਹੈ।"
13ਪਿਲਾਤੁਸ ਇਹ ਗੱਲਾਂ ਸੁਣ ਕੇ ਯਿਸੂ ਨੂੰ ਬਾਹਰ "ਪੱਥਰ ਦੇ
ਚਬੂਤਰੇ" ਨਾਂ ਦੇ ਥਾਂ ਕੋਲ ਲਿਆਇਆ (ਜਿਸ ਨੂੰ ਇਬਰਾਨੀ ਭਾਸ਼ਾ[a]
ਵਿੱਚ *ਗੱਬਥਾ* ਆਖਿਆ ਜਾਂਦਾ ਹੈ) ਅਤੇ ਨਿਆਂਕਾਰ ਦੀ ਕੁਰਸੀ ਤੇ
ਬੈਠ ਗਿਆ। 14ਇਹ ਤਕਰੀਬਨ ਦੁਪਹਿਰ ਸੀ ਅਤੇ ਇਹ ਪਸਾਹ
ਦੇ ਤਿਉਹਾਰ ਦੀ ਤਿਆਰੀ ਦਾ ਦਿਨ ਸੀ। ਪਿਲਾਤੁਸ ਨੇ ਯਹੂਦੀਆਂ
ਨੂੰ ਕਿਹਾ, "ਇਹ ਵੇਖੋ, ਇਹ ਹੈ ਤੁਹਾਡਾ ਰਾਜਾ।"
15ਯਹੂਦੀਆਂ ਨੇ ਡੰਡ ਪਾਈ, "ਇਸ ਨੂੰ ਦੂਰ ਲੈ ਜਾਓ, ਇਸ ਨੂੰ
ਲੈ ਜਾਓ ਅਤੇ ਇਸ ਨੂੰ ਸਲੀਬ ਦਿਓ!"
ਪਿਲਾਤੁਸ ਨੇ ਉਨ੍ਹਾਂ ਨੂੰ ਪੁੱਛਿਆ, "ਕੀ ਤੁਸੀਂ ਚਾਹੁੰਦੇ ਹੋ ਕਿ ਮੈਂ
ਤੁਹਾਡੇ ਰਾਜੇ ਨੂੰ ਸਲੀਬ ਦੇਵਾਂ?"
ਪ੍ਰਧਾਨ ਜਾਜਕ ਨੇ ਆਖਿਆ, "ਸਾਡਾ ਸਿਰਫ਼ ਇੱਕ ਹੀ ਰਾਜਾ
ਹੈ, ਕੈਸਰ!"
16ਤਦ ਪਿਲਾਤੁਸ ਨੇ ਯਿਸੂ ਨੂੰ ਸਲੀਬ ਦੇਣ ਲਈ ਯਹੂਦੀਆਂ ਦੇ
ਹਵਾਲੇ ਕਰ ਦਿੱਤਾ।

### ਯਿਸੂ ਨੂੰ ਸਲੀਬ ਤੇ ਚੜ੍ਹਾਇਆ ਜਾਣਾ

*(ਮੱਤੀ 27:32–44; ਮਰਕੁਸ 15:21–32;
ਲੂਕਾ 23:26–39)*

ਸਿਪਾਹੀ ਯਿਸੂ ਨੂੰ ਲੈ ਗਏ। 17ਉਸ ਨੇ ਆਪਣੀ ਸਲੀਬ ਆਪ ਚੁੱਕੀ
ਅਤੇ "ਖੋਪਰੀ" ਨਾਮੇਂ ਥਾਂ ਤੇ ਗਿਆ। ਇਬਰਾਨੀ ਭਾਸ਼ਾ ਵਿੱਚ ਉਸ
ਥਾਂ ਨੂੰ "ਗਲਗੱਥਾ" ਕਹਿੰਦੇ ਹਨ। 18ਉੱਥੇ ਉਨ੍ਹਾਂ ਨੇ ਯਿਸੂ ਨੂੰ ਸਲੀਬ
ਤੇ ਚੜ੍ਹਾ ਦਿੱਤਾ ਅਤੇ ਉੱਥੇ ਦੋ ਮਨੁੱਖ ਹੋਰ ਸਨ ਜਿਨ੍ਹਾਂ ਨੂੰ ਯਿਸੂ ਨਾਲ
ਸਲੀਬ ਦਿੱਤਾ ਗਿਆ ਸੀ। ਇੱਕ-ਇੱਕ ਮਨੁੱਖ ਉਸ ਦੇ ਦੋਵੇਂ ਪਾਸੇ
ਅਤੇ ਯਿਸੂ ਵਿਚਕਾਰ।
19ਪਿਲਤੁਸ ਨੇ ਇੱਕ ਚਿੰਨ੍ਹ-ਪੱਤਰੀ ਲਿਖਵਾ ਕੇ ਸਲੀਬ ਉੱਪਰ
ਟੰਗਵਾਈ ਜਿਸ ਤੇ ਇਹ ਲਿਖਿਆ ਹੋਇਆ ਸੀ, "ਯਿਸੂ ਨਾਸਰੀ,
ਯਹੂਦੀਆਂ ਦਾ ਰਾਜਾ।"[b] 20ਇਹ ਚਿੰਨ੍ਹ-ਪੱਤਰੀ ਇਬਰਾਨੀ, ਲਾਤੀਨੀ
ਅਤੇ ਯੂਨਾਨੀ ਭਾਸ਼ਾ ਵਿੱਚ ਲਿਖੀ ਹੋਈ ਸੀ। ਬਹੁਤ ਸਾਰੇ ਯਹੂਦੀਆਂ
ਨੇ ਇਹ ਸੰਕੇਤ ਪੜ੍ਹਿਆ, ਕਿਉਂਕਿ ਜਿਸ ਜਗ੍ਹਾ ਉਸ ਨੂੰ ਸਲੀਬ ਦਿੱਤੀ
ਗਈ ਸੀ ਉਹ ਸ਼ਹਿਰ ਦੇ ਨੇੜੇ ਹੀ ਸੀ।
21ਪਰਧਾਨ ਯਹੂਦੀ ਜਾਜਕਾਂ ਨੇ ਪਿਲਾਤੁਸ ਨੂੰ ਕਿਹਾ ਕਿ, "ਇਹ ਨਾ
ਲਿਖ, 'ਉਹ ਯਹੂਦੀਆ ਦਾ ਰਾਜਾ ਹੈ।' ਸਗੋਂ ਇਹ ਲਿਖ ਕਿ 'ਉਸ ਨੇ
ਆਖਿਆ ਕਿ ਮੈਂ ਯਹੂਦੀਆਂ ਦਾ ਰਾਜਾ ਹਾਂ।'"
22ਪਿਲਾਤੁਸ ਨੇ ਆਖਿਆ, "ਜੋ ਮੈਂ ਲਿਖਿਆ ਹੈ, ਉਸ ਨੂੰ ਮੈਂ ਹੁਣ
ਨਹੀਂ ਬਦਲ ਸਕਦਾ।"
23ਜਦੋਂ ਸਿਪਾਹੀਆਂ ਨੇ ਯਿਸੂ ਨੂੰ ਸਲੀਬ ਦਿੱਤਾ ਤਾਂ ਉਨ੍ਹਾਂ ਨੇ ਉਸ
ਦੇ ਵਸਤਰ ਲਏ ਅਤੇ ਉਨ੍ਹਾਂ ਨੂੰ ਚਾਰ ਹਿੱਸਿਆਂ ਵਿੱਚ ਵੰਡਿਆ। ਹਰੇਕ
ਸਿਪਾਹੀ ਦਾ ਇੱਕ ਹਿੱਸਾ। ਉਨ੍ਹਾਂ ਨੇ ਉਸ ਦਾ ਕੁੜਤਾ ਵੀ ਲੈ ਲਿਆ।
ਇਹ ਇੱਕ ਸਿਰੇ ਤੋਂ ਥੱਲੇ ਤੱਕ ਇੱਕੋ ਹੀ ਟੋਟੇ ਦਾ ਬਣਿਆ ਹੋਇਆ
ਸੀ। 24ਸਿਪਾਹੀਆਂ ਨੇ ਆਪਸ ਵਿੱਚ ਕਿਹਾ, "ਸਾਨੂੰ ਇਸ ਕੁੜਤੇ ਨੂੰ
ਹਿੱਸਿਆਂ ਵਿੱਚ ਨਹੀਂ ਪਾੜਨਾ ਚਾਹੀਦਾ, ਸਗੋਂ ਅਸੀਂ ਪਰਚੀਆਂ ਪਾ
ਕੇ ਵੇਖ ਲੈਂਦੇ ਹਾਂ ਕਿ ਇਹ ਕਿਸ ਦੇ ਹਿੱਸੇ ਆਉਂਦਾ ਹੈ।" ਇਹ ਇਸ
ਲਈ ਹੋਇਆ ਤਾਂ ਜੋ ਪੋਥੀ ਦਾ ਕਥਨ ਪੂਰਾ ਹੋ ਸਕੇ:

> "ਉਨ੍ਹਾਂ ਮੇਰੇ ਵਸਤਰ ਵੀ ਆਪਸ 'ਚ ਵੰਡ ਲਏ ਅਤੇ ਮੇਰੇ
> ਕੱਪੜਿਆਂ ਤੇ ਪਰਚੀ ਪਾਈ।" *ਜ਼ਬੂਰ 22:18*

ਤਾਂ ਸਿਪਾਹੀਆਂ ਨੇ ਇਉਂ ਕੀਤਾ।
25ਯਿਸੂ ਦੀ ਮਾਤਾ ਉਸ ਦੀ ਸਲੀਬ ਦੇ ਕੋਲ ਖੜ੍ਹੀ ਸੀ। ਉਸ

---

[a] *19:13* **ਇਬਰਾਨੀ ਭਾਸ਼ਾ** ਇਬਰਾਨੀ ਜਾਂ ਅਰਾਮੀ, ਇਬਰਾਨੀ ਭਾਸ਼ਾ ਵਰਗੀ ਇੱਕ ਭਾਸ਼ਾ ਜਿਹੜੀ ਪਹਿਲੀ ਸਦੀ ਈਸਵੀ ਵਿੱਚ ਬਹੁਤ ਸਾਰੇ ਯਹੂਦੀ ਬੋਲਦੇ ਸਨ।

[b] *19:28* **"ਮੈਂ ਪਿਆਸਾ ਹਾਂ"** ਜ਼ਬੂਰ 22:15; 69:21 ਦੇਖੋ।

ਦੀ ਮਾਂ ਦੀ ਭੈਣ, ਕਲੋਪਸ ਦੀ ਪਤਨੀ ਮਰਿਯਮ ਅਤੇ ਮਰਿਯਮ
ਮਗਦਲੀਨੀ ਵੀ ਉੱਥੇ ਖਲੋਤੀਆਂ ਸਨ। **26**ਯਿਸੂ ਨੇ ਆਪਣੀ ਮਾਤਾ
ਨੂੰ ਵੇਖਿਆ ਅਤੇ ਜਿਸ ਚੇਲੇ ਨੂੰ ਉਹ ਬੜਾ ਪਿਆਰ ਕਰਦਾ ਸੀ,
ਉਹ ਵੀ ਉੱਥੇ ਹੀ ਖੜ੍ਹਾ ਸੀ। ਤਦ ਉਸ ਨੇ ਆਪਣੀ ਮਾਤਾ ਨੂੰ ਕਿਹਾ,
“ਪਿਆਰੀ ਔਰਤ, ਇਹ ਹੈ ਤੇਰਾ ਪੁੱਤਰ।” **27**ਤਦ ਯਿਸੂ ਨੇ ਉਸ
ਚੇਲੇ ਨੂੰ ਆਖਿਆ, “ਇਹ ਹੈ ਤੇਰੀ ਮਾਤਾ।” ਇਸ ਤੋਂ ਬਾਅਦ ਉਹ
ਚੇਲਾ ਯਿਸੂ ਦੀ ਮਾਤਾ ਨੂੰ ਆਪਣੇ ਘਰ ਆਪਣੇ ਕੋਲ ਲੈ ਗਿਆ।

## ਯਿਸੂ ਦੀ ਮੌਤ

*(ਮੱਤੀ 27:45–56; ਮਰਕੁਸ 15:33–41;
ਲੂਕਾ 23:44–49)*

**28**ਯਿਸੂ ਜਾਣਦਾ ਸੀ ਕਿ ਸਭ ਕੁਝ ਸੰਪੂਰਣ ਹੋ ਚੁੱਕਿਆ ਸੀ, ਇਸ
ਲਈ ਪੋਥੀ ਵਿੱਚ ਜੋ ਲਿਖਿਆ ਹੈ ਉਸ ਨੂੰ ਪੂਰਾ ਕਰਨ ਲਈ ਉਸ ਨੇ
ਆਖਿਆ, “ਮੈਂ ਪਿਆਸਾ ਹਾਂ।” **29**ਉੱਥੇ ਇੱਕ ਵੱਡਾ ਮਰਤਬਾਨ ਸਿਰਕੇ
ਦਾ ਭਰਿਆ ਹੋਇਆ ਸੀ ਅਤੇ ਸਿਪਾਹੀਆਂ ਨੇ ਇੱਕ ਸਪੰਜ ਨੂੰ ਉਸ
ਵਿੱਚ ਭਿਉਂ ਕੇ ਅਤੇ ਉਸ ਸਪੰਜ ਨੂੰ ਜ਼ੂਫ਼ੇ ਨਾਂ ਦੇ ਪੌਦੇ ਦੀ ਟਹਿਣੀ ਨਾਲ
ਬੰਨ੍ਹ ਕੇ ਉਸ ਨੂੰ ਯਿਸੂ ਦੇ ਮੂੰਹ ਤੱਕ ਉਤਾਂਹ ਕੀਤਾ। **30**ਜਦ ਯਿਸੂ ਨੇ
ਸਿਰਕੇ ਦਾ ਸਵਾਦ ਵੇਖਿਆ ਤਾਂ ਉਸ ਨੇ ਆਖਿਆ, “ਪੂਰਾ ਹੋ ਗਿਆ।”
ਤਦ ਯਿਸੂ ਨੇ ਆਪਣਾ ਸਿਰ ਨਿਵਾਇਆ ਅਤੇ ਜਾਨ ਦੇ ਦਿੱਤੀ।
**31**ਇਹ ਤਿਆਰੀ ਦਾ ਦਿਨ ਸੀ ਅਤੇ ਅਗਲਾ ਦਿਨ ਸਬਤ ਦਾ
ਦਿਨ ਸੀ। ਯਹੂਦੀ ਇਹ ਨਹੀਂ ਚਾਹੁੰਦੇ ਸਨ ਕਿ ਲੋਥਾਂ ਸਲੀਬ ਤੇ
ਟੰਗੀਆਂ ਰਹਿਣ, ਕਿਉਂਕਿ ਸਬਤ ਦਾ ਦਿਨ ਉਨ੍ਹਾਂ ਲਈ ਬਹੁਤ ਖਾਸ
ਸੀ। ਉਨ੍ਹਾਂ ਪਿਲਾਤੁਸ ਅੱਗੇ ਬੇਨਤੀ ਕੀਤੀ ਕਿ ਉਹ ਉਨ੍ਹਾਂ ਦੀਆਂ ਲੱਤਾਂ
ਤੋੜਨ ਦੀ ਆਗਿਆ ਦੇਵੇ ਤਾਂ ਜੋ ਉਹ ਜਲਦੀ ਮਰ ਜਾਣ ਅਤੇ ਲੋਥਾਂ
ਨੂੰ ਸਲੀਬਾਂ ਤੋਂ ਜਲਦੀ ਉਤਾਰਿਆ ਜਾ ਸਕੇ। **32**ਤਦ ਸਿਪਾਹੀ ਆਏ
ਅਤੇ ਉਨ੍ਹਾਂ ਨੇ ਪਹਿਲੇ ਆਦਮੀ ਦੀਆਂ ਲੱਤਾਂ ਤੋੜੀਆਂ ਜਿਸ ਨੂੰ ਯਿਸੂ
ਨਾਲ ਸਲੀਬ ਦਿੱਤਾ ਗਿਆ ਸੀ। ਫੇਰ ਉਨ੍ਹਾਂ ਨੇ ਦੂਜੇ ਆਦਮੀ ਦੀਆਂ
ਲੱਤਾਂ ਵੀ ਤੋੜ ਦਿੱਤੀਆਂ। **33**ਪਰ ਜਦੋਂ ਸਿਪਾਹੀ ਯਿਸੂ ਕੋਲ ਪਹੁੰਚੇ
ਤਾਂ ਵੇਖਿਆ ਕਿ ਯਿਸੂ ਤਾਂ ਪਹਿਲਾਂ ਹੀ ਮਰ ਚੁੱਕਾ ਹੈ, ਇਸ ਲਈ
ਉਨ੍ਹਾਂ ਨੇ ਉਸ ਦੀਆਂ ਲੱਤਾਂ ਨਾ ਤੋੜੀਆਂ।
**34**ਪਰ ਉਨ੍ਹਾਂ ਵਿੱਚੋਂ ਇੱਕ ਸਿਪਾਹੀ ਨੇ ਤਲਵਾਰ ਕੱਢੀ ਅਤੇ ਯਿਸੂ
ਦੀ ਵੱਖੀ ਵਿੰਨ੍ਹ ਦਿੱਤੀ, ਅਤੇ ਉਸ ਦੇ ਸਰੀਰ ਵਿੱਚੋਂ ਲਹੂ ਅਤੇ ਪਾਣੀ
ਵਹਿ ਨਿੱਕਲਿਆ। **35**(ਜਿਸ ਨੇ ਇਹ ਸਭ ਵੇਖਿਆ ਉਸ ਨੇ ਗਵਾਹੀ
ਦਿੱਤੀ ਅਤੇ ਉਸ ਦੀ ਗਵਾਹੀ ਸੱਚੀ ਹੈ। ਉਹ ਜਾਣਦਾ ਹੈ ਕਿ ਜੋ ਉਹ
ਕਹਿ ਰਿਹਾ ਹੈ ਉਹ ਸੱਚ ਹੈ। ਉਸ ਨੇ ਗਵਾਹੀ ਦਿੱਤੀ ਤਾਂ ਜੋ ਤੁਸੀਂ ਵੀ
ਵਿਸ਼ਵਾਸ ਕਰ ਸਕੋ।) **36**ਇਹ ਪੋਥੀ ਦੇ ਇਸ ਕਥਨ ਨੂੰ ਪੂਰਾ ਕਰਨ
ਲਈ ਵਾਪਰਿਆ: “ਉਸ ਦੀ ਕੋਈ ਹੱਡੀ ਨਹੀਂ ਤੋੜੀ ਜਾਵੇਗੀ।”[a]
**37**ਅਤੇ ਦੂਜੀ ਪੋਥੀ ਆਖਦੀ ਹੈ, “ਲੋਕ ਉਸ ਵੱਲ ਵੇਖਣਗੇ ਜਿਸ
ਨੂੰ ਉਨ੍ਹਾਂ ਨੇ ਤਲਵਾਰ ਨਾਲ ਵਿੰਨ੍ਹਿਆ ਸੀ।”[b]

## ਯਿਸੂ ਨੂੰ ਦਫ਼ਨਾਉਣਾ

*(ਮੱਤੀ 27:57–61; ਮਰਕੁਸ 15:42–47;
ਲੂਕਾ 23:50–56)*

**38**ਇਸ ਤੋਂ ਬਾਅਦ ਅਰਿਮਥੇਆ ਦੇ ਯੂਸੁਫ਼ ਨੇ ਪਿਲਾਤੁਸ ਅੱਗੇ ਯਿਸੂ
ਦੀ ਲੋਥ ਨੂੰ ਲੈ ਜਾਣ ਲਈ ਬੇਨਤੀ ਕੀਤੀ, ਕਿਉਂਕਿ ਯੂਸੁਫ਼ ਯਹੂਦੀਆਂ
ਤੋਂ ਡਰਦਾ ਸੀ ਅਤੇ ਉਹ ਯਿਸੂ ਦਾ ਗੁਪਤ ਚੇਲਾ ਸੀ। ਪਿਲਾਤੁਸ ਨੇ
ਉਸ ਨੂੰ ਯਿਸੂ ਦੀ ਲੋਥ ਨੂੰ ਲੈ ਜਾਣ ਦੀ ਆਗਿਆ ਦੇ ਦਿੱਤੀ। ਤਦ
ਯੂਸੁਫ਼ ਆਇਆ ਅਤੇ ਯਿਸੂ ਦੀ ਲੋਥ ਨੂੰ ਉੱਥੋਂ ਲੈ ਗਿਆ।
**39**ਨਿਕੁਦੇਮੁਸ ਵੀ ਯੂਸੁਫ਼ ਦੇ ਨਾਲ ਗਿਆ। ਨਿਕੁਦੇਮੁਸ ਉਹੀ ਸੀ
ਜਿਹੜਾ ਇੱਕ ਵਾਰ ਰਾਤ ਨੂੰ ਯਿਸੂ ਕੋਲ ਗਿਆ ਸੀ। ਉਹ ਆਪਣੇ
ਨਾਲ ਚੌਂਤੀ ਲੀਟਰ ਦੇ ਕਰੀਬ ਗੰਧਰਸ ਮਿਸ਼੍ਰਿਤ ਊਦ ਲਿਆਇਆ।
**40**ਇਨ੍ਹਾਂ ਦੋਹਾਂ ਵਿਅਕਤੀਆਂ ਨੇ ਯਿਸੂ ਦੀ ਲੋਥ ਚੁੱਕੀ ਅਤੇ
ਯਹੂਦੀਆਂ ਦੇ ਦਫ਼ਨਾਉਣ ਦੇ ਰਿਵਾਜ਼ ਮੁਤਾਬਕ ਸਮਗਰੀ ਮਲ ਕੇ
ਇੱਕ ਪਤਲੇ ਕਤਾਨ ਦੇ ਕੱਪੜੇ ਨਾਲ ਉਸ ਦੀ ਦੇਹ ਨੂੰ ਲਪੇਟਿਆ।
**41**ਜਿਸ ਜਗ੍ਹਾ ਯਿਸੂ ਨੂੰ ਸਲੀਬ ਦਿੱਤਾ ਗਿਆ ਸੀ ਉੱਥੇ ਇੱਕ ਬਾਗ
ਸੀ। ਉੱਥੇ ਇੱਕ ਨਵੀਂ ਕਬਰ ਸੀ ਜਿਸ ਵਿੱਚ ਕਦੇ ਵੀ ਕਿਸੇ ਨੂੰ
ਦਫ਼ਨਾਇਆ ਨਹੀਂ ਗਿਆ ਸੀ। **42**ਇਨ੍ਹਾਂ ਵਿਅਕਤੀਆਂ ਨੇ ਯਿਸੂ
ਨੂੰ ਉਸ ਕਬਰ ਵਿੱਚ ਪਾ ਦਿੱਤਾ ਕਿਉਂਕਿ ਇਹ ਨੇੜੇ ਸੀ ਅਤੇ ਸਬਤ
ਦੇ ਦਿਨ ਲਈ ਤਿਆਰੀ ਦਾ ਦਿਨ ਵੀ ਸੀ।

## ਕੁਝ ਚੇਲਿਆਂ ਵੱਲੋਂ ਯਿਸੂ ਦੀ ਕਬਰ ਨੂੰ ਖਾਲੀ ਵੇਖਣਾ

*(ਮੱਤੀ 28:1–10; ਮਰਕੁਸ 16:1–8; ਲੂਕਾ 24:1–12)*

**20** **1**ਹਫ਼ਤੇ ਦੇ ਪਹਿਲੇ ਦਿਨ ਅਮ੍ਰਿਤ ਵੇਲੇ, ਮਰਿਯਮ
ਮਗਦਲੀਨੀ ਕਬਰ ਕੋਲ ਗਈ ਜਿੱਥੇ ਯਿਸੂ ਦੀ ਦੇਹ ਨੂੰ
ਰੱਖਿਆ ਗਿਆ ਸੀ। ਅਜੇ ਹਨੇਰਾ ਹੀ ਸੀ। ਉਸ ਨੇ ਵੇਖਿਆ ਜਿਸ
ਪੱਥਰ ਨਾਲ ਕਬਰ ਢੱਕੀ ਹੋਈ ਸੀ, ਉਹ ਹਟਿਆ ਹੋਇਆ ਸੀ।
**2**ਤਦ ਉਹ ਸ਼ਮਊਨ ਪਤਰਸ ਅਤੇ ਦੂਜੇ ਚੇਲੇ ਕੋਲ ਜਿਸ ਨੂੰ ਯਿਸੂ
ਪਿਆਰ ਕਰਦਾ ਸੀ, ਦੌੜੀ ਆਈ। ਉਸ ਨੇ ਉਨ੍ਹਾਂ ਨੂੰ ਆਖਿਆ,
“ਉਨ੍ਹਾਂ ਨੇ ਪ੍ਰਭੂ ਨੂੰ ਕਬਰ ਵਿੱਚੋਂ ਕੱਢ ਲਿਆ ਹੈ ਅਤੇ ਅਸੀਂ ਨਹੀਂ
ਜਾਣਦੇ ਕਿ ਉਨ੍ਹਾਂ ਨੇ ਉਸ ਨੂੰ ਕਿੱਥੇ ਰੱਖਿਆ ਹੈ।”
**3**ਤਦ ਪਤਰਸ ਅਤੇ ਦੂਜਾ ਚੇਲਾ ਕਬਰ ਵੱਲ ਹੋ ਤੁਰੇ। **4**ਉਹ ਦੋਵੇਂ
ਭੱਜ ਰਹੇ ਸਨ ਪਰ ਦੂਜਾ ਚੇਲਾ ਪਤਰਸ ਨਾਲੋਂ ਤੇਜ ਭੱਜ ਰਿਹਾ ਸੀ
ਅਤੇ ਕਬਰ ਕੋਲ ਪਹਿਲਾਂ ਪਹੁੰਚ ਗਿਆ। **5**ਉਸ ਨੇ ਝੁਕ ਕੇ ਅੰਦਰ
ਵੇਖਿਆ ਅਤੇ ਉਹ ਮਲਮਲ ਦੇ ਕੱਪੜੇ ਉੱਥੇ ਪਏ ਹੋਏ ਵੇਖੇ, ਪਰ
ਉਹ ਅੰਦਰ ਨਾ ਗਿਆ।
**6**ਤਦ ਸ਼ਮਊਨ ਪਤਰਸ ਵੀ ਉਸ ਦੇ ਮਗਰ ਆ ਪਹੁੰਚਿਆ ਅਤੇ
ਉਹ ਕਬਰ ਦੇ ਅੰਦਰ ਵੜ ਗਿਆ। ਉਸ ਨੇ ਵੀ ਉੱਥੇ ਮਲਮਲ
ਦੇ ਕੱਪੜੇ ਪਏ ਵੇਖੇ। **7**ਉਸ ਨੇ ਉਹ ਕੱਪੜਾ ਵੀ ਵੇਖਿਆ ਜਿਹੜਾ
ਯਿਸੂ ਦੇ ਸਿਰ ਤੇ ਲਪੇਟਿਆ ਹੋਇਆ ਸੀ ਅਤੇ ਉਨ੍ਹਾਂ ਉਹ ਕੱਪੜਾ
ਤਹਿ ਹੋਇਆ ਮਲਮਲ ਦੇ ਕੱਪੜਿਆ ਤੋਂ ਹਟ ਕੇ ਇੱਕ ਪਾਸੇ ਪਿਆ
ਵੇਖਿਆ। **8**ਫਿਰ ਦੂਜਾ ਚੇਲਾ ਵੀ ਅੰਦਰ ਗਿਆ। ਇਹ ਉਹ ਚੇਲਾ
ਸੀ ਜਿਹੜਾ ਕਬਰ ਉੱਤੇ ਪਤਰਸ ਤੋਂ ਪਹਿਲਾਂ ਪੁੰਹਚਿਆ ਸੀ। ਜਦ
ਉਸ ਨੇ ਇਹ ਸਭ ਵਾਪਰਿਆ ਵੇਖਿਆ ਤਾਂ ਉਸ ਨੂੰ ਨਿਹਚਾ ਹੋਈ।
**9**(ਉਹ ਚੇਲੇ ਉਦੋਂ ਤੱਕ ਇਹ ਨਹੀਂ ਸਮਝ ਸਕੇ ਸਨ ਕਿ ਪੋਥੀਆਂ
ਵਿੱਚ ਕੀ ਲਿਖਿਆ ਹੋਇਆ ਸੀ ਕਿ ਯਿਸੂ ਨੂੰ ਮੁਰਦਿਆਂ ਵਿੱਚੋਂ ਜੀ
ਉੱਠਣਾ ਹੈ।)

## ਯਿਸੂ ਦਾ ਮਰਿਯਮ ਮਗਦਲੀਨੀ ਉੱਤੇ ਪਰਗਟ ਹੋਣਾ

*(ਮਰਕੁਸ 16:9–11)*

**10**ਫੇਰ ਚੇਲੇ ਘਰ ਨੂੰ ਵਾਪਸ ਮੁੜੇ। ਮਰਿਯਮ ਅਜੇ ਵੀ ਕਬਰ ਦੇ
ਬਾਹਰ ਖੜ੍ਹੀ ਰੋ ਰਹੀ ਸੀ। **11**ਜਦੋਂ ਉਹ ਰੋ ਰਹੀ ਸੀ ਤਾਂ ਰੋਂਦੀ-ਰੋਂਦੀ

---

[a] ***19:36*** ਹਵਾਲਾ: ਜ਼ਬੂਰ 34:20 ਇਹ ਵਿੱਚਾਰ ਕੂਚ 12:46; ਗਿਣਤੀ 9:12
[b] ***19:37*** ਹਵਾਲਾ: ਜ਼ਕਰਯਾਹ 12:10

ਨੇ ਝੁਕ ਕੇ ਕਬਰ ਅੰਦਰ ਵੇਖਿਆ। 12ਮਰਿਯਮ ਨੇ ਸਫ਼ੇਦ ਲਿਬਾਸ
ਪਾਏ ਹੋਏ ਦੂਤ ਵੇਖੇ, ਉਹ ਉੱਥੇ ਬੈਠੇ ਹੋਏ ਸਨ ਜਿੱਥੇ ਯਿਸੂ ਦਾ ਸਰੀਰ
ਪਿਆ ਸੀ। ਇੱਕ ਦੂਤ ਯਿਸੂ ਦੇ ਸਿਰ ਵਾਲੇ ਪਾਸੇ ਬੈਠਾ ਸੀ ਤੇ ਦੂਜਾ
ਦੂਤ ਉਸ ਦੇ ਪੈਰਾਂ ਵਾਲੇ ਪਾਸੇ ਬੈਠਾ ਹੋਇਆ ਸੀ।
13ਦੂਤਾਂ ਨੇ ਮਰਿਯਮ ਨੂੰ ਪੁੱਛਿਆ, "ਹੇ ਔਰਤ, ਤੂੰ ਰੋ ਕਿਉਂ ਰਹੀ
ਹੈਂ?"
ਮਰਿਯਮ ਨੇ ਉੱਤਰ ਦਿੱਤਾ, "ਉਹ ਮੇਰੇ ਪ੍ਰਭੂ ਦੇ ਸਰੀਰ ਨੂੰ ਲੈ ਗਏ
ਹਨ ਅਤੇ ਮੈਂ ਨਹੀਂ ਜਾਣਦੀ ਕਿ ਉਨ੍ਹਾਂ ਨੇ ਉਸ ਨੂੰ ਕਿੱਥੇ ਰੱਖਿਆ ਹੈ।"
14ਜਦੋਂ ਉਸ ਨੇ ਇਹ ਆਖਿਆ ਅਤੇ ਆਸੇ-ਪਾਸੇ ਮੁੜੀ, ਤਾਂ ਉਸ
ਨੇ ਯਿਸੂ ਨੂੰ ਉੱਥੇ ਖੜ੍ਹਾ ਵੇਖਿਆ। ਪਰ ਉਹ ਇਹ ਨਹੀਂ ਸੀ ਜਾਣਦੀ
ਕਿ ਉਹ ਯਿਸੂ ਸੀ।
15ਯਿਸੂ ਨੇ ਉਸ ਨੂੰ ਕਿਹਾ, "ਹੇ ਔਰਤ, ਤੂੰ ਕਿਉਂ ਰੋ ਰਹੀ ਹੈਂ? ਅਤੇ
ਤੂੰ ਕਿਸ ਨੂੰ ਲੱਭ ਰਹੀ ਹੈਂ?"
ਮਰਿਯਮ ਨੇ ਸੋਚਿਆ ਕਿ ਸ਼ਾਇਦ ਇਹ ਆਦਮੀ ਇਸ ਬਾਗ
ਦਾ ਮਾਲੀ ਹੈ ਅਤੇ ਉਸ ਨੂੰ ਆਖਿਆ, "ਜਨਾਬ, ਜੇ ਤੁਸੀਂ ਉਸ ਨੂੰ ਲੈ
ਗਏ ਹੋ ਤਾਂ ਮੈਨੂੰ ਦੱਸੋ ਕਿ ਤੁਸੀਂ ਉਸ ਨੂੰ ਕਿੱਥੇ ਰੱਖਿਆ ਹੈ, ਤਾਂ ਜੋ ਮੈਂ
ਜਾ ਸਕਾਂ ਅਤੇ ਉਸ ਨੂੰ ਲੈ ਲਵਾਂ।"
16ਯਿਸੂ ਨੇ ਉਸ ਨੂੰ ਆਖਿਆ, "ਮਰਿਯਮ।"
ਮਰਿਯਮ ਮੁੜੀ ਅਤੇ ਯਿਸੂ ਵੱਲ ਤੱਕਿਆ ਅਤੇ ਇਬਰਾਨੀ ਭਾਸ਼ਾ
ਵਿੱਚ ਬੋਲੀ, "*ਰੱਬੋਨੀ*" ਭਾਵ "ਗੁਰੂ।"
17ਯਿਸੂ ਨੇ ਉਸ ਨੂੰ ਆਖਿਆ, "ਮੈਨੂੰ ਨਾ ਛੂਹ! ਅਜੇ ਮੈਂ ਆਪਣੇ
ਪਿਤਾ ਕੋਲ ਨਹੀਂ ਗਿਆ। ਪਰ ਤੂੰ ਮੇਰੇ ਭਰਾਵਾਂ ਕੋਲ ਜਾ ਅਤੇ ਉਨ੍ਹਾਂ
ਨੂੰ ਇਹ ਦੱਸ: 'ਮੈਂ ਵਾਪਸ ਆਪਣੇ ਅਤੇ ਤੁਹਾਡੇ ਪਿਤਾ ਕੋਲ ਜਾ ਰਿਹਾ
ਹਾਂ; ਮੇਰੇ ਪਰਮੇਸ਼ੁਰ ਅਤੇ ਤੁਹਾਡੇ ਪਰਮੇਸ਼ੁਰ ਕੋਲ।'"
18ਮਰਿਯਮ ਮਗਦਲੀਨੀ ਚੇਲਿਆਂ ਕੋਲ ਗਈ ਅਤੇ ਉਨ੍ਹਾਂ ਨੂੰ ਜਾ
ਕੇ ਦੱਸਿਆ, "ਮੈਂ ਪ੍ਰਭੂ ਨੂੰ ਵੇਖਿਆ ਹੈ!" ਅਤੇ ਉਸ ਨੇ ਉਨ੍ਹਾਂ ਨੂੰ ਉਹ
ਗੱਲਾਂ ਵੀ ਦੱਸੀਆਂ ਜੋ ਯਿਸੂ ਨੇ ਉਸ ਨੂੰ ਆਖੀਆਂ ਸਨ।

## ਯਿਸੂ ਦਾ ਆਪਣੇ ਚੇਲਿਆਂ ਉੱਤੇ ਪਰਗਟ ਹੋਣਾ

*(ਮੱਤੀ 28:16–20; ਮਰਕੁਸ 16:14–18; ਲੂਕਾ 24:36–49)*

19ਉਸੇ ਦਿਨ ਦੀ ਸ਼ਾਮ ਹਫ਼ਤੇ ਦੇ ਪਹਿਲੇ ਦਿਨ, ਸਾਰੇ ਚੇਲੇ ਇੱਕਤਰ
ਹੋਏ। ਉਨ੍ਹਾਂ ਨੇ ਸਾਰੇ ਦਰਵਾਜ਼ੇ ਬੰਦ ਕਰ ਲਏ, ਕਿਉਂਕਿ ਉਹ ਯਹੂਦੀਆਂ
ਤੋਂ ਡਰਦੇ ਸਨ। ਤਦ ਯਿਸੂ ਉਨ੍ਹਾਂ ਕੋਲ ਆ ਕੇ ਉਨ੍ਹਾਂ ਸਾਹਮਣੇ ਖੜ੍ਹਾ
ਹੋ ਗਿਆ ਅਤੇ ਆਖਣ ਲੱਗਾ, "ਤੁਹਾਨੂੰ ਸ਼ਾਂਤੀ ਮਿਲੇ।" 20ਜਦੋਂ
ਯਿਸੂ ਨੇ ਇਹ ਆਖਿਆ ਤਾਂ ਆਪਣੇ ਚੇਲਿਆਂ ਨੂੰ ਆਪਣੇ ਹੱਥ ਅਤੇ
ਆਪਣੀ ਵੱਖੀ ਵਿਖਾਈ। ਚੇਲੇ ਪ੍ਰਭੂ ਨੂੰ ਵੇਖ ਕੇ ਬੜੇ ਪ੍ਰਸੰਨ ਹੋਏ।
21ਤਦ ਯਿਸੂ ਨੇ ਮੁੜ ਕਿਹਾ, "ਤੁਹਾਨੂੰ ਸ਼ਾਂਤੀ ਮਿਲੇ! ਜਿਵੇਂ ਪਿਤਾ
ਨੇ ਮੈਨੂੰ ਘੱਲਿਆ ਹੈ ਤਿਵੇਂ ਮੈਂ ਵੀ ਤੁਹਾਨੂੰ ਘੱਲਦਾ ਹਾਂ।" 22ਯਿਸੂ
ਨੇ ਇਹ ਆਖ ਕੇ ਆਪਣੇ ਚੇਲਿਆਂ ਉੱਪਰ ਫੂਕ ਮਾਰੀ। ਯਿਸੂ ਨੇ
ਆਖਿਆ, "ਪਵਿੱਤਰ ਆਤਮਾ ਪ੍ਰਾਪਤ ਕਰੋ। 23ਜਦੋਂ ਤੁਸੀਂ ਲੋਕਾਂ
ਦੇ ਪਾਪ ਮਾਫ਼ ਕਰੋ ਤਾਂ ਉਨ੍ਹਾਂ ਦੇ ਪਾਪ ਮਾਫ਼ ਕੀਤੇ ਜਾਣਗੇ, ਤੇ ਜੇ
ਤੁਸੀਂ ਉਨ੍ਹਾਂ ਦੇ ਪਾਪਾਂ ਨੂੰ ਨਹੀਂ ਬਖਸ਼ੋਗੇ ਤਾਂ ਉਨ੍ਹਾਂ ਦੇ ਪਾਪ ਬਖਸ਼ੇ
ਨਹੀਂ ਜਾਣਗੇ।"

## ਯਿਸੂ ਦਾ ਥੋਮਾ ਉੱਤੇ ਪਰਗਟ ਹੋਣਾ

24ਜਦ ਯਿਸੂ ਉਨ੍ਹਾਂ ਕੋਲ ਆਇਆ ਤਾਂ ਥੋਮਾ ਜਿਸ ਨੂੰ ਦੀਦੁਮੁਸ ਵੀ
ਆਖਦੇ ਸਨ, ਉੱਥੇ ਚੇਲਿਆਂ ਵਿੱਚ ਨਹੀਂ ਸੀ। ਥੋਮਾ ਉਨ੍ਹਾਂ ਬਾਰ੍ਹਾਂ ਵਿੱਚੋਂ
ਇੱਕ ਸੀ। 25ਦੂਜੇ ਚੇਲਿਆਂ ਨੇ ਥੋਮਾ ਨੂੰ ਦੱਸਿਆ, "ਅਸੀਂ ਪ੍ਰਭੂ ਦੇ
ਦਰਸ਼ਣ ਕੀਤੇ ਹਨ।" ਥੋਮਾ ਨੇ ਕਿਹਾ, "ਮੈਂ ਉਦੋਂ ਤੱਕ ਯਕੀਨ ਨਹੀਂ
ਕਰਾਂਗਾ ਜਦੋਂ ਤੱਕ ਮੈਂ ਉਸ ਦੇ ਹੱਥਾਂ ਵਿੱਚ ਮੇਖਾਂ ਦੇ ਨਿਸ਼ਾਨ ਅਤੇ
ਛੇਦ ਨਾ ਵੇਖਾਂ ਤੇ ਆਪਣੀ ਉਂਗਲ ਉਨ੍ਹਾਂ ਥਾਵਾਂ ਵਿੱਚ ਪਾ ਕੇ ਨਾ ਵੇਖ
ਲਵਾਂ ਜਿੱਥੇ ਮੇਖਾਂ ਗੱਡੀਆਂ ਗਈਆਂ ਸਨ ਤੇ ਆਪਣਾ ਹੱਥ ਉਸ ਦੀ
ਵੱਖੀ ਤੇ ਨਾ ਰੱਖ ਲਵਾਂ।"
26ਇੱਕ ਹਫ਼ਤੇ ਬਾਅਦ ਚੇਲੇ ਉਸੇ ਘਰ ਵਿੱਚ ਫਿਰ ਇੱਕਤਰ
ਹੋਏ। ਥੋਮਾ ਉਨ੍ਹਾਂ ਦੇ ਨਾਲ ਸੀ। ਦਰਵਾਜ਼ੇ ਬੰਦ ਸਨ ਪਰ ਯਿਸੂ
ਉਨ੍ਹਾਂ ਵਿੱਚ ਫਿਰ ਆਣ ਕੇ ਖੜ੍ਹਾ ਹੋ ਗਿਆ ਅਤੇ ਆਖਿਆ, "ਤੁਹਾਡੇ
ਨਾਲ ਸ਼ਾਂਤੀ ਬਣੀ ਰਹੇ।" 27ਤਦ ਯਿਸੂ ਨੇ ਥੋਮਾ ਨੂੰ ਕਿਹਾ, "ਆਪਣੀ
ਉਂਗਲ ਇੱਥੇ ਰੱਖ, ਅਤੇ ਮੇਰੇ ਹੱਥਾਂ ਵੱਲ ਵੇਖ। ਆਪਣਾ ਹੱਥ ਮੇਰੀ
ਵੱਖੀ ਤੇ ਰੱਖ। ਸ਼ੱਕ ਨਾ ਕਰ, ਸਗੋਂ ਵਿਸ਼ਵਾਸ ਕਰ।"
28ਥੋਮਾ ਨੇ ਯਿਸੂ ਨੂੰ ਆਖਿਆ, "ਮੇਰੇ ਪ੍ਰਭੂ ਅਤੇ ਮੇਰੇ ਪਰਮੇਸ਼ੁਰ!"
29ਯਿਸੂ ਨੇ ਥੋਮਾ ਨੂੰ ਕਿਹਾ, "ਤੂੰ ਜੋ ਮੈਨੂੰ ਵੇਖਿਆ ਇਸ ਕਰਕੇ
ਪਰਤੀਤ ਕੀਤੀ ਹੈ। ਧੰਨ ਉਹ ਜਿਨ੍ਹਾਂ ਨੇ ਨਹੀਂ ਵੀ ਵੇਖਿਆ, ਫਿਰ
ਵੀ ਪਰਤੀਤ ਕੀਤੀ!"

## ਯੂਹੰਨਾ ਨੇ ਇਹ ਪੁਸਤਕ ਕਿਉਂ ਲਿਖੀ

30ਯਿਸੂ ਨੇ ਹੋਰ ਵੀ ਕਈ ਕਰਿਸ਼ਮੇ ਕੀਤੇ ਜਿਹੜੇ ਉਸ ਦੇ ਚੇਲਿਆਂ
ਨੇ ਵੇਖੇ। ਉਹ ਕਰਿਸ਼ਮੇ ਇਸ ਪੁਸਤਕ ਵਿੱਚ ਨਹੀਂ ਲਿਖੇ ਗਏ ਹਨ।
31ਇਹ ਗੱਲਾਂ ਇਸ ਲਈ ਲਿਖੀਆਂ ਗਈਆਂ ਹਨ ਤਾਂ ਜੋ ਤੁਸੀਂ
ਵਿਸ਼ਵਾਸ ਕਰ ਸਕੋ ਕਿ ਯਿਸੂ ਹੀ ਮਸੀਹ ਅਤੇ ਪਰਮੇਸ਼ੁਰ ਦਾ ਪੁੱਤਰ
ਹੈ, ਅਤੇ ਵਿਸ਼ਵਾਸ ਕਰਕੇ, ਉਸ ਦੇ ਨਾਂ ਰਾਹੀਂ ਤੁਸੀਂ ਜੀਵਨ ਖੱਟ
ਸਕੋ।

## ਯਿਸੂ ਦਾ ਸੱਤ ਚੇਲਿਆਂ ਉੱਤੇ ਪਰਗਟ ਹੋਣਾ

**21** 1ਇਸ ਤੋਂ ਬਾਅਦ ਯਿਸੂ ਨੇ ਆਪਣੇ ਆਪ ਨੂੰ ਚੇਲਿਆਂ
ਉੱਤੇ ਪਰਗਟ ਕੀਤਾ। ਇਹ ਤਿਬਿਰਿਯਾਸ ਦੀ ਝੀਲ ਤੇ
ਵਾਪਰਿਆ। 2ਕੁਝ ਚੇਲੇ ਉੱਥੇ ਇੱਕਤਰ ਸਨ, ਅਰਥਾਤ ਸ਼ਮਊਨ
ਪਤਰਸ, ਥੋਮਾ ਜਿਹੜਾ ਕਿ ਦੀਦੁਮੁਸ ਕਹਾਉਂਦਾ ਹੈ, ਨਥਾਨਿਏਲ ਜੋ
ਗਲੀਲ ਦੇ ਕਾਨਾ ਤੋਂ ਸੀ, ਜ਼ਬਦੀ ਦੇ ਪੁੱਤਰ ਅਤੇ ਉਸ ਦੇ ਚੇਲਿਆਂ
ਵਿੱਚੋਂ ਦੋ ਹੋਰ। 3ਸ਼ਮਊਨ ਪਤਰਸ ਨੇ ਕਿਹਾ, "ਮੈਂ ਮੱਛੀਆਂ ਫੜਨ
ਜਾਂਦਾ ਹਾਂ।"
ਦੂਜੇ ਚੇਲਿਆਂ ਨੇ ਕਿਹਾ, "ਅਸੀਂ ਵੀ ਤੇਰੇ ਨਾਲ ਚੱਲਦੇ ਹਾਂ।"
ਤਦ ਸਾਰੇ ਚੇਲੇ ਗਏ ਅਤੇ ਬੇੜੀ ਵਿੱਚ ਚੜ੍ਹ ਗਏ। ਉਨ੍ਹਾਂ ਉਸ ਰਾਤ
ਮੱਛੀਆਂ ਫੜਨ ਦੀ ਬਹੁਤ ਕੋਸ਼ਿਸ਼ ਕੀਤੀ ਪਰ ਉਹ ਕੋਈ ਮੱਛੀ
ਨਾ ਫੜ ਸਕੇ।
4ਅਗਲੀ ਸਵੇਰ ਯਿਸੂ ਕਿਨਾਰੇ ਤੇ ਖਲੋਤਾ ਸੀ ਪਰ ਚੇਲਿਆਂ
ਨੂੰ ਨਹੀਂ ਪਤਾ ਸੀ ਕਿ ਉਹ ਯਿਸੂ ਸੀ। 5ਤਦ ਯਿਸੂ ਨੇ ਚੇਲਿਆਂ ਨੂੰ
ਕਿਹਾ, "ਮਿੱਤਰੋ, ਕੀ ਤੁਸੀਂ ਮੱਛੀਆਂ ਫੜੀਆਂ?"
ਚੇਲਿਆਂ ਨੇ ਆਖਿਆ, "ਨਹੀਂ।"
6ਯਿਸੂ ਨੇ ਉਨ੍ਹਾਂ ਨੂੰ ਕਿਹਾ, "ਆਪਣਾ ਜਾਲ ਬੇੜੀ ਦੇ ਸੱਜੇ ਪਾਸੇ
ਪਾਣੀ ਵਿੱਚ ਸੁੱਟੋ, ਉੱਥੇ ਤੁਹਾਨੂੰ ਕੁਝ ਮੱਛੀਆਂ ਮਿਲਣਗੀਆਂ।" ਤਦ
ਚੇਲਿਆਂ ਨੇ ਇੰਝ ਹੀ ਕੀਤਾ ਅਤੇ ਉਨ੍ਹਾਂ ਨੂੰ ਉੱਥੇ ਇੰਨੀਆਂ ਮੱਛੀਆਂ
ਮਿਲੀਆਂ ਕਿ ਜਾਲ ਬਹੁਤ ਭਾਰਾ ਹੋ ਗਿਆ ਅਤੇ ਉਹ ਇਸ ਨੂੰ ਬੇੜੀ
ਵੱਲ ਖਿੱਚਣ ਵਿੱਚ ਅਸਮਰਥ ਸਨ।
7ਉਹ ਚੇਲਾ ਜਿਸ ਨੂੰ ਯਿਸੂ ਪਿਆਰ ਕਰਦਾ ਸੀ ਉਸ ਨੇ ਪਤਰਸ

ਨੂੰ ਕਿਹਾ, "ਇਹ ਤਾਂ ਪ੍ਰਭੂ ਹੈ!" ਜਦ ਪਤਰਸ ਨੇ ਉਸ ਨੂੰ ਇਹ
ਕਹਿੰਦਿਆਂ ਸੁਣਿਆ, “ਉਹ ਪ੍ਰਭੂ ਹੈ” ਤਾਂ ਉਸ ਨੇ ਆਪਣਾ ਕੱਪੜਾ
ਆਪਣੇ ਆਲੇ-ਦੁਆਲੇ ਲਪੇਟ ਲਿਆ ਅਤੇ ਪਾਣੀ ਵਿੱਚ ਛਾਲ ਮਾਰ
ਦਿੱਤੀ। (ਇਸ ਤੋਂ ਪਹਿਲਾਂ ਮੱਛੀਆਂ ਫੜਦੇ ਹੋਏ ਉਸ ਨੇ ਆਪਣੇ
ਕੱਪੜੇ ਲਾਹੇ ਹੋਏ ਸਨ।) **8**ਦੂਜੇ ਚੇਲੇ ਬੇੜੀ ਵਿੱਚ ਨਦੀ ਦੇ ਕੰਢੇ ਵੱਲ
ਨੂੰ ਚਲੇ ਗਏ ਅਤੇ ਮੱਛੀਆਂ ਦਾ ਭਰਿਆ ਹੋਇਆ ਜਾਲ ਖਿੱਚਨ
ਲੱਗੇ। ਉਹ ਕਿਨਾਰੇ ਤੋਂ ਕੋਈ ਸੌ ਕੁ ਗਜ਼ ਦੀ ਦੂਰੀ ਤੇ ਸਨ। **9**ਜਦੋਂ
ਚੇਲੇ ਪਾਣੀ ਵਿੱਚੋਂ ਬਾਹਰ ਆਏ ਅਤੇ ਜ਼ਮੀਨ ਤੇ ਪਹੁੰਚੇ ਤਾਂ ਉਨ੍ਹਾਂ ਨੇ
ਉੱਥੇ ਅੱਗ ਵੇਖੀ। ਉਸ ਅੱਗ ਉੱਤੇ ਇੱਕ ਮੱਛੀ ਅਤੇ ਰੋਟੀ ਪਈ ਹੋਈ
ਸੀ। **10**ਯਿਸੂ ਨੇ ਆਖਿਆ “ਉਨ੍ਹਾਂ ਮੱਛੀਆਂ ਵਿੱਚੋਂ ਕੁਝ ਲਿਆਓ
ਜਿਹੜੀਆਂ ਤੁਸੀਂ ਹੁਣੇ ਫੜੀਆਂ ਹਨ।”

**11**ਸ਼ਮਊਨ ਪਤਰਸ ਬੇੜੀ ਵਿੱਚ ਗਿਆ ਅਤੇ ਜਾਲ ਨੂੰ ਕਿਨਾਰੇ
ਤੇ ਖਿੱਚ ਲਿਆਇਆ। ਇਹ ਇੱਕ ਸੌ ਤਰਵਿੰਜਾ ਵੱਡੀਆਂ ਮੱਛੀਆਂ
ਨਾਲ ਭਰਿਆ ਹੋਇਆ ਸੀ। ਭਾਵੇਂ ਮੱਛੀਆਂ ਬੜੀਆਂ ਭਾਰੀਆਂ ਸਨ
ਪਰ ਜਾਲ ਤਾਂ ਵੀ ਨਾ ਟੁੱਟਿਆ। **12**ਯਿਸੂ ਨੇ ਉਨ੍ਹਾਂ ਨੂੰ ਆਖਿਆ,
“ਆਓ ਅਤੇ ਆ ਕੇ ਖਾਓ।” ਕਿਸੇ ਚੇਲੇ ਵਿੱਚ ਉਸ ਨੂੰ ਇਹ ਪੁੱਛਣ
ਦਾ ਹੌਸਲਾ ਨਹੀਂ ਸੀ ਕਿ ਉਹ ਕੌਣ ਹੈ। ਉਹ ਜਾਣਦੇ ਸਨ ਕਿ ਇਹ
ਪ੍ਰਭੂ ਹੀ ਸੀ। **13**ਯਿਸੂ ਆਇਆ, ਰੋਟੀ ਲਈ ਅਤੇ ਉਨ੍ਹਾਂ ਨੂੰ ਦਿੱਤੀ।
ਇੰਝ ਹੀ ਉਸ ਨੇ ਮੱਛੀ ਵੀ ਲਈ ਅਤੇ ਉਨ੍ਹਾਂ ਨੂੰ ਦਿੱਤੀ।

**14**ਮੁਰਦਿਆਂ ਵਿੱਚੋਂ ਜੀ ਉੱਠਣ ਤੋਂ ਬਾਅਦ ਇਹ ਤੀਜੀ ਵਾਰ ਸੀ
ਕਿ ਯਿਸੂ ਚੇਲਿਆਂ ਉੱਤੇ ਪਰਗਟ ਹੋਇਆ ਸੀ।

### ਯਿਸੂ ਦਾ ਪਤਰਸ ਨਾਲ ਗੱਲ ਕਰਨਾ

**15**ਉਨ੍ਹਾਂ ਦੇ ਖਾ ਹਟਣ ਤੋਂ ਬਾਅਦ ਯਿਸੂ ਨੇ ਸ਼ਮਊਨ ਪਤਰਸ ਨੂੰ
ਆਖਿਆ, “ਸ਼ਮਊਨ, ਯੂਹੰਨਾ ਦੇ ਪੁੱਤਰ, ਕੀ ਜਿੰਨਾ ਪਿਆਰ ਇਹ
ਲੋਕ ਮੈਨੂੰ ਕਰਦੇ ਹਨ ਤੂੰ ਮੈਨੂੰ ਇਨ੍ਹਾਂ ਲੋਕਾਂ ਨਾਲੋਂ ਵੱਧ ਪਿਆਰ ਕਰਦਾ
ਹੈਂ?”

ਪਤਰਸ ਨੇ ਕਿਹਾ, “ਹਾਂ ਪ੍ਰਭੂ ਜੀ, ਤੂੰ ਜਾਣਦਾ ਹੈਂ ਕਿ ਮੈਂ ਤੈਨੂੰ
ਪਿਆਰ ਕਰਦਾ ਹਾਂ।”

ਤਦ ਯਿਸੂ ਨੇ ਪਤਰਸ ਨੂੰ ਕਿਹਾ, “ਮੇਰੇ ਲੇਲੇ[a] ਚਾਰ।”

**16**ਯਿਸੂ ਨੇ ਫੇਰ ਪਤਰਸ ਨੂੰ ਆਖਿਆ, “ਹੇ ਸ਼ਮਊਨ, ਯੂਹੰਨਾ ਦੇ
ਪੁੱਤਰ, ਕੀ ਤੂੰ ਮੈਨੂੰ ਪਿਆਰ ਕਰਦਾ ਹੈਂ?”

ਪਤਰਸ ਨੇ ਕਿਹਾ, “ਹਾਂ ਪ੍ਰਭੂ, ਤੂੰ ਜਾਣਦਾ ਹੈਂ ਕਿ ਮੈਂ ਤੈਨੂੰ ਪਿਆਰ
ਕਰਦਾ ਹਾਂ।”

ਤਦ ਯਿਸੂ ਨੇ ਪਤਰਸ ਨੂੰ ਆਖਿਆ, “ਮੇਰੀਆਂ ਭੇਡਾਂ ਦੀ ਰੱਖਿਆ
ਕਰ।”

**17**ਤੀਜੀ ਵਾਰ ਯਿਸੂ ਨੇ ਫਿਰ ਪਤਰਸ ਨੂੰ ਆਖਿਆ, “ਸ਼ਮਊਨ,
ਯੂਹੰਨਾ ਦੇ ਪੁੱਤਰ, ਕੀ ਤੂੰ ਮੈਨੂੰ ਪਿਆਰ ਕਰਦਾ ਹੈਂ?”

ਪਤਰਸ ਉਦਾਸ ਹੋ ਗਿਆ ਕਿਉਂਕਿ ਯਿਸੂ ਨੇ ਤੀਜੀ ਵਾਰ ਉਸ
ਨੂੰ ਪੁੱਛਿਆ ਕਿ, “ਕੀ ਤੂੰ ਮੇਰੇ ਨਾਲ ਪਿਆਰ ਕਰਦਾ ਹੈਂ।” ਪਤਰਸ
ਨੇ ਕਿਹਾ, “ਪ੍ਰਭੂ ਤੂੰ ਸਭ ਜਾਣਦਾ ਹੈਂ ਕਿ ਮੈਂ ਤੇਰੇ ਨਾਲ ਪਿਆਰ
ਕਰਦਾ ਹਾਂ!”

ਯਿਸੂ ਨੇ ਪਤਰਸ ਨੂੰ ਕਿਹਾ, “ਮੇਰੀਆਂ ਭੇਡਾਂ[b] ਚਾਰ। **18**ਮੈਂ ਤੈਨੂੰ
ਸੱਚ ਆਖਦਾ ਹਾਂ ਕਿ ਜਦੋਂ ਤੂੰ ਜਵਾਨ ਸੀ ਤਾਂ ਲੱਕ ਦੁਆਲੇ ਪੇਟੀ ਬੰਨ੍ਹ
ਕੇ ਜਿੱਥੇ ਤੇਰਾ ਜੀ ਕਰਦਾ ਤੁਰ ਜਾਂਦਾ ਸੀ, ਪਰ ਜਦੋਂ ਤੂੰ ਬੁੱਢਾ ਹੋਵੇਂਗਾ
ਤਾਂ ਆਪਣੇ ਹੱਥ ਅੱਗੇ ਵਧਾਵੇਂਗਾ ਅਤੇ ਕੋਈ ਹੋਰ ਵਿਅਕਤੀ ਤੇਰੇ
ਲੱਕ ਦੁਆਲੇ ਕਮਰਕਸ ਬੰਨ੍ਹੇਗਾ ਅਤੇ ਜਿੱਥੇ ਜਾਣ ਨੂੰ ਤੇਰਾ ਜੀ ਨਹੀਂ
ਕਰੇਗਾ ਉਹ ਤੈਨੂੰ ਉੱਥੇ ਲੈ ਜਾਵੇਗਾ।” **19**(ਯਿਸੂ ਨੇ ਉਸ ਨੂੰ ਇਹ
ਸੂਚਿਤ ਕਰਨ ਲਈ ਕਿਹਾ ਕਿ ਪਰਮੇਸ਼ੁਰ ਨੂੰ ਮਹਿਮਾਮਈ ਕਰਨ
ਲਈ ਉਹ ਕਿਸ ਤਰ੍ਹਾਂ ਦੀ ਮੌਤ ਮਰੇਗਾ।) ਅਤੇ ਇਹ ਕਹਿ ਕੇ ਉਸ
ਨੇ ਆਖਿਆ, “ਮੇਰਾ ਅਨੁਸਰਣ ਕਰ।”

**20**ਪਤਰਸ ਆਸੇ-ਪਾਸੇ ਮੁੜਿਆ ਅਤੇ ਵੇਖਿਆ ਕਿ ਉਹ ਚੇਲਾ
ਜਿਸ ਨੂੰ ਯਿਸੂ ਬਹੁਤ ਪਿਆਰ ਕਰਦਾ ਸੀ, ਪਿੱਛੇ ਆ ਰਿਹਾ ਸੀ।
(ਇਹ ਉਹ ਚੇਲਾ ਸੀ ਜਿਸ ਨੇ ਉਸ ਰਾਤ ਦੇ ਖਾਣੇ ਦੇ ਵੇਲੇ ਯਿਸੂ
ਵੱਲ ਝੁਕ ਕੇ ਆਖਿਆ ਸੀ, “ਪ੍ਰਭੂ, ਤੈਨੂੰ ਵੈਰੀਆਂ ਹੱਥ ਕੌਣ
ਫੜਵਾਏਗਾ?”) **21**ਜਦੋਂ ਪਤਰਸ ਨੇ ਉਸ ਚੇਲੇ ਨੂੰ ਆਪਣੇ ਪਿੱਛੋਂ
ਆਉਂਦਿਆਂ ਵੇਖਿਆ ਤਾਂ ਉਸ ਨੇ ਯਿਸੂ ਨੂੰ ਪੁੱਛਿਆ, “ਪ੍ਰਭੂ ਜੀ
ਇਸ ਦੇ ਬਾਰੇ ਤੁਹਾਡਾ ਕੀ ਖਿਆਲ ਹੈ? ਇਸ ਨਾਲ ਕੀ ਬੀਤੇਗੀ!”

**22**ਯਿਸੂ ਨੇ ਉੱਤਰ ਦਿੱਤਾ, “ਜੇ ਮੈਂ ਚਾਹਵਾਂ ਕਿ ਉਹ ਮੇਰੇ ਆਉਣ
ਤੱਕ ਜੀਵੇ ਤਾਂ ਤੈਨੂੰ ਕੀ? ਤੂੰ ਮੇਰੇ ਪਿੱਛੇ ਹੋ ਤੁਰ।”

**23**ਤਾਂ ਇਹ ਗੱਲ ਯਿਸੂ ਦੇ ਚੇਲਿਆਂ ਵਿੱਚ ਫ਼ੈਲ ਗਈ ਅਤੇ ਉਹ
ਆਖ ਰਹੇ ਸਨ ਕਿ ਇਹ ਚੇਲਾ ਨਹੀਂ ਮਰੇਗਾ। ਪਰ ਯਿਸੂ ਨੇ ਇਹ
ਨਹੀਂ ਆਖਿਆ ਸੀ ਕਿ ਉਹ ਨਹੀਂ ਮਰੇਗਾ, ਸਗੋਂ ਅਸਲ ਵਿੱਚ ਇਹ
ਆਖਿਆ ਸੀ, “ਜੇ ਮੈਂ ਚਾਹਵਾਂ ਕਿ ਉਹ ਮੇਰੇ ਆਉਣ ਤੱਕ ਜ਼ਰੂਰ
ਜੀਵੇ ਤਾਂ ਤੁਹਾਨੂੰ ਕੀ?”

**24**ਇਹ ਉਹ ਚੇਲਾ ਹੈ ਜਿਸ ਨੇ ਇਨ੍ਹਾਂ ਗੱਲਾਂ ਦੀ ਗਵਾਹੀ ਦਿੱਤੀ
ਅਤੇ ਇਹ ਗੱਲਾਂ ਲਿਖੀਆਂ, ਅਤੇ ਅਸੀਂ ਜਾਣਦੇ ਹਾਂ ਕਿ ਉਸ ਦੀ
ਪ੍ਰਮਾਣਕਤਾ ਸੱਚੀ ਹੈ।

**25**ਯਿਸੂ ਨੇ ਹੋਰ ਵੀ ਬਹੁਤ ਸਾਰੇ ਕੰਮ ਕੀਤੇ। ਜੇ ਉਹ ਸਾਰੇ ਕੰਮ
ਇੱਕ-ਇੱਕ ਕਰਕੇ ਲਿਖੇ ਜਾਂਦੇ ਤਾਂ ਮੈਂ ਸਮਝਦਾ ਹਾਂ ਕਿ ਐਨੀਆਂ
ਪੁਸਤਕਾਂ ਲਿਖੀਆਂ ਜਾਂਦੀਆਂ ਕਿ ਸਾਰੀ ਦੁਨੀਆ ਵੀ ਇਨ੍ਹਾਂ ਦੇ
ਰੱਖਣ ਲਈ ਕਾਫ਼ੀ ਨਾ ਹੁੰਦੀ।

[a] *21:15* **ਲੇਲੇ** ਇਹ ਸ਼ਬਦ ਯਿਸੂ ਨੇ ਆਪਣੇ ਚੇਲਿਆਂ ਲਈ ਵਰਤਿਆ।

[b] *21:17* **ਭੇਡਾਂ** ਇਹ ਸ਼ਬਦ ਯਿਸੂ ਨੇ ਆਪਣੇ ਚੇਲਿਆਂ ਲਈ ਵਰਤਿਆ।

## ਨੋਟਸ